@Qpatrika @qaumipatrika punjabi instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

ਦਿੱਲੀ, ਹਿਮਾਚਲ, ਹਰਿਯਾਣਾ, ਪੰਜਾਬ, ਉੱਤਰ ਪ੍ਰਦੇਸ਼, ਉੱਤਰਾਖੰਡ ਸੇ ਪ੍ਰਸਾਰਿਤ।

Tuesday, 28 April 2026

Punjabi National Daily

Qaumi Patrika NO.1

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਮੰਗਲਵਾਰ 28 ਅਪ੍ਰੈਲ 2026, 15 ਵੈਸਾਖ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 173, qpatrika@gmail.com ਫੋਨ : 9971359517 www.qaumipatrika.org

## ਭਾਰਤੀ ਰਾਜਦੂਤ ਸਿਬੀ ਜਾਰਜ ਨੇ ਸੰਯੁਕਤ ਰਾਸ਼ਟਰ ਮਹਾਸਭਾ ਦੀ ਪ੍ਰਧਾਨ ਨਾਲ ਕੀਤੀ ਮੁਲਾਕਾਤ

ਵੈੱਬ ਡੈਸਕ 27 ਅਪ੍ਰੈਲ। ਭਾਰਤ ਦੇ ਸੀਨੀਅਰ ਰਾਜਦੂਤ ਸਿਬੀ ਜਾਰਜ ਨੇ ਸੰਯੁਕਤ ਰਾਸ਼ਟਰ ਮਹਾਸਭਾ ਦੀ ਪ੍ਰਧਾਨ ਐਨਾਲੇਨਾ ਬੇਅਰਬੌਕ ਨਾਲ ਇੱਕ ਸਾਰਥਕ ਬੈਠਕ ਕੀਤੀ ਹੈ। ਇਸ ਮੁਲਾਕਾਤ ਦੌਰਾਨ ਅੱਤਵਾਦ ਵਿਰੁੱਧ ਵਿਸ਼ਵਵਿਆਪੀ ਲੜਾਈ ਤੇ ਬਹੁਪੱਖੀਵਾਦ ਸਮੇਤ ਕਈ ਅਹਿਮ ਮੁੱਦਿਆਂ 'ਤੇ ਚਰਚਾ ਕੀਤੀ ਗਈ। ਵਿਦੇਸ਼ ਮੰਤਰਾਲੇ



ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ, ਮੰਤਰਾਲੇ ਦੇ ਸਕੱਤਰ (ਪੱਛਮ) ਸਿਬੀ ਜਾਰਜ ਨੇ ਸ਼ੁੱਕਰਵਾਰ ਨੂੰ ਸੰਯੁਕਤ ਰਾਸ਼ਟਰ ਮਹਾਸਭਾ ਦੇ 80ਵੇਂ ਸੈਸ਼ਨ ਦੀ ਪ੍ਰਧਾਨ ਬੇਅਰਬੌਕ ਨਾਲ ਇਹ ਬੈਠਕ ਕੀਤੀ। ਜ਼ਿਕਰਯੋਗ ਹੈ ਕਿ ਬੇਅਰਬੌਕ ਅਗਲੇ ਹਫ਼ਤੇ ਭਾਰਤ ਦੇ ਦੌਰੇ 'ਤੇ ਆ ਰਹੇ ਹਨ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' ਰਾਹੀਂ ਦੱਸਿਆ ਕਿ ਇਸ ਬੈਠਕ ਵਿੱਚ ਸ਼ਾਂਤੀ ਅਤੇ ਸੁਰੱਖਿਆ, ਵਿਕਾਸ, ਬਹੁਪੱਖੀਵਾਦ ਅਤੇ ਅੱਤਵਾਦ ਵਿਰੁੱਧ ਗਲੋਬਲ ਯਤਨਾਂ ਵਰਗੇ ਮੁੱਦਿਆਂ 'ਤੇ ਗੰਭੀਰ ਵਿਚਾਰ-ਵਟਾਂਦਰਾ ਹੋਇਆ। ਸੰਯੁਕਤ ਰਾਸ਼ਟਰ ਮਹਾਸਭਾ ਦੇ ਬੁਲਾਰੇ ਐੱਲ.ਐੱਨ. ਕੋਲਿਨਸ ਅਨੁਸਾਰ, ਬੇਅਰਬੌਕ ਅਗਲੇ ਹਫ਼ਤੇ ਨਵੀਂ ਦਿੱਲੀ ਅਤੇ ਬੀਜਿੰਗ ਦੀ ਅਧਿਕਾਰਤ ਯਾਤਰਾ 'ਤੇ ਜਾਣਗੇ। ਭਾਰਤ ਦੌਰੇ ਦੌਰਾਨ ਉਹ ਵੱਖ-ਵੱਖ ਸਰਕਾਰੀ ਅਧਿਕਾਰੀਆਂ ਨਾਲ ਦੁਵੱਲੀ ਬੈਠਕਾਂ ਕਰਨਗੇ ਅਤੇ ਸੰਯੁਕਤ ਰਾਸ਼ਟਰ ਦੀ 'ਕੰਟਰੀ ਟੀਮ' ਨਾਲ ਵੀ ਮੁਲਾਕਾਤ ਕਰਨਗੇ, ਜਿਸ ਦੀ ਅਗਵਾਈ ਯੂਐੱਨ ਰੈਜ਼ੀਡੈਂਟ ਕੋਆਰਡੀਨੇਟਰ ਸਟੇਫਨ ਪ੍ਰੀਜਨਕਰ ਕਰਨਗੇ। ਇਸ ਤੋਂ ਇਲਾਵਾ, ਸਿਬੀ ਜਾਰਜ ਨੇ ਸੰਯੁਕਤ ਰਾਸ਼ਟਰ ਵਿੱਚ ਅੱਤਵਾਦ ਵਿਰੋਧੀ ਮਾਮਲਿਆਂ ਦੇ ਕਾਰਜਕਾਰੀ ਅਵਰ ਮਹਾਸਕੱਤਰ ਐਲੈਗਜ਼ੈਂਡਰ ਜ਼ੁਏਵ ਨਾਲ ਵੀ ਮੁਲਾਕਾਤ ਕੀਤੀ। ਇਸ ਬੈਠਕ ਵਿੱਚ ਅੱਤਵਾਦ ਦੇ ਖਤਰੇ ਨਾਲ ਨਜਿੱਠਣ ਲਈ ਸੰਯੁਕਤ ਰਾਸ਼ਟਰ ਅੱਤਵਾਦ ਵਿਰੋਧੀ ਦਫਤਰ ਨਾਲ ਭਾਰਤ ਦੇ ਮਜ਼ਬੂਤ ਸਹਿਯੋਗ ਅਤੇ ਸਾਂਝੇਦਾਰੀ 'ਤੇ ਚਰਚਾ ਕੀਤੀ ਗਈ।

# ਬੰਗਾਲ ਦਾ ਮਾਹੌਲ ਭਾਜਪਾ ਦੀ ਜਿੱਤ ਦਾ ਸੰਕੇਤ ਦੇ ਰਿਹੈ, ਸਹੁੰ ਚੁੱਕ ਸਮਾਰੋਹ 'ਚ ਮੁੜ ਆਵਾਂਗਾ : ਪ੍ਰਧਾਨ ਮੰਤਰੀ ਮੋਦੀ

**ਕੌਮੀ ਪਤ੍ਰਿਕਾ**
**ਸਿੰਮੀ ਕੌਰ ਬੱਬਰ**

ਕੋਲਕਾਤਾ 27 ਅਪ੍ਰੈਲ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਨੂੰ ਵਿਸ਼ਵਾਸ ਜਤਾਇਆ ਕਿ ਵਿਧਾਨ ਸਭਾ ਚੋਣਾਂ ਤੋਂ ਬਾਅਦ ਭਾਜਪਾ ਪੱਛਮੀ ਬੰਗਾਲ 'ਚ ਅਗਲੀ ਸਰਕਾਰ ਬਣਾਏਗੀ ਅਤੇ ਚਾਰ ਮਈ ਨੂੰ ਨਤੀਜੇ ਐਲਾਨ ਹੋਣ ਤੋਂ ਬਾਅਦ ਉਹ ਸਹੁੰ ਚੁੱਕ ਸਮਾਰੋਹ ਲਈ ਮੁੜ ਆਉਣਗੇ। ਪ੍ਰਧਾਨ ਮੰਤਰੀ ਮੋਦੀ ਵਿਧਾਨ ਸਭਾ ਚੋਣਾਂ ਦੇ ਦੂਜੇ ਅਤੇ ਅੰਤਿਮ ਪੜਾਅ ਦੇ ਅਧੀਨ ਪ੍ਰਚਾਰ ਦੇ ਆਖਰੀ ਦਿਨ ਉੱਤਰ 24 ਪਰਗਨਾ ਜ਼ਿਲ੍ਹੇ ਦੇ ਬੈਰਕਪੁਰ 'ਚ ਇਕ ਰੈਲੀ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਨੇ ਸੱਤਾਧਾਰੀ ਤ੍ਰਿਣਮੂਲ ਕਾਂਗਰਸ 'ਤੇ ਤਿੱਖਾ ਹਮਲਾ ਕਰਦੇ ਹੋਏ ਉਸ 'ਤੇ 'ਸਿੰਡੀਕੇਟ ਰਾਜ' ਚਲਾਉਣ, ਰਾਜਨੀਤਕ ਹਿੰਸਾ ਕਰਨ ਅਤੇ ਆਰਥਿਕ ਪਿਛੜੇਪਣ ਦਾ ਦੋਸ਼ ਲਗਾਇਆ। ਪੀ.ਐੱਮ. ਮੋਦੀ ਨੇ ਕਿਹਾ,''ਪੱਛਮੀ ਬੰਗਾਲ 'ਚ ਮੈਂ ਜੋ ਮਾਹੌਲ ਮਹਿਸੂਸ ਕੀਤਾ ਹੈ, ਉਸ ਤੋਂ ਮੈਂ ਕਹਿ ਸਕਦਾ ਹਾਂ ਕਿ ਚਾਰ ਮਈ ਤੋਂ ਬਾਅਦ ਭਾਜਪਾ ਸਰਕਾਰ ਦੇ ਸਹੁੰ ਚੁੱਕ ਸਮਾਰੋਹ 'ਚ ਮੈਨੂੰ ਫਿਰ ਤੋਂ ਆਉਣਾ ਹੋਵੇਗਾ।'' ਇਸ 'ਤੇ ਭੀੜ ਨੇ ਜ਼ੋਰਦਾਰ ਤਾੜੀਆਂ ਵਜਾਈਆਂ। ਬੈਰਕਪੁਰ



ਦੇ ਇਤਿਹਾਸਕ ਮਹੱਤਵ ਦਾ ਜ਼ਿਕਰ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸ ਧਰਤੀ ਨੇ 1857 'ਚ ਭਾਰਤ ਦੇ ਪਹਿਲੇ ਆਜ਼ਾਦੀ ਸੰਗ੍ਰਾਮ 'ਚ ਮਹੱਤਵਪੂਰਨ ਭੂਮਿਕਾ ਨਿਭਾਈ ਸੀ ਅਤੇ ਹੁਣ ਇਹ ਪੱਛਮੀ ਬੰਗਾਲ 'ਚ ਰਾਜਨੀਤਕ ਪਰਿਵਰਤਨ ਦਾ ਆਧਾਰ ਤਿਆਰ ਕਰ ਰਹੀ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦੇ ਵਿਕਾਸ ਲਈ ਪੱਛਮੀ ਬੰਗਾਲ ਦੀ ਤਰੱਕੀ ਜ਼ਰੂਰੀ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਪੂਰਬੀ ਖੇਤਰ ਦਾ ਉਦੈ ਦੇਸ਼ ਦੇ ਭਵਿੱਖ ਲਈ ਮਹੱਤਵਪੂਰਨ ਹੈ। ਉਨ੍ਹਾਂ ਕਿਹਾ,''ਪੱਛਮੀ ਬੰਗਾਲ ਦੀ ਸੇਵਾ ਕਰਨਾ, ਉਸ ਨੂੰ ਸੁਰੱਖਿਅਤ ਰੱਖਣਾ ਅਤੇ ਉਸ ਨੂੰ ਬਚਾਉਣਾ ਮੇਰਾ ਕਰਤੱਵ ਹੈ।'' ਗੁਆਂਢੀ ਸੂਬਿਆਂ 'ਚ ਭਾਜਪਾ ਦੀ ਜਿੱਤ ਦਾ ਉਦਾਹਰਣ ਦਿੰਦੇ ਹੋਏ ਮੋਦੀ ਨੇ ਕਿਹਾ,''ਓਡੀਸ਼ਾ ਅਤੇ ਬਿਹਾਰ ਤੋਂ ਬਾਅਦ ਇਸ ਵਾਰ ਪੱਛਮੀ ਬੰਗਾਲ 'ਚ ਵੀ ਕਮਲ ਖਿੜੇਗਾ।'' ਉਨ੍ਹਾਂ ਦੋਸ਼ ਲਗਾਇਆ ਕਿ ਤ੍ਰਿਣਮੂਲ ਕਾਂਗਰਸ ਨੇ ਆਪਣੇ ਮੂਲ ਨਾਅਰੇ 'ਮਾਂ, ਮਾਟੀ, ਮਾਨੁਸ਼' ਨੂੰ ਨਜ਼ਰਅੰਦਾਜ਼ ਕੀਤਾ ਅਤੇ ਸੂਬੇ ਦੇ ਵਿਕਾਸ ਲਈ ਉਸ ਕੋਲ ਕੋਈ ਦ੍ਰਿਸ਼ਟੀਕੋਣ ਨਹੀਂ ਹੈ। ਉਨ੍ਹਾਂ ਕਿਹਾ,''ਤ੍ਰਿਣਮੂਲ ਕੋਲ ਪੱਛਮੀ ਬੰਗਾਲ ਦੇ ਵਿਕਾ ਲਈ ਕੋਈ ਦ੍ਰਿਸ਼ਟੀਕੋਣ ਨਹੀਂ ਹੈ।''

## 6 ਦਿਨਾ ਯਾਤਰਾ ਲਈ ਸ਼ਿਮਲਾ ਪਹੁੰਚੀ ਰਾਸ਼ਟਰਪਤੀ ਦ੍ਰੋਪਦੀ ਮੁਰਮੂ

ਸ਼ਿਮਲਾ 27 ਅਪ੍ਰੈਲ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਹਿਮਾਚਲ ਪ੍ਰਦੇਸ਼ ਦੀ 6 ਦਿਨਾ ਯਾਤਰਾ ਲਈ ਸੋਮਵਾਰ ਨੂੰ ਸ਼ਿਮਲਾ ਪਹੁੰਚੀ। ਯਾਤਰਾ ਦੌਰਾਨ ਉਹ ਅਟਲ ਸੁਰੰਗ ਦਾ ਦੌਰਾ ਕਰੇਗੀ ਅਤੇ ਲੋਕ ਭਵਨ 'ਚ ਆਯੋਜਿਤ ਇਕ ਸਮਾਰੋਹ 'ਚ ਹਿੱਸਾ ਲਵੇਗੀ। ਉਹ ਰਾਜ ਦੀ ਰਾਜਧਾਨੀ ਸ਼ਿਮਲਾ ਤੋਂ ਲਗਭਗ 14 ਕਿਲੋਮੀਟਰ ਦੂਰ ਛਾਰਾਬਰਾ 'ਚ ਕਲਿਆਣੀ ਹੈਲੀਪੈਡ 'ਤੇ ਪਹੁੰਚੀ, ਜਿਸ ਤੋਂ ਬਾਅਦ ਉਨ੍ਹਾਂ ਨੂੰ ਮਸ਼ੋਬਰਾ ਸਥਿਤ ਰਾਸ਼ਟਰਪਤੀ ਨਿਵਾਸ ਲਿਜਾਇਆ ਗਿਆ। ਰਾਜਪਾਲ ਕਵਿੰਦਰ ਗੁਪਤਾ, ਮੁੱਖ ਮੰਤਰੀ ਸੁਖਵਿੰਦਰ ਸੁੱਖੂ ਅਤੇ ਹੋਰ ਦਿੱਗਜ ਵਿਅਕਤੀਆਂ ਨੇ ਰਾਸ਼ਟਰਪਤੀ ਦਾ ਸਵਾਗਤ ਕੀਤਾ। ਮੁਰਮੂ 27 ਅਪ੍ਰੈਲ ਤੋਂ 2 ਮਈ ਤੱਕ ਚੱਲਣ ਵਾਲੀ ਆਪਣੀ ਯਾਤਰਾ ਦੌਰਾਨ ਕਾਂਗੜਾ ਜ਼ਿਲ੍ਹੇ 'ਚ ਪਾਲਮਪੁਰ ਖੇਤੀਬਾੜੀ ਯੂਨੀਵਰਸਿਟੀ ਦਾ ਅਤੇ ਕੁੱਲੂ-ਲਾਹੌਲ ਅਤੇ ਸਪੀਤੀ ਜ਼ਿਲ੍ਹਿਆਂ 'ਚ ਅਟਲ ਸੁਰੰਗ ਦਾ ਦੌਰਾ ਕਰ ਸਕਦੀ ਹੈ। ਅਧਿਕਾਰੀਆਂ ਨੇ ਦੱਸਿਆ ਕਿ ਰਾਸ਼ਟਰਪਤੀ ਦੀ ਯਾਤਰਾ ਦੇ ਮੱਦੇਨਜ਼ਰ ਸ਼ਿਮਲਾ 'ਚ ਲਗਭਗ 1,000 ਪੁਲਸ ਮੁਲਾਜ਼ਮ ਤਾਇਨਾਤ ਕੀਤੇ ਗਏ ਹਨ ਅਤੇ ਸ਼ਹਿਰ ਨੂੰ ਆਵਾਜਾਈ ਦੇ ਹਿਸਾਬ ਨਾਲ ਤਿੰਨ ਸੈਕਟਰਾਂ 'ਚ ਵੰਡਿਆ ਗਿਆ ਹੈ।

## ਦਿੱਲੀ ਦੇ 4 ਨਾਮੀ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਮਿਲੀ ਧਮਕੀ ਨਿਕਲੀ ਫਰਜ਼ੀ

ਨੈਸ਼ਨਲ ਡੈਸਕ 27 ਅਪ੍ਰੈਲ। ਦੇਸ਼ ਦੀ ਰਾਜਧਾਨੀ ਦਿੱਲੀ ਵਿੱਚ ਸੋਮਵਾਰ ਨੂੰ ਉਸ ਸਮੇਂ ਦਹਿਸ਼ਤ ਦਾ ਮਾਹੌਲ ਪੈਦਾ ਹੋ ਗਿਆ, ਜਦੋਂ ਆਰਮੀ ਪਬਲਿਕ ਸਕੂਲ ਦੀਆਂ ਤਿੰਨ ਸ਼ਾਖਾਵਾਂ ਅਤੇ ਇੱਕ CRPF ਸਕੂਲ ਨੂੰ ਈਮੇਲ ਰਾਹੀਂ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲੀਆਂ। ਹਾਲਾਂਕਿ, ਸੁਰੱਖਿਆ ਏਜੰਸੀਆਂ ਵੱਲੋਂ ਕੀਤੀ ਗਈ ਸਖ਼ਤ ਜਾਂਚ ਤੋਂ ਬਾਅਦ ਇਹ ਸਾਰੀਆਂ ਧਮਕੀਆਂ ਫਰਜ਼ੀ ਪਾਈਆਂ ਗਈਆਂ ਹਨ। ਮਿਲੀ ਜਾਣਕਾਰੀ ਅਨੁਸਾਰ, ਦਿੱਲੀ ਕੈਂਟ, ਧੌਲਾ ਕੂਆਂ ਅਤੇ ਸ਼ੰਕਰ ਵਿਹਾਰ ਸਥਿਤ ਆਰਮੀ ਪਬਲਿਕ ਸਕੂਲ ਅਤੇ ਦਵਾਰਕਾ ਸੈਕਟਰ 14 ਸਥਿਤ ਸੀਆਰਪੀਐਫ ਸਕੂਲ ਨੂੰ ਇਹ ਧਮਕੀ ਭਰੇ ਈਮੇਲ ਪ੍ਰਾਪਤ ਹੋਏ ਸਨ। ਦਿੱਲੀ ਅਗਨੀਸ਼ਮਨ ਸੇਵਾ ਦੇ ਅਧਿਕਾਰੀ ਮੁਤਾਬਕ, ਸੂਚਨਾ ਮਿਲਦੇ ਹੀ ਦਮਕਲ ਦੀਆਂ ਗੱਡੀਆਂ ਤੁਰੰਤ ਮੌਕੇ 'ਤੇ ਭੇਜੀਆਂ ਗਈਆਂ ਅਤੇ ਸਥਾਨਕ ਪੁਲਸ ਨਾਲ ਮਿਲ ਕੇ ਤਲਾਸ਼ੀ ਮੁਹਿੰਮ ਚਲਾਈ ਗਈ। ਸੁਰੱਖਿਆ ਦੇ ਮੱਦੇਨਜ਼ਰ ਸਾਰੇ ਮਿਆਰੀ ਪ੍ਰੋਟੋਕੋਲ ਦੀ ਪਾਲਣਾ ਕਰਦਿਆਂ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੂੰ ਤੁਰੰਤ ਸਕੂਲ ਕੰਪਲੈਕਸ ਤੋਂ ਬਾਹਰ ਕੱਢ ਲਿਆ ਗਿਆ। ਜਾਂਚ ਟੀਮਾਂ ਨੇ ਪੂਰੇ ਸਕੂਲ ਕੰਪਲੈਕਸਾਂ ਦੀ ਬਾਰੀਕੀ ਨਾਲ ਜਾਂਚ ਕੀਤੀ, ਪਰ ਕਿਸੇ ਵੀ ਥਾਂ ਤੋਂ ਕੋਈ ਸ਼ੱਕੀ ਵਸਤੂ ਨਹੀਂ ਮਿਲੀ। ਅਧਿਕਾਰੀਆਂ ਨੇ ਪੁਸ਼ਟੀ ਕੀਤੀ ਹੈ ਕਿ ਸਥਿਤੀ ਹੁਣ ਕਾਬੂ ਹੇਠ ਹੈ। ਫਿਲਹਾਲ ਪੁਲਸ ਵੱਲੋਂ ਇਹ ਪਤਾ ਲਗਾਉਣ ਲਈ ਜਾਂਚ ਕੀਤੀ ਜਾ ਰਹੀ ਹੈ ਕਿ ਇਹ ਧਮਕੀ ਭਰੇ ਈਮੇਲ ਕਿਸ ਸਰੋਤ ਤੋਂ ਭੇਜੇ ਗਏ ਸਨ।

# ਦਿੱਲੀ ਦੀ ਮੁੱਖ ਮੰਤਰੀ ਨੇ ਉੱਪ ਰਾਜਪਾਲ ਨਾਲ ਕੀਤੀ ਮੁਲਾਕਾਤ

ਨਵੀਂ ਦਿੱਲੀ 27 ਅਪ੍ਰੈਲ। ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਉੱਪ ਰਾਜਪਾਲ ਤਰਨਜੀਤ ਸਿੰਘ ਸੰਧੂ ਨਾਲ ਸੋਮਵਾਰ ਨੂੰ ਇੱਥੇ ਮੁਲਾਕਾਤ ਕਰ ਕੇ ਰਾਸ਼ਟਰੀ ਰਾਜਧਾਨੀ 'ਚ ਵਿਕਾਸ ਪ੍ਰਾਜੈਕਟਾਂ ਅਤੇ ਪ੍ਰਸ਼ਾਸਨਿਕ ਤਾਲਮੇਲ ਨਾਲ ਜੁੜੇ ਵੱਖ-ਵੱਖ ਵਿਸ਼ਿਆਂ 'ਤੇ ਚਰਚਾ ਕੀਤੀ। ਮੁੱਖ ਮੰਤਰੀ ਨੇ ਸੋਸ਼ਲ ਮੀਡੀਆ ਮੰਚ 'ਐਕਸ' 'ਤੇ ਇਕ ਪੋਸਟ 'ਚ ਉੱਪ ਰਾਜਪਾਲ ਨਾਲ ਹੋਈ ਮੁਲਾਕਾਤ ਨੂੰ 'ਸ਼ਿਸ਼ਟਾਚਾਰ ਭੇਂਟ' ਦੱਸਦੇ ਹੋਏ ਕਿਹਾ ਕਿ ਭਾਜਪਾ ਦੀ ਸਰਕਾਰ ਦਿੱਲੀ ਦੇ ਵਿਕਾਸ ਲਈ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ,''ਅੱਜ ਮਾਨਯੋਗ ਉੱਪਰਾਜਪਾਲ ਸ਼?ਰੀ ਤਰਨਜੀਤ ਸਿੰਘ ਸੰਧੂ ਜੀ ਨਾਲ ਮੁਲਾਕਾਤ ਕੀਤੀ। ਦਿੱਲੀ 'ਚ ਚੱਲ ਰਹੇ ਵਿਕਾਸ ਪ੍ਰਾਜੈਕਟਾਂ, ਜਨਹਿੱਤ ਕੰਮਾਂ ਅਤੇ ਪ੍ਰਸ਼ਾਸਨਿਕ ਤਾਲਮੇਲ ਨਾਲ ਜੁੜੇ ਵੱਖ-ਵੱਖ ਵਿਸ਼ਿਆਂ 'ਤੇ ਸਾਰਥਕ ਚਰਚਾ ਹੋਈ।'' ਗੁਪਤਾ ਨੇ ਕਿਹਾ ਕਿ ਸਰਕਾਰ ਦਿੱਲੀ ਦੇ ਵਿਕਾਸ, ਬਿਹਤਰ ਨਾਗਰਿਕ ਸਹੂਲਤਾਂ ਅਤੇ ਤਰੱਕੀ ਕੰਮਾਂ ਨੂੰ ਤੇਜ਼ ਗਤੀ ਨਾਲ ਅੱਗੇ ਵਧਾਉਣ ਲਈ ਲਗਾਤਾਰ ਤਾਲਮੇਲ ਅਤੇ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਉੱਪ ਰਾਜਪਾਲ ਦਫ਼ਤਰ ਨੇ 'ਐਕਸ' 'ਤੇ ਆਪਣੇ ਅਧਿਕਾਰਤ ਪੇਜ਼ 'ਤੇ ਇਕ ਪੋਸਟ 'ਚ ਰੇਖਾ ਗੁਪਤਾ ਦੀ ਸੰਧੂ ਨਾਲ ਮੁਲਾਕਾਤ ਦੀਆਂ ਤਸਵੀਰਾਂ ਪੋਸਟ ਕਰਦੇ ਹੋਏ ਲਿਖਿਆ ਕਿ ਮੁੱਖ ਮੰਤਰੀ ਨੇ ਲੋਕ ਨਿਵਾਸ 'ਚ ਉੱਪ ਰਾਜਪਾਲ ਨਾਲ ਕੀਤੀ ਮੁਲਾਕਾਤ।



# ਉੱਨਤ ਡੀਸਿਲਟਿੰਗ ਮਸ਼ੀਨਾਂ, ਪੰਜਾਬ ਭਰ ਵਿੱਚ ਹੜ੍ਹਾਂ ਦੀ ਰੋਕਥਾਮ, ਜਾਨ-ਮਾਲ ਅਤੇ ਫ਼ਸਲਾਂ ਦੀ ਰਾਖੀ ਲਈ ਵਧੇਰੇ ਲਾਹੇਵੰਦ ਸਿੱਧ ਹੋਣਗੀਆਂ: ਮੁੱਖ ਮੰਤਰੀ ਮਾਨ

**ਕੌਮੀ ਪਤ੍ਰਿਕਾ**
**ਨਵਦੀਪ ਸਿੰਘ ਸਾਹਨੀ**

ਚੰਡੀਗੜ੍ਹ, 27 ਅਪ੍ਰੈਲ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਹੜ੍ਹ ਸੁਰੱਖਿਆ ਪ੍ਰਬੰਧਾਂ ਸਮੀਖਿਆ ਕਰਦਿਆਂ ਪੰਜਾਬ ਦੇ ਹੜ੍ਹ ਰੋਕਥਾਮ ਅਤੇ ਰਾਹਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਉੱਨਤ ਐਂਫੀਬੀਅਸ ਮਸ਼ੀਨਾਂ (ਪਾਣੀ ਵਿੱਚ ਅਤੇ ਧਰਤੀ 'ਤੇ ਚੱਲਣ ਵਾਲੀਆਂ ਮਸ਼ੀਨਾਂ) ਦੀ ਖਰੀਦ ਨੂੰ ਮਨਜ਼ੂਰੀ ਦਿੱਤੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਮਾਨਸੂਨ ਸੀਜ਼ਨ ਤੋਂ ਪਹਿਲਾਂ ਹੜ੍ਹਾਂ ਜਾਂ ਭਾਰੀ ਮੀਂਹ ਕਰਕੇ ਹੁੰਦੇ ਨੁਕਸਾਨ ਨੂੰ ਘੱਟ ਤੋਂ ਘੱਟ ਕਰਨ ਅਤੇ ਜਾਨ-ਮਾਲ ਦੀ ਰਾਖੀ ਲਈ ਸਰਗਰਮੀ ਨਾਲ ਕੰਮ ਕਰ ਰਹੀ ਹੈ। ਉੱਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੜ੍ਹ ਰਾਹਤ ਕਾਰਜਾਂ ਨੂੰ ਸੁਚਾਰੂ ਅਤੇ ਮੁਸ਼ਕਲ ਰਹਿਤ ਢੰਗ ਨਾਲ ਚਲਾਉਣ ਲਈ ਪੰਜਾਬ ਸਰਕਾਰ ਵੱਲੋਂ ਨਹਿਰਾਂ ਅਤੇ ਨਾਲਿਆਂ (ਡਰੇਨਾਂ) ਦੀ ਸਫਾਈ ਵਾਸਤੇ ਐਂਫੀਬੀਅਸ ਮਸ਼ੀਨਾਂ ਖਰੀਦਣ ਦੀ ਸਹਿਮਤੀ ਦਿੱਤੀ ਗਈ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਮਸ਼ੀਨਾਂ ਵਗਦੇ ਪਾਣੀ ਵਿੱਚ ਵੀ ਕੰਮ ਕਰਨ ਅਤੇ ਡੂੰਘਾਈ ਨਾਲ ਸਫ਼ਾਈ ਦੇ ਸਮਰੱਥ ਹਨ, ਜੋ ਇਨ੍ਹਾਂ ਮਸ਼ੀਨਾਂ ਨੂੰ ਰੋਕਥਾਮ ਉਪਾਵਾਂ ਅਤੇ ਐਮਰਜੈਂਸੀ ਕਾਰਵਾਈ ਲਈ ਮਹੱਤਵਪੂਰਨ ਬਣਾਉਂਦਾ ਹੈ। ਉਨ੍ਹਾਂ ਕਿਹਾ ਕਿ ਇਹ ਬਹੁ-ਮੰਤਵੀ ਮਸ਼ੀਨਾਂ ਡੂੰਘਾਈ ਨਾਲ ਸਫ਼ਾਈ ਕਰ ਸਕਦੀਆਂ ਹਨ ਜਿਸ ਲਈ ਸੰਭਾਵਿਤ ਅਤੇ ਐਮਰਜੈਂਸੀ ਹਾਲਾਤਾਂ ਵਿੱਚ ਹੜ੍ਹ ਰਾਹਤ ਕਾਰਜਾਂ ਵਾਸਤੇ ਸਾਡੇ ਕੋਲ ਇਹ ਮਸ਼ੀਨਾਂ ਹੋਣਾ ਸਮੇਂ ਦੀ ਲੋੜ ਹੈ। ਉਨ੍ਹਾਂ ਨੇ ਵਿਭਾਗ ਨੂੰ ਇਨ੍ਹਾਂ ਮਸ਼ੀਨਾਂ ਦੀ ਖਰੀਦ ਲਈ ਵਿਸਤ੍ਰਿਤ ਰੂਪਰੇਖਾ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਹਨ। ਆਲਮੀ ਪੱਧਰ 'ਤੇ ਬਿਹਤਰ ਅਭਿਆਸਾਂ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੈਂ ਹਾਲ ਹੀ ਵਿੱਚ ਫਿਨਲੈਂਡ ਦੀ ਆਪਣੀ ਫੇਰੀ ਦੌਰਾਨ ਇਸ ਮਸ਼ੀਨ ਨੂੰ ਕੰਮ ਕਰਦੇ ਦੇਖਿਆ ਸੀ, ਜਿੱਥੇ ਇਨ੍ਹਾਂ ਬਹੁ-ਮੰਤਵੀ ਮਸ਼ੀਨਾਂ ਦੀ ਪੂਰੇ ਢੁਕਵੇਂ ਤਰੀਕੇ ਨਾਲ ਵਰਤੋਂ ਕੀਤੀ ਜਾਂਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਮਸ਼ੀਨਾਂ ਨੂੰ ਹੜ੍ਹ ਸੁਰੱਖਿਆ ਕਾਰਜਾਂ ਦੇ ਨਾਲ-ਨਾਲ ਨਹਿਰਾਂ, ਨਾਲਿਆਂ, ਛੱਪੜਾਂ ਅਤੇ ਹੋਰ ਜਲ ਸਰੋਤਾਂ ਦੀ ਦੇਖਭਾਲ ਅਤੇ ਸਫ਼ਾਈ ਲਈ ਪ੍ਰਭਾਵਸ਼ਾਲੀ ਢੰਗ ਨਾਲ ਵਰਤੋਂ ਵਿੱਚ ਲਿਆਂਦਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਇਨ੍ਹਾਂ ਮਸ਼ੀਨਾਂ ਦੀ ਖ਼ਰੀਦ ਨਾਲ ਹੜ੍ਹਾਂ ਦੇ ਕਹਿਰ ਕਾਰਨ ਲੋਕਾਂ ਨੂੰ



ਆਉਂਦੀਆਂ ਮੁਸ਼ਕਲਾਂ ਨੂੰ ਘਟਾਉਣ ਵਿੱਚ ਵਧੇਰੇ ਮਦਦਗਾਰ ਸਾਬਤ ਹੋਵੇਗੀ। ਪਾਣੀ ਦੇ ਪ੍ਰਬੰਧਨ ਸਬੰਧੀ ਚਿੰਤਾਵਾਂ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਭਾਖੜਾ ਡੈਮ ਵਿੱਚ ਪਾਣੀ ਦਾ ਵੱਧ ਤੋਂ ਵੱਧ ਪੱਧਰ 1680 ਫੁੱਟ ਹੈ ਅਤੇ 26 ਅਪ੍ਰੈਲ ਨੂੰ ਇਹ 1594 ਫੁੱਟ ਦਰਜ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ 1 ਜੂਨ ਤੋਂ ਸ਼ੁਰੂ ਹੋਣ ਵਾਲੀ ਝੋਨੇ ਦੀ ਬਿਜਾਈ ਦੇ ਮੱਦੇਨਜ਼ਰ ਅਗਾਮੀ ਮਾਨਸੂਨ ਨੂੰ ਧਿਆਨ ਵਿੱਚ ਰੱਖਦਿਆਂ ਸੁਚੱਜੇ ਢੰਗ ਨਾਲ ਪਾਣੀ ਛੱਡਣ ਦੀ ਯੋਜਨਾ ਉਲੀਕੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ, ਸੂਬੇ ਵਿੱਚ 1 ਜੂਨ ਤੋਂ ਝੋਨੇ ਦੀ ਬਿਜਾਈ ਸ਼ੁਰੂ ਕੀਤੀ ਜਾ ਰਹੀ ਹੈ, ਇਸ ਲਈ ਅਗਾਮੀ ਮਾਨਸੂਨ ਸੀਜ਼ਨ ਨੂੰ ਧਿਆਨ ਵਿੱਚ ਰੱਖਦਿਆਂ ਭਾਖੜਾ ਡੈਮ ਤੋਂ ਵੱਧ ਤੋਂ ਵੱਧ ਪਾਣੀ ਛੱਡਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ, ਸੂਬੇ ਵਿੱਚ ਨਵੇਂ ਖਾਲਿਆਂ ਦੇ ਨਿਰਮਾਣ ਅਤੇ ਪੁਰਾਣਿਆਂ ਖਾਲਿਆਂ ਨੂੰ ਬਹਾਲ ਕਰਨ ਦਾ ਕੰਮ 31 ਮਈ ਤੱਕ ਮੁਕੰਮਲ ਹੋ ਜਾਵੇਗਾ ਜਿਸ ਤੋਂ ਬਾਅਦ ਸਿੰਚਾਈ ਦੇ ਉਦੇਸ਼ਾਂ ਲਈ ਹੋਰ 5000 ਕਿਊਸਿਕ ਪਾਣੀ ਦੀ ਲੋੜ ਹੋਵੇਗੀ। ਚੱਲ ਰਹੇ ਕੰਮਾਂ ਦੀ ਸਮੀਖਿਆ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਲ ਸਰੋਤ ਵਿਭਾਗ ਦੇ ਯਤਨਾਂ 'ਤੇ ਸੰਤੁਸ਼ਟੀ ਪ੍ਰਗਟਾਈ।

Contd...............................page-3

## ਭਾਰਤ ਨੇ ਬੰਗਲਾਦੇਸ਼ 'ਚ ਨਵੇਂ ਹਾਈ ਕਮਿਸ਼ਨਰ ਦਾ ਕੀਤਾ ਐਲਾਨ

ਨੈਸ਼ਨਲ ਡੈਸਕ 27 ਅਪ੍ਰੈਲ। ਭਾਰਤ ਸਰਕਾਰ ਨੇ ਸਾਬਕਾ ਕੇਂਦਰੀ ਮੰਤਰੀ ਅਤੇ ਭਾਜਪਾ ਆਗੂ ਦਿਨੇਸ਼ ਤ੍ਰਿਵੇਦੀ ਨੂੰ ਬੰਗਲਾਦੇਸ਼ ਵਿੱਚ ਭਾਰਤ ਦਾ ਅਗਲਾ ਹਾਈ ਕਮਿਸ਼ਨਰ ਨਿਯੁਕਤ ਕੀਤਾ ਹੈ। ਇਹ ਨਿਯੁਕਤੀ ਅਜਿਹੇ ਸਮੇਂ ਹੋਈ ਹੈ ਜਦੋਂ ਦੋਵਾਂ ਗੁਆਂਢੀ ਦੇਸ਼ਾਂ ਵਿਚਕਾਰ ਵਿਗੜ ਚੁੱਕੇ ਰਿਸ਼ਤਿਆਂ ਨੂੰ ਮੁੜ ਲੀਹ 'ਤੇ ਲਿਆਉਣ ਦੀਆਂ ਕੋਸ਼ਿਸ਼ਾਂ ਤੇਜ਼ ਹੋ ਗਈਆਂ ਹਨ। ਦਿਨੇਸ਼ ਤ੍ਰਿਵੇਦੀ ਮੌਜੂਦਾ ਹਾਈ ਕਮਿਸ਼ਨਰ ਪ੍ਰਣਯ ਵਰਮਾ ਦੀ ਜਗ?ਹਾ ਲੈਣਗੇ। ਪ੍ਰਣਯ ਵਰਮਾ ਨੂੰ ਹੁਣ ਬੈਲਜੀਅਮ ਅਤੇ ਯੂਰਪੀਅਨ ਯੂਨੀਅਨ 'ਚ ਭਾਰਤ ਦਾ ਅਗਲਾ ਰਾਜਦੂਤ ਨਿਯੁਕਤ ਕੀਤਾ ਗਿਆ ਹੈ। ਦਿਨੇਸ਼ ਤ੍ਰਿਵੇਦੀ ਭਾਰਤ ਦੇ ਸਾਬਕਾ ਰੇਲ ਮੰਤਰੀ ਰਹਿ ਚੁੱਕੇ ਹਨ ਅਤੇ ਉਨ੍ਹਾਂ ਕੋਲ ਰਾਜਨੀਤੀ ਤੇ ਪ੍ਰਸ਼ਾਸਨ ਦਾ ਲੰਬਾ ਤਜਰਬਾ ਹੈ। ਉਹ ਜਲਦੀ ਹੀ ਢਾਕਾ ਵਿੱਚ ਆਪਣਾ ਅਹੁਦਾ ਸੰਭਾਲਣਗੇ। ਜ਼ਿਕਰਯੋਗ ਹੈ ਕਿ ਬੰਗਲਾਦੇਸ਼ ਵਿੱਚ ਅਗਸਤ 2024 ਵਿੱਚ ਸ਼ੇਖ ਹਸੀਨਾ ਸਰਕਾਰ ਦੇ ਪਤਨ ਅਤੇ ਮੁਹੰਮਦ ਯੂਨਸ ਦੀ ਅਗਵਾਈ ਵਾਲੀ ਅੰਤਰਿਮ ਸਰਕਾਰ ਦੌਰਾਨ ਭਾਰਤ-ਬੰਗਲਾਦੇਸ਼ ਸਬੰਧਾਂ ਵਿੱਚ ਤਲਖੀ ਆ ਗਈ ਸੀ। ਹੁਣ ਉੱਥੇ ਪ੍ਰਧਾਨ ਮੰਤਰੀ ਤਾਰਿਕ ਰਹਿਮਾਨ ਦੀ ਅਗਵਾਈ ਵਿੱਚ ਨਵੀਂ ਸਰਕਾਰ ਬਣਨ ਤੋਂ ਬਾਅਦ ਦੋਵਾਂ ਦੇਸ਼ਾਂ ਦੇ ਸਬੰਧਾਂ ਵਿੱਚ ਇੱਕ ਨਵਾਂ 'ਰੀਸੈੱਟ' ਦੇਖਣ ਨੂੰ ਮਿਲ ਰਿਹਾ ਹੈ। ਹਾਲ ਹੀ ਵਿੱਚ ਬੰਗਲਾਦੇਸ਼ ਦੇ ਵਿਦੇਸ਼ ਮੰਤਰੀ ਖਲੀਲੁਰ ਰਹਿਮਾਨ ਨੇ ਨਵੀਂ ਦਿੱਲੀ ਦਾ ਦੌਰਾ ਕੀਤਾ ਸੀ, ਜਿੱਥੇ ਉਨ੍ਹਾਂ ਨੇ ਭਾਰਤ ਦੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਅਤੇ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨਾਲ ਮੁਲਾਕਾਤ ਕੀਤੀ ਸੀ। ਦਿਨੇਸ਼ ਤ੍ਰਿਵੇਦੀ ਦੀ ਨਿਯੁਕਤੀ ਨਾਲ ਉਮੀਦ ਜਤਾਈ ਜਾ ਰਹੀ ਹੈ ਕਿ ਵਪਾਰ, ਊਰਜਾ ਅਤੇ ਦੋਵਾਂ ਦੇਸ਼ਾਂ ਦੇ ਲੋਕਾਂ ਦੇ ਆਪਸੀ ਮੇਲ-ਜੋਲ ਨੂੰ ਹੋਰ ਹੁਲਾਰਾ ਮਿਲੇਗਾ।

# ਚੌਥੀ ਵਾਰ ਮੁੱਖ ਮੰਤਰੀ ਬਣਨਗੇ ਮਮਤਾ ਬਨਰਜੀ: ਤੇਜਸਵੀ ਯਾਦਵ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 27 ਅਪ੍ਰੈਲ। ਰਾਸ਼ਟਰੀ ਜਨਤਾ ਦਲ ਦੇ ਪ੍ਰਮੁੱਖ ਆਗੂ ਤੇਜਸਵੀ ਯਾਦਵ ਨੇ ਪੱਛਮੀ ਬੰਗਾਲ ਵਿੱਚ ਚੋਣ ਪ੍ਰਚਾਰ ਦੌਰਾਨ ਵੱਡਾ ਦਾਅਵਾ ਕੀਤਾ ਹੈ। ਪੱਛਮੀ ਬੰਗਾਲ ਪਹੁੰਚੇ ਤੇਜਸਵੀ ਯਾਦਵ ਨੇ ਭਰੋਸਾ ਜਤਾਇਆ ਹੈ ਕਿ ਮਮਤਾ ਬਨਰਜੀ ਲਗਾਤਾਰ ਚੌਥੀ ਵਾਰ ਸੂਬੇ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕਣਗੇ। ਉਨ੍ਹਾਂ ਉੱਤਰੀ 24 ਪਰਗਨਾ ਜ਼ਿਲ੍ਹੇ ਵਿੱਚ ਤ੍ਰਿਣਮੂਲ ਕਾਂਗਰਸ ਦੇ ਹੱਕ ਵਿੱਚ ਕੀਤੇ ਗਏ ਰੋਡ ਸ਼ੋਅ ਦੌਰਾਨ ਲੋਕਾਂ ਦੇ ਭਾਰੀ ਇਕੱਠ ਨੂੰ ਸੰਬੋਧਨ ਕੀਤਾ। ਤੇਜਸਵੀ ਯਾਦਵ ਨੇ ਸ਼ੁੱਕਰਵਾਰ ਨੂੰ ਜਗਦਲ, ਭਾਟਪਾੜਾ ਅਤੇ ਖੜਦਹ ਵਿਧਾਨ ਸਭਾ ਹਲਕਿਆਂ ਵਿੱਚ ਜ਼ੋਰਦਾਰ ਰੋਡ ਸ਼ੋਅ ਕੀਤੇ। ਉਨ੍ਹਾਂ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' (ਪੁਰਾਣਾ ਟਵਿੱਟਰ) 'ਤੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਉਨ੍ਹਾਂ ਨੇ ਭਾਟਪਾੜਾ ਤੋਂ ਅਮਿਤ ਗੁਪਤਾ, ਜਗਦਲ ਤੋਂ ਸੋਮਨਾਥ ਸ਼ਿਆਮ ਅਤੇ ਖੜਦਹ ਤੋਂ ਦੇਵਦੀਪ ਪੁਰੋਹਿਤ ਵਰਗੇ ਟੀ.ਐੱਮ.ਸੀ. ਉਮੀਦਵਾਰਾਂ ਦੇ ਸਮਰਥਨ ਵਿੱਚ ਪ੍ਰਚਾਰ ਕੀਤਾ ਹੈ।

ਲੋਕਾਂ ਦਾ ਮਿਲ ਰਿਹਾ ਅਥਾਹ ਪਿਆਰ: ਰੈਲੀ ਤੋਂ ਬਾਅਦ ਤੇਜਸਵੀ ਯਾਦਵ ਨੇ ਕਿਹਾ ਕਿ ਲੋਕਾਂ ਦਾ ਅਟੁੱਟ ਪਿਆਰ ਅਤੇ ਵਿਆਪਕ ਜਨਸਮਰਥਨ ਸਪੱਸ਼ਟ ਸੰਕੇਤ ਦੇ ਰਿਹਾ ਹੈ ਕਿ ਬੰਗਾਲ ਦੀ ਜਨਤਾ ਨੇ ਮਮਤਾ



ਬਨਰਜੀ ਨੂੰ ਭਾਰੀ ਬਹੁਮਤ ਨਾਲ ਦੁਬਾਰਾ ਸੱਤਾ ਸੌਂਪਣ ਦਾ ਮਨ ਬਣਾ ਲਿਆ ਹੈ। ਉਨ੍ਹਾਂ ਅਨੁਸਾਰ, ਵਿਰੋਧੀ ਧਿਰਾਂ ਦਾ ਸਫਾਇਆ ਤੈਅ ਹੈ।

## ਬ੍ਰਿਕਸ+ ਮੀਟਿੰਗ ਨੂੰ ਲੈ ਕੇ ਕਾਂਗਰਸ ਨੇ ਕੇਂਦਰ ਦੀ ਵਿਦੇਸ਼ ਨੀਤੀ 'ਤੇ ਚੁੱਕੇ ਤਿੱਖੇ ਸਵਾਲ

ਨਵੀਂ ਦਿੱਲੀ 27 ਅਪ੍ਰੈਲ। ਭਾਰਤੀ ਰਾਸ਼ਟਰੀ ਕਾਂਗਰਸ ਦੇ ਸੰਸਦ ਮੈਂਬਰ ਅਤੇ ਸੰਚਾਰ ਇੰਚਾਰਜ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਨਵੀਂ ਦਿੱਲੀ 'ਚ ਹੋਈ ਬ੍ਰਿਕਸ+ ਦੀ ਮੀਟਿੰਗ ਦੇ ਨਤੀਜਿਆਂ ਨੂੰ ਲੈ ਕੇ ਕੇਂਦਰ ਸਰਕਾਰ 'ਤੇ ਨਿਸ਼ਾਨਾ ਸਾਧਿਆ ਹੈ। ਉਨ੍ਹਾਂ ਨੇ 23-24 ਅਪ੍ਰੈਲ 2026 ਨੂੰ ਆਯੋਜਿਤ ਇਸ ਬੈਠਕ ਦੇ ਬਿਨਾਂ ਕਿਸੇ ਸਾਂਝੇ ਬਿਆਨ ਦੇ ਖਤਮ ਹੋਣ ਨੂੰ ਦੇਸ਼ ਲਈ ਸ਼ਰਮਨਾਕ ਦੱਸਿਆ ਹੈ। ਕਾਂਗਰਸੀ ਆਗੂ ਅਨੁਸਾਰ, ਇਸ ਮੀਟਿੰਗ 'ਚ ਰੂਸ, ਚੀਨ, ਬ੍ਰਾਜ਼ੀਲ, ਦੱਖਣੀ ਅਫਰੀਕਾ, ਮਿਸਰ, ਇਥੋਪੀਆ, ਇੰਡੋਨੇਸ਼ੀਆ, ਯੂਏਈ ਅਤੇ ਈਰਾਨ ਵਰਗੇ ਦੇਸ਼ਾਂ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ ਸੀ। ਉਨ੍ਹਾਂ ਦੋਸ਼ ਲਾਇਆ ਕਿ ਸਾਂਝਾ ਬਿਆਨ ਜਾਰੀ ਨਾ ਹੋਣ ਦਾ ਮੁੱਖ ਕਾਰਨ ਇਹ ਸੀ ਕਿ ਭਾਰਤ ਸਰਕਾਰ ਇਜ਼ਰਾਈਲ ਅਤੇ ਫਲਸਤੀਨ ਦੇ ਮੁੱਦੇ 'ਤੇ ਵਰਤੀ ਜਾਣ ਵਾਲੀ ਭਾਸ਼ਾ ਨੂੰ ਨਰਮ ਕਰਨ 'ਤੇ ਜ਼ੋਰ ਦੇ ਰਹੀ ਸੀ। ਭਾਰਤ ਦੇ ਇਸ ਪ੍ਰਸਤਾਵ ਨੂੰ ਬਾਕੀ ਸਾਰੇ ਮੈਂਬਰ ਦੇਸ਼ਾਂ ਨੇ ਸਵੀਕਾਰ ਕਰਨ ਤੋਂ ਇਨਕਾਰ ਕਰ ਦਿੱਤਾ, ਜਿਸ ਕਾਰਨ ਭਾਰਤ ਇਸ ਅੰਤਰਰਾਸ਼ਟਰੀ ਮੰਚ 'ਤੇ ਇਕੱਲਾ ਪੈ ਗਿਆ। ਕਾਂਗਰਸ ਨੇਤਾ ਨੇ ਕਿਹਾ ਕਿ ਅੱਜ ਜਦੋਂ ਇਜ਼ਰਾਈਲ ਗਾਜ਼ਾ ਵਿੱਚ ਨਸਲਕੁਸ਼ੀ ਕਰ ਰਿਹਾ ਹੈ, ਦੱਖਣੀ ਲੇਬਨਾਨ 'ਤੇ ਭਾਰੀ ਬੰਬਾਰੀ ਕਰ ਰਿਹਾ ਹੈ ਅਤੇ ਵੈਸਟ ਬੈਂਕ ਵਿੱਚ ਲੱਖਾਂ ਫਲਸਤੀਨੀਆਂ ਨੂੰ ਬੇਦਖਲ ਕਰ ਰਿਹਾ ਹੈ, ਉਦੋਂ ਭਾਰਤ ਦੁਨੀਆ ਦਾ ਅਜਿਹਾ ਇਕਲੌਤਾ ਪ੍ਰਮੁੱਖ ਦੇਸ਼ ਹੈ ਜੋ ਇਜ਼ਰਾਈਲੀ ਸ਼ਾਸਨ ਨਾਲ ਇੰਨੀ ਦ੍ਰਿੜਤਾ ਨਾਲ ਖੜ੍ਹਾ ਹੈ। ਆਪਣੇ ਬਿਆਨ ਵਿੱਚ ਉਨ੍ਹਾਂ ਨੇ ਭਾਰਤ ਅਤੇ ਇਜ਼ਰਾਈਲ ਦੇ ਪ੍ਰਧਾਨ ਮੰਤਰੀਆਂ ਦੇ ਸਬੰਧਾਂ 'ਤੇ ਤੰਜ ਕੱਸਦਿਆਂ ਉਨ੍ਹਾਂ ਨੂੰ ਸੋਲਮੇਟਸ (ਰੂਹਾਨੀ ਸਾਥੀ) ਕਰਾਰ ਦਿੱਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਦੋਸ਼ ਲਾਇਆ ਕਿ ਇਜ਼ਰਾਈਲ ਹੁਣ ਸ਼ੋਸ਼ਣਕਾਰੀ ਮੰਦਾਨੀ ਸਾਮਰਾਜ (ਵਪਾਰਕ ਹਿੱਤਾਂ) ਦਾ ਇੱਕ ਅਹਿਮ ਹਿੱਸਾ ਬਣ ਚੁੱਕਾ ਹੈ, ਜਿਸ ਕਾਰਨ ਭਾਰਤ ਦੀ ਵਿਦੇਸ਼ ਨੀਤੀ ਪ੍ਰਭਾਵਿਤ ਹੋ ਰਹੀ ਹੈ।

# ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਲਈ ਕੇਂਦਰੀ ਕਾਨੂੰਨ ਬਣਾਉਣ ਦੀ ਮੰਗ, ਕੇਂਦਰੀ ਮੰਤਰੀ ਨੂੰ ਮਿਲੇ ਦਾਦੂਵਾਲ

**ਕੌਮੀ ਪਤ੍ਰਿਕਾ**

ਵੈੱਬ ਡੈਸਕ 27 ਅਪ੍ਰੈਲ। ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਚੇਅਰਮੈਨ ਅਤੇ ਉੱਘੇ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਦਿੱਲੀ ਵਿਖੇ ਕੇਂਦਰੀ ਮੰਤਰੀ ਮਨੋਹਰ ਲਾਲ ਖੱਟਰ ਨਾਲ ਉਨ੍ਹਾਂ ਦੀ ਰਿਹਾਇਸ਼ 'ਤੇ ਮੁਲਾਕਾਤ ਕੀਤੀ। ਇਸ ਮੌਕੇ ਜਥੇਦਾਰ ਦਾਦੂਵਾਲ ਨੇ ਕੇਂਦਰ ਸਰਕਾਰ ਨੂੰ ਇੱਕ ਮੰਗ ਪੱਤਰ ਸੌਂਪਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਰੋਕਣ ਅਤੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਲਈ ਦੇਸ਼ ਵਿਆਪੀ ਕੇਂਦਰੀ ਸਤਿਕਾਰ ਕਾਨੂੰਨ ਬਣਾਉਣ ਦੀ ਅਪੀਲ ਕੀਤੀ। ਜਥੇਦਾਰ ਦਾਦੂਵਾਲ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾਰ ਨੇ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁਲਾਕਾਤ ਦੌਰਾਨ ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ ਜਗਤ ਜੋਤ ਸਤਿਕਾਰ ਕਾਨੂੰਨ ਬਾਰੇ ਚਰਚਾ ਕੀਤੀ ਗਈ। ਦਾਦੂਵਾਲ ਨੇ ਦੱਸਿਆ ਕਿ 13 ਅਪ੍ਰੈਲ 2026 ਨੂੰ ਪੰਜਾਬ ਵਿਧਾਨ ਸਭਾ ਵਿੱਚ ਪਾਸ ਕੀਤੇ ਗਏ ਇਸ ਬਿੱਲ ਨੂੰ ਰਾਜਪਾਲ ਵੱਲੋਂ ਵੀ ਪ੍ਰਵਾਨਗੀ ਦੇ ਦਿੱਤੀ ਗਈ ਹੈ, ਜਿਸ ਤਹਿਤ ਬੇਅਦਬੀ ਦੇ ਦੋਸ਼ੀਆਂ ਲਈ ਸਖ਼ਤ ਸਜ਼ਾਵਾਂ ਅਤੇ ਜੁਰਮਾਨੇ ਦਾ ਪ੍ਰਬੰਧ



ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪੂਰੀ ਮਨੁੱਖਤਾ ਨੂੰ ਸਰਬ-ਸਾਂਝਾ ਉਪਦੇਸ਼ ਦਿੰਦੇ ਹਨ, ਇਸ ਲਈ ਅਜਿਹਾ ਸਖ਼ਤ ਕਾਨੂੰਨ ਸਿਰਫ਼ ਪੰਜਾਬ ਤੱਕ ਸੀਮਤ ਨਾ ਰਹਿ ਕੇ ਪੂਰੇ ਭਾਰਤ ਵਿੱਚ ਲਾਗੂ ਹੋਣਾ ਚਾਹੀਦਾ ਹੈ। ਮੰਗ ਪੱਤਰ ਵਿੱਚ ਜਥੇਦਾਰ ਦਾਦੂਵਾਲ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸਿੱਖ ਕੌਮ ਲਈ ਕੀਤੇ ਗਏ ਕਾਰਜਾਂ, ਜਿਵੇਂ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲ੍ਹਣਾ, ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਵੀਰ ਬਾਲ ਦਿਵਸ ਮਨਾਉਣਾ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 400 ਸਾਲਾ ਪ੍ਰਕਾਸ਼ ਪੁਰਬ ਲਾਲ ਕਿਲ੍ਹੇ 'ਤੇ ਮਨਾਉਣ ਦੀ ਸ਼ਲਾਘਾ ਵੀ ਕੀਤੀ। ਉਨ੍ਹਾਂ ਮਨੋਹਰ ਲਾਲ ਖੱਟਰ ਵੱਲੋਂ ਹਰਿਆਣਾ ਦੇ ਮੁੱਖ ਮੰਤਰੀ ਹੁੰਦਿਆਂ ਸਿੱਖ ਗੁਰੂਆਂ ਦੇ ਦਿਹਾੜੇ ਵੱਡੇ ਪੱਧਰ 'ਤੇ ਮਨਾਉਣ ਦੇ ਯਤਨਾਂ ਦਾ ਵੀ ਜ਼ਿਕਰ ਕੀਤਾ। ਜਥੇਦਾਰ ਦਾਦੂਵਾਲ ਨੇ ਅਪੀਲ ਕੀਤੀ ਕਿ ਭਾਰਤ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਸਾਰੇ ਧਰਮਾਂ ਦੇ ਪਵਿੱਤਰ ਗ੍ਰੰਥਾਂ ਦੇ ਸਤਿਕਾਰ ਲਈ ਇੱਕ ਸਾਂਝਾ ਅਤੇ ਸਖ਼ਤ ਕਾਨੂੰਨ ਬਣਾਏ ਤਾਂ ਜੋ ਕੋਈ ਵੀ ਵਿਅਕਤੀ ਅਜਿਹੀ ਘਿਨਾਉਣੀ ਹਰਕਤ ਕਰਨ ਦੀ ਹਿੰਮਤ ਨਾ ਕਰ ਸਕੇ। ਉਨ੍ਹਾਂ ਉਮੀਦ ਪ੍ਰਗਟਾਈ ਕਿ ਕੇਂਦਰੀ ਮੰਤਰੀ ਇਸ ਗੰਭੀਰ ਮੁੱਦੇ 'ਤੇ ਕੇਂਦਰ ਸਰਕਾਰ ਨਾਲ ਸਲਾਹ-ਮਸ਼ਵਰਾ ਕਰਕੇ ਜਲਦ ਹੀ ਸਾਰਥਕ ਕਦਮ ਚੁੱਕਣਗੇ।

# ਹਰਿਆਣਾ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਭਲਕੇ, 18 ਹਜ਼ਾਰ ਗਰੁੱਪ-ਡੀ ਕਰਮਚਾਰੀਆਂ ਦੀ ਚਮਕੇਗੀ ਕਿਸਮਤ

**ਕੌਮੀ ਪਤ੍ਰਿਕਾ**
**ਤੇਜਿੰਦਰ ਕੌਰ ਬੱਬਰ**

ਹਰਿਆਣਾ ਡੈਸਕ 27 ਅਪ੍ਰੈਲ। ਹਰਿਆਣਾ ਦੀ ਨਾਇਬ ਸੈਣੀ ਸਰਕਾਰ ਨੇ ਚੋਣ ਸਾਲ ਨੇੜੇ ਆਉਂਦਿਆਂ ਹੀ, ਆਪਣੇ ਕਰਮਚਾਰੀਆਂ ਨੂੰ ਇੱਕ ਵੱਡਾ ਤੋਹਫ਼ਾ ਦੇਣ ਦੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਹਨ। ਸੋਮਵਾਰ, 27 ਅਪ੍ਰੈਲ ਨੂੰ ਵਿਧਾਨ ਸਭਾ ਦਾ ਇੱਕ ਦਿਨ ਦਾ ਵਿਸ਼ੇਸ਼ ਸੈਸ਼ਨ ਬੁਲਾਇਆ ਗਿਆ ਹੈ, ਜਿਸ ਦਾ ਕੇਂਦਰ ਬਿੰਦੂ ਪ੍ਰਦੇਸ਼ ਦੇ ਕਰੀਬ 18,000 ਗਰੁੱਪ ਡੀ ਕਰਮਚਾਰੀਆਂ ਦੀ ਲੰਬੇ ਸਮੇਂ ਤੋਂ ਉਡੀਕੀ ਜਾ ਰਹੀ ਤਰੱਕੀ ਹੈ। ਕੱਲ੍ਹ ਸਵੇਰੇ 11 ਵਜੇ ਜਿਵੇਂ ਹੀ ਸਦਨ ਦੀ ਘੰਟੀ ਵੱਜੇਗੀ, ਸਰਕਾਰ 'ਹਰਿਆਣਾ ਕਲੈਰੀਕਲ ਸਰਵਿਸਿਜ਼ ਬਿੱਲ 2026' ਪੇਸ਼ ਕਰੇਗੀ। ਇਸ ਬਿੱਲ ਦੇ ਪਾਸ ਹੋਣ ਨਾਲ ਉਨ੍ਹਾਂ ਹਜ਼ਾਰਾਂ ਨੌਜਵਾਨਾਂ ਲਈ ਭਵਿੱਖ ਦੇ ਨਵੇਂ ਦਰਵਾਜ਼ੇ ਖੁੱਲ੍ਹਣਗੇ, ਜੋ ਲੰਬੇ ਸਮੇਂ ਤੋਂ ਕਲਰਕ ਬਣਨ ਦਾ ਸੁਪਨਾ ਦੇਖ ਰਹੇ ਸਨ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸਪੱਸ਼ਟ ਕੀਤਾ ਕਿ ਕੈਬਨਿਟ ਨੇ ਪਹਿਲਾਂ ਹੀ ਗਰੁੱਪ ਡੀ ਕਰਮਚਾਰੀਆਂ ਲਈ ਤਰੱਕੀ ਕੋਟਾ 20 ਪ੍ਰਤੀਸ਼ਤ ਤੋਂ ਵਧਾ ਕੇ 30 ਪ੍ਰਤੀਸ਼ਤ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ। ਇੱਕ



ਵਾਰ ਜਦੋਂ ਇਹ ਫੈਸਲਾ ਕਾਨੂੰਨੀ ਬਣ ਜਾਂਦਾ ਹੈ, ਤਾਂ ਵਿਭਾਗ ਵਿੱਚ ਕਲੈਰੀਕਲ ਅਹੁਦਿਆਂ ਲਈ ਭਰਤੀ ਵਿੱਚ ਤਜਰਬੇਕਾਰ ਕਰਮਚਾਰੀਆਂ ਨੂੰ ਤਰਜੀਹ ਦਿੱਤੀ ਜਾਵੇਗੀ। ਹਾਲਾਂਕਿ, ਇਸ ਲਈ ਇੱਕ ਸ਼ਰਤ ਵੀ ਰੱਖੀ ਗਈ ਹੈ-ਸਿਰਫ਼ ਉਹ ਕਰਮਚਾਰੀ ਜਿਨ੍ਹਾਂ ਨੇ ਪੰਜ ਸਾਲ ਦੀ ਸੇਵਾ ਸਫਲਤਾਪੂਰਵਕ ਪੂਰੀ ਕੀਤੀ ਹੈ, ਇਸ ਕੋਟੇ ਅਧੀਨ ਤਰੱਕੀ ਲਈ ਯੋਗ ਹੋਣਗੇ। ਭਾਵੇਂ ਇਹ ਸੈਸ਼ਨ ਇੱਕ ਦਿਨ ਦਾ ਹੈ ਪਰ ਇਸ ਦੇ ਤੀਬਰ ਰਾਜਨੀਤਿਕ ਹੋਣ ਦੀ ਉਮੀਦ ਹੈ। ਸੱਤਾਧਾਰੀ ਪਾਰਟੀ ਨੇ ਸੰਕੇਤ ਦਿੱਤਾ ਹੈ ਕਿ ਉਹ ਮਹਿਲਾ ਰਿਜ਼ਰਵੇਸ਼ਨ ਬਿੱਲ ਦੇ ਮੁੱਦੇ 'ਤੇ ਮੁੱਖ ਵਿਰੋਧੀ ਪਾਰਟੀ, ਕਾਂਗਰਸ ਨੂੰ ਘੇਰਨ ਲਈ ਸਦਨ ਵਿੱਚ ਨਿੰਦਾ ਪ੍ਰਸਤਾਵ ਪੇਸ਼ ਕਰੇਗੀ। ਇਸ ਰਾਜਨੀਤਿਕ ਹਮਲੇ ਦਾ ਮੁਕਾਬਲਾ ਕਰਨ ਲਈ ਵਿਰੋਧੀ ਧਿਰ ਦੇ ਨੇਤਾ ਭੁਪਿੰਦਰ ਸਿੰਘ ਹੁੱਡਾ ਨੇ ਸੋਮਵਾਰ ਸਵੇਰੇ 9:30 ਵਜੇ ਵਿਧਾਇਕ ਦਲ ਦੀ ਮੀਟਿੰਗ ਬੁਲਾਈ ਹੈ। ਇਸ ਸੈਸ਼ਨ ਦੌਰਾਨ ਕਾਂਗਰਸ ਬੇਰੁਜ਼ਗਾਰੀ, ਕਾਨੂੰਨ ਵਿਵਸਥਾ ਅਤੇ ਕਿਸਾਨਾਂ ਦੇ ਮੁੱਦਿਆਂ 'ਤੇ ਸਰਕਾਰ ਨੂੰ ਘੇਰਨ ਦੀ ਕੋਸ਼ਿਸ਼ ਕਰੇਗੀ।

# ਵਿਦੇਸ਼ ’ਚ ਬੈਠੇ ਬੋਬੀ ਮਾਹੀ ਗੈਂਗ ਦੇ 3 ਸ਼ੂਟਰ ਅਸਲੇ ਸਣੇ ਗ੍ਰਿਫਤਾਰ : ਵਰੁਣ ਸ਼ਰਮਾ

ਕੌਮੀ ਪਤ੍ਰਿਕਾ

ਪਟਿਆਲਾ, 27 ਅਪ੍ਰੈਲ। ਸੀ.ਆਈ.ਏ ਸਟਾਫ ਪਟਿਆਲਾ ਦੀ ਪੁਲਸ ਨੇ ਇੰਚਾਰਜ਼ ਇੰਸ: ਪ੍ਰਦੀਪ ਸਿੰਘ ਬਾਜਵਾ ਦੀ ਅਗਵਾਈ ਹੇਠ ਵਿਦੇਸ਼ ਬੈਠ ਦੇ ਬੋਬੀ ਮਾਹੀ ਗੈਂਗ ਦੇ ਤਿੰਨ ਮੈਂਬਰਾਂ ਨੂੰ ਗ੍ਰਿਫਤਾਰ ਕਰ ਲਿਆ ਹੈ। ਜਿਨਾਂ ਤੋਂ 2 ਪਿਸਟਲ 30 ਬੋਰ ਸਮੇਤ 10 ਜਿੰਦਾ ਕਾਰਤੂਸ ਬਰਾਮਦ ਕੀਤੇ ਗਏ ਹਨ। ਇਸ ਸਬੰਧ ਵਿਚ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਐੱਸ.ਐੱਸ.ਪੀ ਵਰੁਣ ਸ਼ਰਮਾ ਨੇ ਦੱਸਿਆ ਕਿ ਐੱਸ.ਪੀ ਇਨਵੈਸਟੀਗੇਸ਼ਨ ਗੁਰਬੰਸ ਸਿੰਘ ਬੈਂਸ ਅਤੇ ਡੀ.ਐੱਸ.ਪੀ. ਰਾਜੇਸ਼ ਮਲਹੋਤਰਾ ਦੀ ਅਗਵਾਈ ਹੇਠ ਚੱਲੇ ਆਪਰੇਸ਼ਨ ਵਿਚ ਸਤਵਿੰਦਰ ਸਿੰਘ ਉਰਫ ਸੰਨੀ ਪੁੱਤਰ ਸਰਬਜੀਤ ਸਿੰਘ ਨੇੜੇ ਪਟਵਾਰ ਖਾਨਾ ਘਨੌਰ, ਜਸਨਪ੍ਰੀਤ ਸਿੰਘ ਉਰਫ ਹਕਲਾ ਪੁੱਤਰ ਜਗਦੀਸ ਸਿੰਘ ਵਾਸੀ ਬਘੇਰਾ ਅਤੇ ਦੀਪਕ ਉਰਫ ਦੀਪੂ ਪੁੱਤਰ ਅਸ਼ੋਕ ਕੁਮਾਰ ਵਾਸੀ ਵਾਰਡ ਨੰਬਰ 3 ਨੇੜੇ ਟਰੱਕ ਯੂਨੀਅਨ ਘਨੌਰ ਜਿਲ੍ਹਾ ਪਟਿਆਲਾ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਬੋਬੀ ਮਾਹੀ ਵਾਸੀ ਤਫੱਜਲਪੁਰਾ ਵਿਦੇਸ਼ ਵਿਚ ਬੈਠਾ ਹੈ ਅਤੇ ਇਥੇ ਪਹਿਲਾਂ ਉਹ ਸ਼ਰਾਬ ਦੀ ਸਮਗਲਿੰਗ ਕਰਦਾ ਸੀ ਜਿਸ ’ਤੇ ਕਈ ਕੇਸ ਦਰਜ ਹਨ ਅਤੇ ਬੋਬੀ ਮਾਹੀ ਨੂੰ ਅਦਾਲਤ ਨੇ ਭਗੋੜਾ ਵੀ ਕਰਾਰ ਦਿੱਤਾ ਹੋਇਆ ਹੈ। ਬੋਬੀ ਮਾਹੀ ਕਾਨੂੰਨ ਤੋਂ ਬਚਣ ਦੇ ਲਈ ਡੰਕੀ ਰੂਟ ਰਾਹੀਂ ਅਮਰੀਕਾ ਭੱਜ ਗਿਆ ਸੀ ਅਤੇ ਇਸ ਸਮੇਂ ਸਿਆਟਲ ਅਮਰੀਕਾ ਵਿਚ ਵਸਿਆ ਹੋਇਆ ਹੈ। ਉਥੋਂ ਹੀ ਸੋਸਲ ਮੀਡੀਆਂ ਰਾਹੀ ਵਪਾਰੀਆਂ, ਕਾਰੋਬਾਰੀ ਅਤੇ ਰਸੂਖਦਾਰ ਵਿਅਕਤੀਆਂ ਤੋਂ ਭਾਰੀ ਮਾਤਰਾਂ ਵਿਚ ਫਿਰੌਤੀ ਮੰਗਣ ਲਈ ਉਨ੍ਹਾਂ ਨੂੰ ਧਮਕਾਉਂਦਾ ਸੀ ਅਤੇ ਉਹਨਾਂ ਦੇ ਘਰਾ ਅਤੇ ਵਾਹਨਾਂ ਪਰ ਗੋਲੀਬਾਰੀ ਕਰਵਾ ਕੇ ਧਮਕੀਆਂ ਦੇ ਕੇ ਪੈਸਿਆ ਦੀ ਮੰਗ ਕਰਦਾ ਸੀ। ਇਸ ਦੇ ਲਈ ਸਥਾਨਕ ਨੌਜਵਾਨਾ ਨੂੰ ਲਾਲਚ ਦੇ ਕੇ ਅਪਰਾਧਿਕ ਗਤੀਵਿਧੀਆਂ ਵਿਚ ਧੱਕ ਦਿੰਦਾ ਸੀ। ਐੱਸ.ਐੱਸ.ਪੀ. ਨੇ ਦੱਸਿਆ ਕਿ ਪਟਿਆਲਾ ਪੁਲਸ ਨੂੰ ਜਦੋਂ ਉਸ ਦੀ ਸੂਚਨਾ ਮਿਲੀ ਤਾਂ ਸੀ.ਆਈ.ਏ. ਸਟਾਫ ਦੇ ਇੰਚਾਰਜ਼ ਇੰਸ: ਪ੍ਰਦੀਪ ਸਿੰਘ ਬਾਜਵਾ ਨੇ ਵਿਸ਼ੇਸ਼ ਮੁਹਿੰਮ ਚਲਾ ਕੇ ਪਹਿਲਾਂ ਉਕਤ ਤਿੰਨ ਵਿਅਕਤੀਆਂ ਦੀ ਸਨਾਖਤ ਕੀਤੀ ਅਤੇ ਫੇਰ ਤਿੰਨਾਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਤੋਂ ਹਥਿਆਰ ਅਤੇ ਜਿੰਦਾ ਕਾਰਤੂਸ ਬਰਾਮਦ ਕੀਤੇ। ਉਨ੍ਹਾਂ ਦੱਸਿਆ ਕਿ ਬੋਬੀ ਮਾਹੀ ਉਥੇ ਹੀ



ਬੈਠ ਕੇ ਨਵੀਂ ਉਮਰ ਦੇ ਮੁੰਡਿਆਂ ਨੂੰ ਲਾਲਚ ਦੇ ਕੇ ਵਾਰਦਾਤਾਂ ਨੂੰ ਅੰਜਾਮ ਦਿਵਾਉਂਦਾ ਸੀ ਅਤੇ ਫੇਰ ਰਸੂਖਦਾਰਾਂ ਤੋਂ ਫਿਰੌਤੀਆਂ ਮੰਗਦਾ ਸੀ, ਜਿਹੜਾ ਫਿਰੌਤੀ ਨਹੀਂ ਦਿੰਦਾ ਸੀ, ਉਸ ਦੇ ਘਰ ਅਤੇ ਦੁਕਾਨ ਅਤੇ ਵਾਹਨਾਂ ’ਤੇ ਫਾਇਰਿੰਗ ਕਰਵਾ ਦਿੰਦਾ ਸੀ। ਪਟਿਆਲਾ ਵਿਚ ਕੁਝ ਘਟਨਾਵਾਂ ਸਾਹਮਣੇ ਆਉਣ ਤੋਂ ਬਾਅਦ ਪੁਲਸ ਨੇ ਚੌਕਸ ਹੋ ਕੇ ਇਸ ਗੈਂਗ ਦੇ ਤਿੰਨ ਮੈਂਬਰਾਂ ਨੂੰ ਗ੍ਰਿਫਤਾਰ ਕਰ ਲਿਆ ਹੈ। ਉਨ੍ਹਾਂ ਦੱਸਿਆ ਕਿ ਤਿੰਨਾਂ ਦੇ ਖਿਲਾਫ 310(4), 310(2), 308(2), 308(5), 351(2), 313,111 ਬੀ.ਐੱਨ.ਐੱਸ. ਅਤੇ ਆਰਮਜ਼ ਐਕਟ ਦੇ ਤਹਿਤ ਥਾਣਾ ਸਦਰ ਪਟਿਆਲਾ ਵਿਖੇ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਤਿੰਨੇ ਹੀ ਬੀੜ ਵਿਚ ਬੈਠ ਕੇ ਕਿਸੇ ਵੱਡੀ ਵਾਰਦਾਤ ਨੂੰ ਅੰਜਾਮ ਦੇਣ ਦੀ ਯੋਜਨਾ ਬਣਾ ਰਹੇ ਸਨ ਤਾਂ ਤਿੰਨਾਂ ਨੂੰ ਸਤਵਿੰਦਰ ਸਿੰਘ ਉਰਫ ਸੰਨੀ, ਜਸਨਪ੍ਰੀਤ ਸਿੰਘ ਉਰਵ ਹਕਲਾ ਅਤੇ ਦੀਪਕ ਉਰਫ ਦੀਪੂ ਨੂੰ ਸੁਨਿਆਰਹੇੜੀ ਬੀੜ (ਪਟਿਆਲਾ ਚੀਕਾ ਰੋਡ) ਤੋਂ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਤਿੰਨਾਂ ਨੂੰ ਮਾਣਯੋਗ ਅਦਾਲਤ ਵਿਚ ਪੇਸ਼ ਕਰਕੇ ਉਨ੍ਹਾਂ ਦਾ ਪੁਲਸ ਰਿਮਾਂਡ ਹਾਸਲ ਕਰਕੇ ਅੱਗੇ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ। ਇਸ ਮੌਕੇ ਐੱਸ.ਪੀ. ਇਨਵੈਸਟੀਗੇਸਨ ਗੁਰਬੰਸ ਸਿੰਘ ਬੈਂਸ ਅਤੇ ਸੀ.ਆਈ.ਏ. ਸਟਾਫ ਪਟਿਆਲਾ ਦੇ ਇੰਚਾਰਜ਼ ਇੰਸ: ਪ੍ਰਦੀਪ ਸਿੰਘ ਬਾਜਵਾ ਵੀ ਹਾਜ਼ਰ ਸਨ।

## ਸਰਹੱਦੀ ਖੇਤਰ ਦੇ ਪਿੰਡ ਵਜ਼ੀਰਪੁਰ ਅਫਗਾਨਾ ਦੇ ਖੇਤਾਂ ’ਚੋਂ ਮਿਲਿਆ ਛੋਟਾ ਡਰੋਨ

ਦੀਨਾਨਗਰ 27 ਅਪ੍ਰੈਲ। ਵਿਧਾਨ ਸਭਾ ਹਲਕਾ ਦੀਨਾਨਗਰ ਅਧੀਨ ਆਉਂਦੇ ਪੁਲਸ ਸਟੇਸ਼ਨ ਦੁਰਾਂਗਲਾ ਦੇ ਪਿੰਡ ਵਜ਼ੀਰਪੁਰ ਅਫਗਾਨਾ ਵਿੱਚ ਇਕ ਕਿਸਾਨ ਦੇ ਖੇਤਾਂ ’ਚੋਂ ਇੱਕ ਛੋਟਾ ਡਰੋਨ ਮਿਲਣ ਦੀ ਖ਼ਬਰ ਸਾਹਮਣੇ ਆਈ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀਐਸਪੀ ਦੀਨਾਨਗਰ ਰਜਿੰਦਰ ਮਿਨਹਾਸ ਨੇ ਦੱਸਿਆ ਕਿ ਸਰਹੱਦ ਨਾਲ ਲੱਗਦੇ ਇਸ ਪਿੰਡ ਦੇ ਕਿਸਾਨ ਹਰਜੀਤ ਸਿੰਘ ਪੁੱਤਰ ਰਾਮ ਸਿੰਘ ਜਦੋਂ ਆਪਣੇ ਖੇਤਾਂ ’ਚ ਗਿਆ ਤਾਂ ਉਸ ਨੂੰ ਖੇਤ ਵਿੱਚ ਪਿਆ ਇੱਕ ਛੋਟਾ ਡਰੋਨ ਨਜ਼ਰ ਆਇਆ। ਉਸਨੇ ਤੁਰੰਤ ਪੁਲਿਸ ਸਟੇਸ਼ਨ ਦੁਰਾਂਗਲਾ ਨੂੰ ਸੂਚਿਤ ਕੀਤਾ। ਸੂਚਨਾ ਮਿਲਦੇ ਹੀ ਪੁਲਿਸ ਟੀਮ ਮੌਕੇ ‘ਤੇ ਪਹੁੰਚੀ ਅਤੇ ਡਰੋਨ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ। ਇਸ ਤੋਂ ਬਾਅਦ ਪੂਰੇ ਇਲਾਕੇ ਵਿੱਚ ਸਰਚ ਅਭਿਆਨ ਚਲਾਇਆ ਗਿਆ, ਪਰ ਅਜੇ ਤੱਕ ਕਿਸੇ ਵੀ ਤਰ੍ਹਾਂ ਦੀ ਸ਼ੱਕੀ ਵਸਤੂ ਬਰਾਮਦ ਨਹੀਂ ਹੋਈ ਹੈ। ਪੁਲਸ ਵੱਲੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਸੁਰੱਖਿਆ ਏਜੰਸੀਆਂ ਵੀ ਸਚੇਤ ਹਨ।

# ਚੋਰਾਂ ਨੇ ਖੇਤੀਬਾੜੀ ਸੈਕਟਰ ਨੂੰ ਬਣਾਇਆ ਨਿਸ਼ਾਨਾ, ਪਾਣੀ ਵਾਲੀਆਂ ਮੋਟਰਾਂ ਦੀਆਂ ਬਿਜਲੀ ਸਪਲਾਈ ਤਾਰਾਂ

ਕੌਮੀ ਪਤ੍ਰਿਕਾ

ਭੁਲੱਥ 27 ਅਪ੍ਰੈਲ। ਪੁਲਸ ਦੀ ਰਾਤ ਦੀ ਗਸ਼ਤ ’ਤੇ ਸਵਾਲੀਆਂ ਚਿੰਨ੍ਹ ਲਗਾਉਂਦੇ ਹੋਏ ਚੋਰਾਂ ਨੇ ਬੀਤੀ ਰਾਤ ਭੁਲੱਥ ਦੇ ਨੇੜਲੇ ਪਿੰਡ ਖੱਸਣ ਦੇ ਇਲਾਕੇ ਵਿਚ ਖੇਤੀਬਾੜੀ ਸੈਕਟਰ ਨੂੰ ਨਿਸ਼ਾਨਾ ਬਣਾਇਆ। ਜਿਸ ਦੌਰਾਨ ਚੋਰਾਂ ਨੇ ਖੇਤਾਂ ਵਿਚ ਸਟਾਰਟਰਾਂ ਤੋਂ ਸਿੰਚਾਈ ਮੋਟਰਾਂ ਤੱਕ ਲੱਗੀਆਂ ਬਿਜਲੀ ਸਪਲਾਈ ਦੀਆਂ ਕਾਪਰ ਵਾਲੀਆਂ ਤਾਰਾਂ ਚੋਰੀ ਕਰ ਲਈਆਂ। ਜ਼ਿਕਰਯੋਗ ਹੈ ਕਿ ਇਹ ਵਾਰਦਾਤਾਂ ਪਿੰਡ ਖੱਸਣ ਤੋਂ ਲਿੱਟਾਂ ਨੂੰ ਜਾਂਦੀ ਲਿੰਕ ਸੜਕ ’ਤੇ ਅੰਜਾਮ ਦਿੱਤੀਆ ਗਈਆ ਹਨ। ਇਕੱਤਰ ਜਾਣਕਾਰੀ ਅਨੁਸਾਰ ਕਿਸਾਨ ਜੋਗਿੰਦਰ ਸਿੰਘ ਅਤੇ ਮਹਿੰਦਰ ਸਿੰਘ ਵਾਸੀ ਖੱਸਣ ਨੇ ਦੱਸਿਆ ਕਿ ਪਿੰਡ ਖੱਸਣ ਤੋਂ ਲਿੱਟਾਂ ਰੋਡ ਦੇ ਇਲਾਕੇ ਵਿਚ ਉਨ੍ਹਾਂ ਦਾ ਡੇਰਾ ਹੈ। ਜਿੱਥੇ ਬੀਤੀ ਰਾਤ ਆਏ ਅਣਪਛਾਤੇ ਚੋਰਾਂ ਨੇ ਚੋਰੀ ਦੀ ਵਾਰਦਾਤ ਨੂੰ ਅੰਜ਼ਾਮ ਦਿੱਤਾ ਅਤੇ ਡੇਰੇ ਤੋਂ ਸਪਰੇਅ ਵਾਲੇ ਤਿੰਨ ਪੰਪਾਂ ਦੇ ਸਿਲੰਡਰ ਅਤੇ ਪਾਣੀ ਵਾਲੀਆਂ ਮੋਟਰਾਂ ਦੀ ਬਿਜਲੀ ਸਪਲਾਈ ਵਾਲੀਆਂ ਤਾਰਾਂ, ਜੋ ਕਾਪਰ ਦੀਆਂ ਸਨ, ਚੋਰੀ ਕਰਕੇ ਲੈ ਗਏ। ਉਨ੍ਹਾਂ ਦੱਸਿਆ ਕਿ ਚੋਰ ਇਕ ਸਟਾਰਟਰ ਵਿਚੋਂ ਕਾਪਰ ਦੀ ਕਵੈਲ ਵੀ ਲੈ ਗਏ ਹਨ। ਸਵੇਰੇ ਜਦੋਂ ਅਸੀਂ ਰੋਜ਼ਾਨਾਂ ਦੀ ਤਰ੍ਹਾਂ ਡੇਰੇ ’ਤੇ ਆਏ ਤਾਂ ਉਕਤ ਚੋਰੀ ਬਾਰੇ ਪਤਾ ਲੱਗਾ। ਉਨ੍ਹਾਂ ਦਸਿਆ ਕਿ ਇਹ ਚੌਥੀ ਵਾਰਦਾਤ ਹੈ, ਇਸ ਤੋਂ ਪਹਿਲਾਂ ਇਥੇ ਤਿੰਨ ਵਾਰ ਚੋਰੀ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਚੋਰ ਇਥੇ ਨੇੜੇ ਸਿਕੰਦਰ ਸਿੰਘ ਦੇ ਖੇਤਾਂ ਵਿਚ ਲੱਗੀ ਮੋਟਰ ਦੀ ਬਿਜਲੀ ਸਪਲਾਈ ਵਾਲੀ ਕਾਪਰ ਦੀ ਤਾਰ ਚੋਰੀ ਕਰਕੇ ਲੈ ਗਏ ਹਨ। ਇਸ ਦੇ ਨਾਲ ਹੀ ਕਿਸਾਨ ਰੰਮੀ ਅਰੋੜਾ ਵਾਸੀ ਖੱਸਣ ਨੇ ਦੱਸਿਆ ਕਿ ਚੋਰ ਬੀਤੀ ਰਾਤ ਉਸ ਦੇ ਖੇਤਾਂ ਵਿਚ ਸਿੰਚਾਈ ਲਈ ਲੱਗੀ ਮੋਟਰ ਦੀ ਬਿਜਲੀ ਸਪਲਾਈ ਦੀ ਕਾਪਰ ਦੀ ਤਾਰ ਚੋਰੀ ਕਰ ਕੇ ਲੈ ਗਏ ਹਨ। ਗੱਲਬਾਤ ਕਰਦਿਆ ਭਾਰਤੀ ਕਿਸਾਨ ਯੂਨੀਅਨ ਖੋਸਾ ਦੇ ਆਗੂਆਂ ਨੇ ਐੱਸ. ਐੱਸ. ਪੀ. ਕਪੂਰਥਲਾ ਕੋਲੋਂ ਮੰਗ ਕੀਤੀ ਹੈ ਕਿ ਭੁਲੱਥ ਇਲਾਕੇ ਵਿਚ ਰਾਤ ਦੀ ਪੁਲਸ ਗਸ਼ਤ ਯਕੀਨੀ ਬਣਾਈ ਜਾਵੇ ਤਾਂ ਜੋ ਚੋਰੀ ਦੀਆਂ ਵਾਰਦਾਤਾਂ ਕਰਨ ਵਾਲੇ ਗਲਤ ਅਨਸਰਾਂ ਵਿਚ ਪੁਲਸ ਦਾ ਡਰ ਬਣਿਆ ਰਹੇ ਕਿ ਰਾਤ ਸਮੇਂ ਵੀ ਪੁਲਸ ਗਸ਼ਤ ਕਰਦੀ ਹੈ। ਇਸ ਤਰ੍ਹਾਂ ਹੋਣ ਨਾਲ ਭਵਿੱਖ ਵਿਚ ਅਜਿਹੀਆਂ ਚੋਰੀਆਂ ’ਤੇ ਰੋਕ ਲੱਗਣ ਦੀ ਸੰਭਾਵਨਾ ਹੈ।

## ਫਲਾਈਓਵਰ ਨੇੜੇ ਜਵਾਕ ਦੀ ਮਿਲੀ ਲਾਸ਼, ਇਲਾਕੇ ’ਚ ਫੈਲੀ ਸਨਸਨੀ

ਕਾਠਗੜ੍ਹ 27 ਅਪ੍ਰੈਲ। ਆਸਰੋਂ ਪੁਲਸ ਚੌਂਕੀ ਨੂੰ ਬਲਾਚੌਰ-ਰੋਪੜ ਹਾਈਵੇਅ ਮਾਰਗ ’ਤੇ ਰੋਪੜ ਨੇੜੇ ਬਣੇ ਫਲਾਈਓਵਰ ਕੋਲੋਂ ਅਣਪਛਾਤੇ ਬੱਚੇ ਦੀ ਲਾਸ਼ ਬਰਾਮਦ ਹੋਈ ਹੈ। ਪੁਲਸ ਚੌਂਕੀ ਆਸਰੋ ਦੇ ਇੰਚਾਰਜ ਏ. ਐੱਸ. ਆਈ. ਸੰਦੀਪ ਸ਼ਰਮਾ ਨੇ ਦੱਸਿਆ ਕਿ 24 ਅਪ੍ਰੈਲ ਨੂੰ ਉਕਤ ਫਲਾਈਓਵਰ ਨੇੜੇ ਅਣਪਛਾਤੇ ਬੱਚੇ ਦੀ ਲਾਸ਼ ਬਰਾਮਦ ਹੋਈ ਹੈ, ਜਿਸ ਦੀ ਉਮਰ ਕਰੀਬ 4 ਸਾਲ ਹੈ। ਲਾਸ਼ ਇੰਝ ਜਾਪਦੀ ਹੈ ਜਿਵੇਂ 4 ਕੁ ਦਿਨ ਪਹਿਲਾਂ ਸਤਲੁਜ ਦਰਿਆ ਵਿਚ ਰੁੜ੍ਹ ਕੇ ਆਈ ਹੋਵੇ। ਬੱਚੇ ਦੇ ਵਾਲ ਰਬੜ ਨਾਲ ਬੰਨ੍ਹੇ ਹੋਏ ਹਨ। ਉਸ ਨੇ ਹਰੇ ਰੰਗ ਦੀ ਟੀ ਸ਼ਰਟ ਅਤੇ ਬਰਾਊਨ ਰੰਗ ਦੀ ਨਿੱਕਰ ਪਹਿਨੀ ਹੋਈ ਹੈ।

## ‘ਮੌਤ ਦਾ ਸਾਮਾਨ’ ਵੇਚਣ ਵਾਲੀ ਮਹਿਲਾ ਚੜ੍ਹੀ ਪੁਲਸ ਅੜਿੱਕੇ

ਲੁਧਿਆਣਾ 27 ਅਪ੍ਰੈਲ। ਨਸ਼ਾ ਤਸਕਰੀ ਦੇ ਖ਼?ਲਾਫ਼ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਪੁਲਸ ਨੂੰ ਉਸ ਸਮੇਂ ਵੱਡੀ ਸਫ਼ਲਤਾ ਹਾਸਲ ਹੋਈ ਜਦੋਂ ਗਸ਼ਤ ਦੇ ਦੌਰਾਨ ਇਕ ਮਹਿਲਾ ਨੂੰ ਭਾਰੀ ਮਾਤਰਾ ਵਿਚ ਨਸ਼ੀਲੇ ਪਦਾਰਥ ਦੇ ਨਾਲ ਗ੍ਰਿਫ਼ਤਾਰ ਕੀਤਾ ਗਿਆ। ਇਹ ਗ੍ਰਿਫ਼ਤਾਰੀ ਦਿਖਾਉਂਦੀ ਹੈ ਕਿ ਹੁਣ ਨਸ਼ਾ ਤਸਕਰੀ ਦੇ ਕਾਲੇ ਕਾਰੋਬਾਰ ਵਿਚ ਮਹਿਲਾਵਾਂ ਵੀ ਮਰਦਾਂ ਤੋਂ ਪਿੱਛੇ ਨਹੀਂ ਰਹੀਆਂ ਹਨ ਅਤੇ ਬੇਖ਼ੌਫ਼ ਹੋ ਕੇ ਮੌਤ ਦਾ ਸਮਾਨ ਵੇਚ ਰਹੀਆਂ ਹਨ। ਮਿਲੀ ਜਾਣਕਾਰੀ ਅਨੁਸਾਰ, ਐੱਸ.ਆਈ. ਧਰਮਿੰਦਰ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਜਾਂਚ ਅਤੇ ਗਸ਼ਤ ਦੇ ਸਿਲਸਿਲੇ ਵਿਚ ਚੀਮਾ ਚੌਂਕ ਪੁਲ ਦੇ ਹੇਠਾਂ ਹੀਰਾ ਮਾਰਕੀਟ ਦੇ ਕੋਲ ਮੌਜੂਦ




ਸੀ। ਇਸੇ ਦੌਰਾਨ ਪੁਲਸ ਨੂੰ ਉੱਥੇ ਇਕ ਸ਼ੱਕੀ ਮਹਿਲਾ ਦਿਖਾਈ ਦਿੱਤੀ, ਜੋ ਪੁਲਸ ਦੀ ਗੱਡੀ ਨੂੰ ਦੇਖ ਕੇ ਘਬਰਾ ਗਈ ਅਤੇ ਉੱਥੋਂ ਖਿਸਕਣ ਦੀ ਕੋਸ਼ਿਸ਼ ਕਰਨ ਲੱਗੀ। ਪੁਲਸ ਨੇ ਮੁਸਤੈਦੀ ਦਿਖਾਉਂਦੇ ਹੋਏ ਸ਼ੱਕ ਦੇ ਅਧਾਰ ’ਤੇ ਉਸ ਨੂੰ ਕਾਬੂ ਕਰ ਲਿਆ ਅਤੇ ਤਲਾਸ਼ੀ ਦੌਰਾਨ ਉਸ ਦੇ ਕਬਜ਼ੇ ਵਿਚੋਂ 500 ਗ੍ਰਾਮ ਗਾਂਜਾ ਬਰਾਮਦ ਹੋਇਆ। ਪੁਲਸ ਨੇ ਮੁਲਜ਼ਮ ਮਹਿਲਾ ਖ਼?ਲਾਫ਼ ਐੱਨ.ਡੀ.ਪੀ.ਐੱਸ. ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ ਅਤੇ ਹੁਣ ਉਸ ਤੋਂ ਇਹ ਪੁੱਛਗਿੱਛ ਕੀਤੀ ਜਾ ਰਹੀ ਹੈ ਕਿ ਉਹ ਇਹ ਨਸ਼ਾ ਕਿੱਥੋਂ ਲੈ ਕੇ ਆਈ ਸੀ ਅਤੇ ਕਿੱਥੇ ਸਪਲਾਈ ਕੀਤਾ ਜਾਣਾ ਸੀ। ਲੁਧਿਆਣਾ ਪੁਲਸ ਨੇ ਸਪੱਸ਼ਟ ਕੀਤਾ ਹੈ ਕਿ ਨਸ਼ੇ ਦੇ ਸੌਦਾਗਰਾਂ ਨੂੰ ਕਿਸੇ ਵੀ ਕੀਮਤ ’ਤੇ ਬਖ਼ਸ਼ਿਆ ਨਹੀਂ ਜਾਵੇਗਾ।

## ਤਰਨਤਾਰਨ ’ਚ 25 ਕਰੋੜ ਦੀ ਹੈਰੋਇਨ ਸਣੇ ਨਸ਼ਾ ਸਮੱਗਲਰ ਕਾਬੂ

ਤਰਨਤਾਰਨ 27 ਅਪ੍ਰੈਲ। ਸੀ.ਆਈ.ਏ. ਸਟਾਫ਼ ਤਰਨਤਾਰਨ ਦੀ ਪੁਲਸ ਨੇ ਸਰਹੱਦ ਪਾਰ ਤੋਂ ਨਸ਼ਾ ਸਮੱਗਲਿੰਗ ਕਰਨ ਵਾਲੇ ਇਕ ਵੱਡੇ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ ਇਕ ਸਮੱਗਲਰ ਨੂੰ 5 ਕਿੱਲੋ 101 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਨ ’ਚ ਸਫ਼ਲਤਾ ਹਾਸਲ ਕੀਤੀ ਹੈ। ਬਰਾਮਦ ਕੀਤੀ ਗਈ ਹੈਰੋਇਨ ਦੀ ਅੰਤਰਰਾਸ਼ਟਰੀ ਬਾਜ਼ਾਰ ’ਚ ਕੀਮਤ 25 ਕਰੋੜ ਰੁਪਏ ਤੋਂ ਵੱਧ ਦੱਸੀ ਜਾ ਰਹੀ ਹੈ। ਥਾਣਾ ਝਬਾਲ ਵਿਖੇ ਮੁਕੱਦਮਾ ਦਰਜ ਕਰ ਕੇ ਪੁਲਸ ਵੱਲੋਂ ਮੁਲਜ਼ਮ ਦਾ ਰਿਮਾਂਡ ਹਾਸਲ ਕੀਤਾ ਗਿਆ ਹੈ। ਪ੍ਰੈੱਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਜ਼ਿਲੇ ਦੇ ਐੱਸ.ਐੱਸ.ਪੀ. ਸੁਰਿੰਦਰ ਲਾਂਬਾ ਨੇ ਦੱਸਿਆ ਕਿ ਸੀ.ਆਈ.ਏ. ਸਟਾਫ਼ ਨੂੰ ਮਿਲੀ ਗੁਪਤ ਸੂਚਨਾ ਦੇ ਅਧਾਰ ’ਤੇ ਪਿੰਡ ਗੱਗੋਬੂਹਾ ਇਲਾਕੇ ਵਿਚ ਨਾਕੇਬੰਦੀ ਕੀਤੀ ਗਈ ਸੀ। ਇਸ ਦੌਰਾਨ ਇਕ ਸ਼ੱਕੀ ਐਕਟਿਵਾ ਸਵਾਰ ਨੂੰ ਰੁਕਣ ਦਾ ਇਸ਼ਾਰਾ ਕੀਤਾ ਗਿਆ, ਜਿਸ ਦੀ ਤਲਾਸ਼ੀ ਲੈਣ ’ਤੇ ਉਸ ਕੋਲੋਂ ਉਕਤ ਹੈਰੋਇਨ ਬਰਾਮਦ ਹੋਈ। ਫੜੇ ਗਏ ਮੁਲਜ਼ਮ ਦੀ ਪਛਾਣ ਬਹਾਦਰ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਪਿੰਡ ਬਿਧੀ ਚੰਦ ਛੀਨਾ ਵਜੋਂ ਹੋਈ ਹੈ। ਪੁੱਛਗਿੱਛ ਦੌਰਾਨ ਸਾਹਮਣੇ ਆਇਆ ਹੈ ਕਿ ਮੁਲਜ਼ਮ ਲੰਬੇ ਸਮੇਂ ਤੋਂ ਪਾਕਿਸਤਾਨੀ ਸਮੱਗਲਰਾਂ ਦੇ ਸੰਪਰਕ ਵਿਚ ਸੀ ਅਤੇ ਡਰੋਨ ਦੀ ਮਦਦ ਨਾਲ ਭਾਰਤ-ਪਾਕਿਸਤਾਨ ਸਰਹੱਦ ਰਾਹੀਂ ਨਸ਼ੇ ਦੀਆਂ ਖੇਪਾਂ ਮੰਗਵਾ ਕੇ ਅੱਗੇ ਸਪਲਾਈ ਕਰਦਾ ਸੀ। ਐੱਸ.ਐੱਸ.ਪੀ. ਨੇ ਦੱਸਿਆ ਕਿ ਮੁਲਜ਼ਮ ਕੋਲੋਂ ਵਰਤੀ ਗਈ ਐਕਟਿਵਾ ਵੀ ਜ਼ਬਤ ਕਰ ਲਈ ਗਈ ਹੈ।

# ਟਰੱਕ ਡਰਾਇਵਰ ਨੇ ਸਹੇਲੀ ਦੇ ਨਵੇਂ ਆਸ਼ਿਕ ਨਾਲ ਸਬੰਧ ਬਣਨ ’ਤੇ ਪੱਟ ’ਚ ਮਾਰੀ ਗੋਲੀ

ਕੌਮੀ ਪਤ੍ਰਿਕਾ

ਮਾਛੀਵਾੜਾ ਸਾਹਿਬ 27 ਅਪ੍ਰੈਲ। ਟਰੱਕ ਡਰਾਇਵਰ ਦਾ ਕਿੱਤਾ ਕਰਦੇ ਹਰਜਿੰਦਰ ਸਿੰਘ ਵਾਸੀ ਪੂਨੀਆ, ਜ਼ਿਲਾ ਨਵਾਂਸ਼ਹਿਰ ਨੇ ਆਪਣੀ ਪ੍ਰੇਮਿਕਾ ਮਨਦੀਪ ਕੌਰ ਦੇ ਨਵੇਂ ਪ੍ਰੇਮੀ ਬਿਕਰਮਜੀਤ ਸਿੰਘ ਵਾਸੀ ਬਾਲਿਓਂ ਨਾਲ ਸਬੰਧ ਬਣਨ ’ਤੇ ਰੰਜਿਸ਼ ਕਾਰਨ ਪ੍ਰੇਮੀ ਦੇ ਪੱਟ ਵਿਚ ਗੋਲੀ ਮਾਰ ਕੇ ਫ਼ਰਾਰ ਹੋ ਗਿਆ ਸੀ। ਮਾਛੀਵਾੜਾ ਪੁਲਸ ਵਲੋਂ ਅੱਜ ਇਸ ਮਾਮਲੇ ਨੂੰ ਸੁਲਝਾਉਂਦਿਆਂ ਮੁਲਜ਼ਮ ਹਰਜਿੰਦਰ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਇਸ ਸਬੰਧੀ ਪ੍ਰੈੱਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਲੰਘੀ ਜਨਵਰੀ ਮਹੀਨੇ ’ਚ ਟਰੱਕ ਡਰਾਇਵਰ ਹਰਜਿੰਦਰ ਸਿੰਘ ਆਪਣੀ ਪ੍ਰੇਮਿਕਾ ਮਨਦੀਪ ਕੌਰ ਦੇ ਘਰ ਮਿਲਣ ਲਈ ਗਿਆ ਜਿਸ ਕਾਰਨ ਉੱਥੇ ਜਾ ਕੇ ਉਹ ਝਗੜਾ ਕਰਨ ਲੱਗਾ। ਮਨਦੀਪ ਕੌਰ ਨੇ ਫੋਨ ਕਰਕੇ ਬਿਕਰਮਜੀਤ ਸਿੰਘ ਨੂੰ ਬੁਲਾ ਲਿਆ ਅਤੇ ਜਦੋਂ ਉਹ ਉੱਥੇ ਪੁੱਜਾ ਤਾਂ ਹਰਜਿੰਦਰ ਸਿੰਘ ਉਸਦੇ ਪੱਟ ਵਿਚ ਗੋਲੀ ਮਾਰ ਕੇ ਮੌਕੇ ਤੋਂ ਫ਼ਰਾਰ ਹੋ ਗਿਆ। ਮਾਛੀਵਾੜਾ ਪੁਲਸ ਵਲੋਂ ਇਸ ਸਬੰਧੀ ਮਾਮਲਾ ਦਰਜ ਕਰ ਹਰਜਿੰਦਰ ਸਿੰਘ ਦੀ ਤਲਾਸ਼ ਕੀਤੀ ਜਾ ਰਹੀ ਸੀ ਜਿਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਪੁੱਛਗਿੱਛ ਦੌਰਾਨ



ਉਸ ਕੋਲੋਂ ਇੱਕ 32 ਬੋਰ ਰਿਵਾਲਵਰ ਤੇ ਜ਼ਿੰਦਾ ਕਾਰਤੂਸ ਵੀ ਬਰਾਮਦ ਹੋਏ ਜਿਸ ਨਾਲ ਉਸਨੇ ਬਿਕਰਮਜੀਤ ਸਿੰਘ ’ਤੇ ਗੋਲੀ ਮਾਰ ਕੇ ਕਾਤਲਾਨਾ ਹਮਲਾ ਕੀਤਾ ਸੀ। ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਵਜ?ਹਾ ਰੰਜਿਸ਼ ਇਹ ਸਾਹਮਣੇ ਆਈ ਕਿ ਮਨਦੀਪ ਕੌਰ ਦੀ ਪਹਿਲਾਂ ਹਰਜਿੰਦਰ ਸਿੰਘ ਨਾਲ ਦੋਸਤੀ ਸੀ ਜਿਸ ਦਾ ਉਸਦੇ ਘਰ ਆਉਣਾ ਜਾਣਾ ਸੀ। ਕੁਝ ਸਮੇਂ ਤੋਂ ਮਨਦੀਪ ਕੌਰ ਦੀ ਦੋਸਤੀ ਬਿਕਰਮਜੀਤ ਸਿੰਘ ਨਾਲ ਹੋ ਗਈ ਜਿਸ ਕਾਰਨ ਉਹ ਰੰਜਿਸ਼ ਰੱਖਦਾ ਸੀ ਅਤੇ ਉਸਨੇ ਇਹ ਗੋਲੀ ਮਾਰ ਦਿੱਤੀ। ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਹਰਜਿੰਦਰ ਸਿੰਘ ਯੂ.ਪੀ. ਤੋਂ ਜਾ ਕੇ 90 ਹਜ਼ਾਰ ਰੁਪਏ ਵਿਚ ਇਹ ਨਾਜਾਇਜ਼ ਅਸਲਾ ਤੇ ਕਾਰਤੂਸ ਲੈ ਕੇ ਆਇਆ ਸੀ ਜਿਸ ਦਾ ਉਦੇਸ਼ ਰੰਜਿਸ਼ ਕਾਰਨ ਬਿਕਰਮਜੀਤ ਸਿੰਘ ’ਤੇ ਹਮਲਾ ਕਰਨਾ ਸੀ। ਥਾਣਾ ਮੁਖੀ ਪਵਿੱਤਰ ਸਿੰਘ ਨੇ ਕਿਹਾ ਕਿ ਇਹ ਸਾਰਾ ਮਾਮਲਾ ਸੁਲਝਾ ਲਿਆ ਹੈ ਅਤੇ ਜਾਂਚ ਦੌਰਾਨ ਜਿਹੜੇ ਵੀ ਢਾਬੇ ਤੋਂ ਅਸਲਾ ਖਰੀਦ ਕੇ ਲਿਆਇਆ ਉਸਦੀ ਵੀ ਭਾਲ ਕੀਤੀ ਜਾਵੇਗੀ।

## ਕਾਲਜ ਤੋਂ ਪਰਤ ਰਹੇ ਵਿਦਿਆਰਥੀ ਨਾਲ ਸ਼ਰੇਆਮ ਗੁੰਡਾਗਰਦੀ ਅਤੇ ਲੁੱਟ

ਲੁਧਿਆਣਾ 27 ਅਪ੍ਰੈਲ। ਸ਼ਹਿਰ ਦੇ ਸਾਊਥ ਸਿਟੀ ਇਲਾਕੇ ਵੱਲ ਜਾ ਰਹੇ ਇਕ ਕਾਲਜ ਵਿਦਿਆਰਥੀ ਨਾਲ ਬੇਰਹਿਮੀ ਨਾਲ ਕੁੱਟਮਾਰ ਅਤੇ ਲੁੱਟ-ਖੋਹ ਦਾ ਮਾਮਲਾ ਸਾਹਮਣੇ ਆਇਆ ਹੈ। ਪੰਜ ਹਮਲਾਵਰ ਨੌਜਵਾਨਾਂ




ਨੇ ਨਾ ਸਿਰਫ਼ ਵਿਦਿਆਰਥੀ ਦੀ ਕਾਰ ਦੇ ਸ਼ੀਸ਼ੇ ਤੋੜੇ, ਬਲਕਿ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦੇ ਹੋਏ ਉਸ ਤੋਂ ਸੋਨੇ ਦੇ ਗਹਿਣੇ ਅਤੇ ਨਕਦੀ ਖੋਹ ਕੇ ਫ਼ਰਾਰ ਹੋ ਗਏ। ਹਾਲਾਂਕਿ, ਥਾਣਾ ਪੀ.ਏ.ਯੂ. ਦੀ ਪੁਲਸ ਨੇ ਮੁਸਤੈਦੀ ਦਿਖਾਉਂਦੇ ਹੋਏ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪੀੜਤ ਵਿਦਿਆਰਥੀ ਵਿਆਸ ਕਪੂਰ ਨੇ ਪੁਲਸ ਨੂੰ ਦਿੱਤੇ ਬਿਆਨ ਵਿਚ ਦੱਸਿਆ ਕਿ 9 ਅਪ੍ਰੈਲ ਨੂੰ ਉਹ ਕਾਲਜ ਤੋਂ ਛੁੱਟੀ ਹੋਣ ਤੋਂ ਬਾਅਦ ਆਪਣੀ ਟੋਇਟਾ ਯਾਰਿਸ ਕਾਰ ਵਿਚ ਸਵਾਰ ਹੋ ਕੇ ਕੌਫ਼ੀ ਪੀਣ ਲਈ ਸਾਊਥ ਸਿਟੀ ਵੱਲ ਜਾ ਰਿਹਾ ਸੀ। ਜਦੋਂ ਉਹ ਪਿੰਡ ਬੀਰਮੀ ਦੇ ਕੋਲ ਆਪਣੇ ਇਕ ਦੋਸਤ ਦਾ ਇੰਤਜ਼ਾਰ ਕਰਨ ਲਈ ਰੁਕਿਆ, ਉਦੋਂ ਹੀ ਮੋਟਰਸਾਈਕਲ ਅਤੇ ਐਕਟਿਵਾ ’ਤੇ ਸਵਾਰ ਕਰੀਬ 5 ਨੌਜਵਾਨ ਉੱਥੇ ਪਹੁੰਚੇ। ਹਮਲਾਵਰਾਂ ਨੇ ਤੇਜ਼ਧਾਰ ਹਥਿਆਰਾਂ ਨਾਲ ਕਾਰ ’ਤੇ ਹਮਲਾ ਕਰ ਦਿੱਤਾ ਅਤੇ ਭੰਨ-ਤੋੜ ਕੀਤੀ। ਦਹਿਸ਼ਤ ਦੇ ਮਾਰੇ ਜਦੋਂ ਉਹ ਕਾਰ ਤੋਂ ਬਾਹਰ ਨਿਕਲਿਆ, ਤਾਂ ਮੁਲਜ਼ਮਾਂ ਨੇ ਉਸ ਦੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ ਅਤੇ ਉਸ ਦੇ ਹੱਥੋਂ ਸੋਨੇ ਦਾ ਕੜਾ, ਗਲੇ ਤੋਂ ਸੋਨੇ ਦੀ ਚੈਨ, ਦੋ ਮੋਬਾਈਲ ਫ਼ੋਨ ਅਤੇ ਪਰਸ ਖੋਹ ਲਿਆ, ਜਿਸ ਵਿਚ 2100 ਰੁਪਏ ਦੀ ਨਕਦੀ ਅਤੇ ਜ਼ਰੂਰੀ ਦਸਤਾਵੇਜ਼ ਸਨ। ਪੁਲਸ ਨੇ ਤਫ਼ਤੀਸ਼ ਦੌਰਾਨ ਚਾਰ ਮੁਲਜ਼ਮਾਂ ਨੂੰ ਕਾਬੂ ਕਰ ਲਿਆ ਹੈ, ਜਿਨ੍ਹਾਂ ਦੀ ਪਛਾਣ ਕਰਨ ਸਿੰਘ, ਜੋਬਨ, ਹਰਸ਼ਦੀਪ ਸਿੰਘ ਅਤੇ ਹਰਮਨ ਸਿੰਘ ਵਜੋਂ ਹੋਈ ਹੈ। ਪੁਲਸ ਨੇ ਮੁਲਜ਼ਮਾਂ ਕੋਲੋਂ ਲੁੱਟਿਆ ਗਿਆ ਇਕ ਮੋਬਾਈਲ ਫ਼ੋਨ ਬਰਾਮਦ ਕਰ ਲਿਆ ਹੈ ਅਤੇ ਗਿਰੋਹ ਦੇ ਬਾਕੀ ਮੈਂਬਰਾਂ ਤੇ ਹੋਰ ਸਾਮਾਨ ਦੀ ਬਰਾਮਦਗੀ ਲਈ ਪੁੱਛਗਿੱਛ ਜਾਰੀ ਹੈ।

## 20 ਲੱਖ ਦੀ ਫਿਰੌਤੀ ਮੰਗਣ ਵਾਲੇ 4 ਗ੍ਰਿਫਤਾਰ

ਅੰਮ੍ਰਿਤਸਰ 27 ਅਪ੍ਰੈਲ। ਲੱਖਾਂ ਰੁਪਏ ਦੀ ਫਿਰੌਤੀ ਮੰਗਣ ਅਤੇ ਘਰ ’ਤੇ ਫਾਇਰਿੰਗ ਕਰਨ ਦੇ ਮਾਮਲੇ ’ਚ ਥਾਣਾ ਜੰਡਿਆਲਾ ਦੀ ਪੁਲਸ ਨੇ ਰਾਮ ਸਿੰਘ ਰੋਮਨ, ਹਰਪ੍ਰੀਤ ਸਿੰਘ ਹੈਪੀ, ਸਤਨਾਮ ਸਿੰਘ ਅਤੇ ਸਿਕੰਦਰ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਸ ਨੇ ਮੁਲਜ਼ਮਾਂ ਕੋਲੋਂ 2 ਪਿਸਤੌਲ ਵੀ ਬਰਾਮਦ ਕੀਤੇ ਹਨ। ਪੁਲਸ ਵੱਲੋਂ ਸਾਰੇ ਮੁਲਜ਼ਮ ਖ਼?ਲਾਫ਼ ਕੇਸ ਦਰਜ ਕਰ ਕੇ ਮਾਣਯੋਗ ਅਦਾਲਤ ਦੇ ਹੁਕਮਾਂ ਅਨੁਸਾਰ ਉਨ੍ਹਾਂ ਨੂੰ ਪੁਲਸ ਰਿਮਾਂਡ ’ਤੇ ਲਿਆ ਗਿਆ ਹੈ, ਤਾਂ ਜੋ ਹੋਰ ਪੁੱਛਗਿੱਛ ਕੀਤੀ ਜਾ ਸਕੇ। ਪ੍ਰਾਪਰਟੀ ਡੀਲਰ ਸੁਰਿੰਦਰ ਕੁਮਾਰ ਦੀ ਸ਼ਿਕਾਇਤ ’ਤੇ ਦਰਜ ਮਾਮਲੇ ਅਨੁਸਾਰ ਉਸ ਨੇ ਦੱਸਿਆ ਕਿ 19 ਅਪ੍ਰੈਲ ਦੀ ਰਾਤ ਕਰੀਬ 12 ਵਜੇ ਉਹ ਆਪਣੇ ਪਰਿਵਾਰ ਨਾਲ ਘਰ ’ਚ ਸੌਂ ਰਿਹਾ ਸੀ ਕਿ ਦੋ ਮੋਟਰਸਾਈਕਲਾਂ ’ਤੇ ਸਵਾਰ ਚਾਰ ਜਾਣ-ਪਛਾਣ ਵਾਲੇ ਨੌਜਵਾਨ ਉਸ ਦੇ ਘਰ ਆਏ ਅਤੇ ਫਾਇਰਿੰਗ ਕਰਨੀ ਸ਼ੁਰੂ ਕਰ ਦਿੱਤੀ। ਦੋ ਦਰਜਨ ਦੇ ਕਰੀਬ ਗੋਲੀਆਂ ਚਲਾਈਆਂ ਗਈਆਂ, ਜੋ ਉਸ ਦੇ ਘਰ ਦੇ ਗੇਟ ਅਤੇ ਦੀਵਾਰਾਂ ’ਤੇ ਲੱਗੀਆਂ। ਇਸ ਤੋਂ ਬਾਅਦ ਮੁਲਜ਼ਮ ਮੌਕੇ ਤੋਂ ਫਰਾਰ ਹੋ ਗਏ। ਮੁਲਜ਼ਮਾਂ ਵੱਲੋਂ 20 ਲੱਖ ਰੁਪਏ ਦੀ ਫਿਰੌਤੀ ਦੀ ਮੰਗ ਕਰ ਰਹੇ ਸਨ। ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

# ਲੁੱਟਾਂ-ਖੋਹਾਂ ਕਰਨ ਵਾਲਿਆਂ ਦੀ ਲੋਕਾਂ ਨੇ ਕੀਤੀ ਛਿੱਤਰ ਪਰੇਡ

ਕੌਮੀ ਪਤ੍ਰਿਕਾ

ਲੁਧਿਆਣਾ 27 ਅਪ੍ਰੈਲ। ਫੋਕਲ ਪੁਆਇੰਟ ਫੇਜ਼-6 ਵਿਚ ਮੋਬਾਈਲ ਸਨੈਚਿੰਗ ਕਰਨ ਵਾਲੇ ਦੋ ਸ਼ਾਤਰ ਬਦਮਾਸ਼ਾਂ ਦਾ ਉਸ ਸਮੇਂ ਬੁਰਾ ਵਕਤ ਸ਼ੁਰੂ ਹੋ ਗਿਆ ਜਦੋਂ ਉਹ ਇਕ ਰਾਹਗੀਰ ਨੂੰ ਸ਼ਿਕਾਰ ਬਣਾਉਣ ਦੀ ਕੋਸ਼ਿਸ਼ ਕਰ ਰਹੇ ਸਨ। ਖੁਦ ਨੂੰ ਸ਼ੇਰ ਸਮਝਣ ਵਾਲੇ ਇਹ ਲੁਟੇਰੇ ਮਜ਼ਦੂਰਾਂ ਦੇ ਹੱਥ ਚੜ੍ਹ ਗਏ, ਜਿਨ੍ਹਾਂ ਨੇ ਨਾ ਸਿਰਫ਼ ਉਨ੍ਹਾਂ ਦੀ ਲੁੱਟ ਦੀ ਯੋਜਨਾ ਨੂੰ ਨਾਕਾਮ ਕੀਤਾ ਬਲਕਿ ਮੌਕੇ ’ਤੇ ਹੀ ਕਾਨੂੰਨ ਦਾ ਪਾਠ ਪੜ੍ਹਾਉਂਦੇ ਹੋਏ ਉਨ੍ਹਾਂ ਦੀ ਛਿੱਤਰ ਪਰੇਡ ਵੀ ਕਰ ਦਿੱਤੀ। ਗੁੱਸੇ ਵਿਚ ਆਏ ਲੋਕਾਂ ਨੇ ਦੋਵਾਂ ਲੁਟੇਰਿਆਂ ਨੂੰ ਸੜਕ ਵਿਚਾਲੇ ਰੋਕ ਕੇ ਥੱਪੜ ਅਤੇ ਮੁੱਕੇ ਵਰ੍ਹਾਏ, ਜਿਸ ਦੀ ਵੀਡੀਓ ਹੁਣ ਇਲਾਕੇ ਵਿਚ ਖੂਬ ਵਾਇਰਲ ਹੋ ਰਹੀ ਹੈ। ਮੌਕੇ ’ਤੇ ਮੌਜੂਦ ਲੋਕਾਂ ਤੋਂ ਮਿਲੀ ਜਾਣਕਾਰੀ ਅਨੁਸਾਰ, ਇਹ ਦੋਵੇਂ ਸਨੈਚਰ ਲੰਮੇ ਸਮੇਂ ਤੋਂ ਸੁਨਸਾਨ ਫੈਕਟਰੀ ਇਲਾਕੇ ਵਿਚ ਇਕੱਲੇ ਜਾ ਰਹੇ ਮਜ਼ਦੂਰਾਂ ਅਤੇ ਰਾਹਗੀਰਾਂ ਨੂੰ ਆਪਣਾ ਨਿਸ਼ਾਨਾ ਬਣਾ ਰਹੇ ਸਨ। ਅੱਜ ਵੀ ਇਨ੍ਹਾਂ ਨੇ ਇਕ ਮਜ਼ਦੂਰ ਨੂੰ ਘੇਰ ਕੇ ਹਥਿਆਰ ਦੇ ਜ਼ੋਰ ’ਤੇ ਉਸ ਦਾ ਮੋਬਾਈਲ ਖੋਹਣ ਦੀ ਕੋਸ਼ਿਸ਼ ਕੀਤੀ, ਪਰ ਰੌਲ?ਾ ਪੈਣ ’ਤੇ ਆਸ-ਪਾਸ ਦੀਆਂ



ਫੈਕਟਰੀਆਂ ਵਿਚ ਕੰਮ ਕਰਨ ਵਾਲੇ ਜਾਂਬਾਜ਼ ਮਜ਼ਦੂਰ ਉੱਥੇ ਪਹੁੰਚ ਗਏ। ਲੁਟੇਰਿਆਂ ਨੇ ਭੱਜਣ ਦੀ ਕੋਸ਼ਿਸ਼ ਕੀਤੀ ਪਰ ਭੀੜ ਨੇ ਉਨ੍ਹਾਂ ਨੂੰ ਚਾਰੋਂ ਪਾਸਿਓਂ ਘੇਰ ਲਿਆ। ਫੜੇ ਜਾਣ ਤੋਂ ਬਾਅਦ ਬਦਮਾਸ਼ ਖੁਦ ਨੂੰ ਬੇਕਸੂਰ ਦੱਸ ਕੇ ਮਿੰਨਤਾਂ ਕਰਦੇ ਰਹੇ, ਪਰ ਗੁੱਸੇ ਵਿਚ ਆਏ ਲੋਕਾਂ ਨੇ ਉਨ੍ਹਾਂ ਦੀ ਇੱਕ ਨਾ ਸੁਣੀ ਅਤੇ ਉਨ੍ਹਾਂ ਦੀ ਅੱਛੀ-ਖਾਸੀ ‘ਛਿੱਤਰ ਪਰੇਡ’ ਕਰ ਦਿੱਤੀ। ਹੰਗਾਮੇ ਦੌਰਾਨ ਲੋਕਾਂ ਨੇ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ ਇੱਕ ਬਾਈਕ ਅਤੇ ਇੱਕ ਸ਼ੱਕੀ ਬੈਗ ਵੀ ਬਰਾਮਦ ਕੀਤਾ ਹੈ, ਜਿਸ ਦੀ ਵਰਤੋਂ ਉਹ ਵਾਰਦਾਤਾਂ ਸਮੇਂ ਕਰਦੇ ਸਨ। ਸਥਾਨਕ ਨਿਵਾਸੀ ਰਾਮ ਭਸੀਨ ਨੇ ਇਲਾਕੇ ਦੀ ਸੁਰੱਖਿਆ ਵਿਵਸਥਾ ’ਤੇ ਚਿੰਤਾ ਜਤਾਉਂਦੇ ਹੋਏ ਕਿਹਾ ਕਿ ਫੋਕਲ ਪੁਆਇੰਟ ਵਿੱਚ ਸਨੈਚਿੰਗ ਦੀਆਂ ਵਾਰਦਾਤਾਂ ਆਮ ਗੱਲ ਹੋ ਗਈਆਂ ਹਨ। ਦੁਪਹਿਰ ਅਤੇ ਰਾਤ ਦੇ ਸਮੇਂ ਕੰਮ ਤੋਂ ਘਰ ਪਰਤ ਰਹੇ ਗਰੀਬ ਮਜ਼ਦੂਰਾਂ ਨੂੰ ਬੇਖ਼ੌਫ਼ ਲੁਟੇਰੇ ਹਥਿਆਰਾਂ ਦੇ ਜ਼ੋਰ ’ਤੇ ਲੁੱਟ ਲੈਂਦੇ ਹਨ। ਉਨ੍ਹਾਂ ਨੇ ਪੁਲਸ ਦੀ ਕਾਰਜਸ਼ੈਲੀ ’ਤੇ ਸਵਾਲ ਚੁਕਦੇ ਹੋਏ ਕਿਹਾ ਕਿ ਗਸ਼ਤ ਘੱਟ ਹੋਣ ਕਾਰਨ ਹੀ ਆਮ ਜਨਤਾ ਨੂੰ ਖੁਦ ਲੁਟੇਰਿਆਂ ਨਾਲ ਭਿੜਨਾ ਪੈ ਰਿਹਾ ਹੈ। ਫਿਲਹਾਲ ਘਟਨਾ ਦੀ ਸੂਚਨਾ ਪੁਲਸ ਨੂੰ ਦੇ ਦਿੱਤੀ ਗਈ ਹੈ ਅਤੇ ਪੁਲਸ ਮੁਲਜ਼ਮਾਂ ਤੋਂ ਪੁੱਛਗਿੱਛ ਕਰਕੇ ਉਨ੍ਹਾਂ ਦੇ ਪੁਰਾਣੇ ਰਿਕਾਰਡ ਖੰਗਾਲਣ ਵਿਚ ਜੁਟੀ ਹੈ।

## ਕਰਿਆਨਾ ਸਟੋਰ ਦੇ ਸ਼ਟਰ ਤੋੜ ਕੇ ਲੱਖਾਂ ਦਾ ਸਾਮਾਨ ਉਡਾਇਆ

ਭਿੱਖੀਵਿੰਡ 27 ਅਪ੍ਰੈਲ। ਬਲਾਕ ਭਿੱਖੀਵਿੰਡ ਅਧੀਨ ਆਉਂਦੇ ਪਿੰਡ ਜ਼ਮਾਲਪੁਰ ਦੇ ਵਾਸੀ ਲਖਬੀਰ ਸਿੰਘ ਦੀ ਕਰਿਆਨੇ ਦੀ ਦੁਕਾਨ ’ਚੋਂ ਬੀਤੀ ਰਾਤ ਚੋਰਾਂ ਵੱਲੋਂ ਲੱਖਾਂ ਰੁਪਏ ਮੁੱਲ ਦਾ ਸਾਮਾਨ ਚੋਰੀ ਕਰ ਲੈ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਗਬਾਣੀ ਨਾਲ ਗੱਲਬਾਤ ਕਰਦਿਆਂ ਲਖਬੀਰ ਸਿੰਘ ਪੁੱਤਰ ਬਲਦੇਵ ਸਿੰਘ ਨੇ ਕਿ ਦੱਸਿਆ ਕਿ ਸਾਡੀ ਦੁਕਾਨ ਬਲਦੇਵ ਕਰਿਆਨਾ ਸਟੋਰ ਅੱਡਾ ਸਾਬਾਜ਼ਪੁਰ ਵਿਖੇ ਹੈ, ਜਿਸ ’ਚੋਂ 15 ਅਪ੍ਰੈਲ ਦੀ ਰਾਤ ਨੂੰ ਚੋਰਾਂ ਵੱਲੋਂ ਸ਼ਟਰ ਤੋੜ ਕੇ ਲੱਖਾਂ ਰੁਪਏ ਦੀ ਕੀਮਤ ਦਾ ਸਾਮਾਨ ਚੋਰੀ ਕਰ ਲਿਆ ਹੈ। ਇਸ ਸਬੰਧੀ ਉਨ੍ਹਾਂ ਦੱਸਿਆ ਕਿ ਜਦੋਂ ਅਸੀਂ 16 ਅਪ੍ਰੈਲ ਨੂੰ ਆਪਣੇ ਬੱਚਿਆਂ ਨੂੰ ਘਰ ਤੋਂ ਸਕੂਲ ਛੱਡਣ ਲਈ ਜਾ ਰਹੇ ਸੀ ਤਾਂ ਪਤਾ ਲੱਗਾ ਕਿ ਦੁਕਾਨ ਦਾ ਸ਼ਟਰ ਟੁੱਟਾ ਹੋਇਆ ਹੈ। ਦੁਕਾਨ ਅੰਦਰ ਵੇਖਣ ’ਤੇ ਪਤਾ ਲੱਗਾ ਕਿ ਦੇਸੀ ਘਿਓ ਦੇ ਡੱਬੇ, ਰਿਫਾਇੰਡ ਘਿਓ ਦੇ ਪੀਪੇ, ਨਿੱਕੀ ਇਲਾਚੀ, ਵੱਡੀ ਇਲਾਇਚੀ ਦੁਕਾਨ ਅੰਦਰ ਲੱਗੀ ਵੱਡੀ ਐੱਲ.ਸੀ.ਡੀ. ਅਤੇ ਲੱਖਾਂ ਰੁਪਏ ਮੁੱਲ



ਦਾ ਕਰਿਆਨੇ ਦਾ ਸਾਮਾਨ ਚੋਰੀ ਹੋ ਚੁੱਕਾ ਸੀ, ਜਿਸ ਦੀ ਸੂਚਨਾ ਸਾਡੇ ਵੱਲੋਂ ਪੁਲਸ ਚੌਂਕੀ ਮਾਨੋਚਾਹਲ ਨੂੰ ਦਿੱਤੀ ਗਈ। ਉਨ੍ਹਾਂ ਨੇ ਰੋਸ ਜ਼ਾਹਿਰ ਕੀਤਾ ਪਰ ਦੋ ਦਿਨ ਬੀਤ ਜਾਣ ਦੇ ਬਾਵਜੂਦ ਨਾ ਤਾਂ ਪੁਲਸ ਚੌਂਕੀ ਮਾਨੋਚਾਹਲ ਅਤੇ ਨਾ ਹੀ ਕੋਈ ਥਾਣਾ ਸਦਰ ਤੋਂ ਕੋਈ ਪੁਲਸ ਅਧਿਕਾਰੀ ਜਾ ਕਰਮਚਾਰੀ ਮੌਕਾ ਦੇਖਣ ਪੁੱਜਾ।

## ਪੰਜਾਬ ’ਚ ਹੈੱਡ ਕਾਂਸਟੇਬਲ ਗ੍ਰਿਫ਼ਤਾਰ ! ਕਾਰਨਾਮਾ ਜਾਣ ਹੋਵੋਗੇ ਹੈਰਾਨ

ਚੰਡੀਗੜ੍ਹ/ਜਲੰਧਰ 27 ਅਪ੍ਰੈਲ। ਥਾਣਾ ਜੈਤੋ ਜ਼ਿਲ੍ਹਾ ਫਰੀਦਕੋਟ ਵਿਖੇ ਤਾਇਨਾਤ ਹੈੱਡ ਕਾਂਸਟੇਬਲ ਵਿਕਰਮ ਸ਼ਰਮਾ ਨੂੰ 5000 ਰੁਪਏ ਰਿਸ਼ਵਤ ਲੈਂਦਿਆਂ ਪੰਜਾਬ ਵਿਜੀਲੈਂਸ ਬਿਊਰੋ ਨੇ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਰਾਜ ਵਿਜੀਲੈਂਸ ਬਿਊਰੋ ਦੇ ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਦੋਸ਼ੀ ਨੂੰ ਤਹਿਸੀਲ ਜੈਤੋ ਜ਼ਿਲ੍ਹਾ ਫਰੀਦਕੋਟ ਦੇ ਇਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਸ਼ਿਕਾਇਤ ਕਰਤਾ ਵਿਰੁੱਧ ਝਗੜੇ ਦੀ ਸ਼ਿਕਾਇਤ ਮਿਲੀ ਸੀ, ਜਿਸ ਤਹਿਤ ਦੋਸ਼ੀ ਸੀਨੀਅਰ ਕਾਂਸਟੇਬਲ ਸ਼ਿਕਾਇਤ ਕਰਤਾ ਨੂੰ ਉਸ ਦੀ ਆਲਟੋ ਕਾਰ ਸਮੇਤ ਥਾਣਾ ਜੈਤੋ, ਜ਼ਿਲ੍ਹਾ ਫਰੀਦਕੋਟ ਲੈ ਕੇ ਆਇਆ ਸੀ। ਇਸ ਤੋਂ ਬਾਅਦ ਦੋਵੇਂ ਧਿਰਾਂ ਵਿਚਕਾਰ ਸਮਝੌਤਾ ਹੋ ਗਿਆ। ਇਸ ਸਬੰਧੀ ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਦੋਸ਼ੀ ਹੈੱਡ ਕਾਂਸਟੇਬਲ ਨੇ ਉਸ ਦੀ ਆਲਟੋ ਕਾਰ ਥਾਣੇ ’ਚ ਹੀ ਰੱਖ ਲਈ ਅਤੇ ਉਸ ਦੀ ਕਾਰ ਛੱਡਣ ਬਦਲੇ 5000 ਰੁਪਏ ਰਿਸ਼ਵਤ ਮੰਗੀ। ਸ਼ਿਕਾਇਤ ਕਰਤਾ ਨੇ ਰਿਸ਼ਵਤ ਮੰਗਣ ਸਬੰਧੀ ਪੂਰੀ ਗੱਲਬਾਤ ਰਿਕਾਰਡ ਕਰ ਲਈ ਸੀ। ਸ਼ਿਕਾਇਤ ਕਰਤਾ ਰਿਸ਼ਵਤ ਨਹੀਂ ਦੇਣਾ ਚਾਹੁੰਦਾ ਸੀ, ਇਸ ਲਈ ਉਸ ਨੇ ਵਿਜੀਲੈਂਸ ਬਿਊਰੋ ਯੂਨਿਟ, ਫਰੀਦਕੋਟ ਨਾਲ ਸੰਪਰਕ ਕੀਤਾ। ਉਸ ਦੀ ਸ਼ਿਕਾਇਤ ’ਤੇ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਟੀਮ ਨੇ ਇਕ ਜਾਲ ਵਿਛਾਇਆ, ਜਿਸ ਦੌਰਾਨ ਦੋਸ਼ੀ ਹੈੱਡ ਕਾਂਸਟੇਬਲ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ’ਚ ਸ਼ਿਕਾਇਤਕਰਤਾ ਤੋਂ 5000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।

## ਪੰਜਾਬ ’ਚ ਸ਼ਰਮਸਾਰ ਕਰਦੀ ਘਟਨਾ ! ਚਾਚੇ ਨੇ ਹੀ ਰੋਲ? ’ਤੀ ਭਤੀਜੀ ਦੀ ਪੱਤ

ਸੁਲਤਾਨਪੁਰ ਲੋਧੀ 27 ਅਪ੍ਰੈਲ। ਸੁਲਤਾਨਪੁਰ ਲੋਧੀ ਤੋਂ ਬੇਹੱਦ ਹੀ ਸ਼ਰਮਨਾਕ ਮਾਮਲਾ ਸਾਹਮਣੇ ਆਇਆ ਹੈ। ਇਥੋਂ ਦੇ ਨਜ਼ਦੀਕੀ ਇਕ ਪਿੰਡ ’ਚ ਰਿਸ਼ਤਿਆਂ ਨੂੰ ਸ਼ਰਮਸਾਰ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ, ਜਿੱਥੇ ਇਕ ਚਾਚੇ ਵੱਲੋਂ ਆਪਣੀ ਹੀ ਨਾਬਾਲਗ ਭਤੀਜੀ ਨਾਲ ਜਬਰ-ਜ਼ਿਨਾਹ ਕੀਤਾ ਗਿਆ। ਪੁਲਸ ਦੇ ਸੂਤਰਾਂ ਦੇ ਹਵਾਲੇ ਨਾਲ ਮਿਲੀ ਜਾਣਕਾਰੀ ਮੁਤਾਬਕ ਪੀੜਤਾ ਦੇ ਪਰਿਵਾਰ ਵੱਲੋਂ ਦਿੱਤੀ ਗਈ ਸ਼ਿਕਾਇਤ ਦੇ ਆਧਾਰ ‘ਤੇ ਥਾਣਾ ਕਬੀਰਪੁਰ ਵਿੱਚ ਵੱਖ-ਵੱਖ ਧਰਾਵਾਂ ਹੇਠ ਕੇਸ ਦਰਜ ਕੀਤਾ ਗਿਆ ਸੀ। ਮਾਮਲੇ ਦੀ ਗੰਭੀਰਤਾ ਨੂੰ ਵੇਖਦਿਆਂ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਦੋਸ਼ੀ ਚਾਚੇ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਸੂਤਰਾਂ ਅਨੁਸਾਰ ਗ੍ਰਿਫ਼ਤਾਰ ਦੋਸ਼ੀ ਨੂੰ ਅਦਾਲਤ ’ਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ, ਤਾਂ ਜੋ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਸਕੇ। ਪੁਲਸ ਵੱਲੋਂ ਤਫ਼ਤੀਸ਼ ਅਮਲ ’ਚ ਲਿਆਂਦੀ ਜਾ ਰਹੀ ਹੈ ਅਤੇ ਸਬੂਤ ਇਕੱਠੇ ਕੀਤੇ ਜਾ ਰਹੇ ਹਨ। ਪੁਲਸ ਅਧਿਕਾਰੀਆਂ ਨੇ ਕਿਹਾ ਕਿ ਇਸ ਸੰਵੇਦਨਸ਼ੀਲ ਮਾਮਲੇ ’ਚ ਕਾਨੂੰਨ ਮੁਤਾਬਕ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਦੋਸ਼ੀ ਨੂੰ ਕਿਸੇ ਵੀ ਹਾਲਤ ’ਚ ਬਖ਼ਸ਼ਿਆ ਨਹੀਂ ਜਾਵੇਗਾ। ਇਸ ਘਟਨਾ ਨਾਲ ਇਲਾਕੇ ’ਚ ਗੁੱਸੇ ਅਤੇ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ।

# ਖੜ੍ਹੀ .ਫਸਲ ਨੂੰ ਅੱਗ ਲੱਗਣ ਕਾਰਨ ਤਿੰਨ ਏਕੜ ਕਣਕ ਸੜੀ, ਕਿਸਾਨ ਨੂੰ ਲੱਖਾਂ ਦਾ ਨੁਕਸਾਨ

ਕੌਮੀ ਪਤ੍ਰਿਕਾ

ਤਪਾ ਮੰਡੀ 27 ਅਪ੍ਰੈਲ। ਪਿੰਡ ਦਰਾਜ ਗੁਰਦੁਆਰਾ ਬਾਬਾ ਗੁਰਦਿੱਤਾ ਜੀ ਨੇੜੇ ਇਕ ਦੁਖਦਾਈ ਘਟਨਾ ’ਚ ਕਿਸਾਨ ਜਗਸੀਰ ਸਿੰਘ ਪੁੱਤਰ ਛੋਟਾ ਸਿੰਘ ਦੀ ਤਿੰਨ ਏਕੜ ਖੜ੍ਹੀ ਕਣਕ ਦੀ ਫ਼ਸਲ ਅੱਗ ਲੱਗਣ ਕਾਰਨ ਸੜ ਕੇ ਸੁਆਹ ਹੋ ਗਈ। ਜਾਣਕਾਰੀ ਮੁਤਾਬਕ ਜਗਸੀਰ ਸਿੰਘ ਨੇ ਕਰੀਬ 83 ਹਜ਼ਾਰ ਰੁਪਏ ਜ਼ਮੀਨ ਠੇਕੇ ‘ਤੇ ਲੈ ਕੇ ਕਣਕ ਦੀ ਬਿਜਾਈ ਕੀਤੀ ਸੀ ਅਤੇ ਅੱਜ ਉਹ ਆਪਣੇ ਖੇਤਾਂ ਵਿੱਚ ਕਟਾਈ ਕਰਵਾ ਰਿਹਾ ਸੀ। ਕਿਸਾਨ ਅਨੁਸਾਰ ਕਟਾਈ ਦੌਰਾਨ ਅਚਾਨਕ ਖੇਤਾਂ ਵਿੱਚੋਂ ਲੰਘ ਰਹੀ ਬਿਜਲੀ ਦੀ ਤਾਰ ਵਿੱਚੋਂ ਚੰਗਿਆੜੀਆਂ ਨਿਕਲਣ ਕਾਰਨ ਖੜ੍ਹੀ ਫ਼ਸਲ ਨੂੰ ਅੱਗ ਲੱਗ ਗਈ। ਅੱਗ ਨੇ ਕੁੱਝ ਹੀ ਸਮੇਂ ’ਚ ਭਿਆਨਕ ਰੂਪ ਧਾਰਨ ਕਰ ਲਿਆ ਅਤੇ ਤਿੰਨ ਏਕੜ ’ਚ ਖੜ੍ਹੀ ਕਣਕ ਨੂੰ ਆਪਣੀ ਲਪੇਟ ’ਚ ਲੈ ਲਿਆ। ਕੰਬਾਈਨ ਦੇ ਚਾਲਕ ਨੇ ਵੀ ਆਪਣੀ ਜਾਨ ਦੀ ਪਰਵਾਹ ਨਾ ਕਰਦੇ ਹੋਏ ਅੱਗ ਬੁਝਾਉਣ ਦੀ ਕੋਸ਼ਿਸ਼ ਕੀਤੀ। ਅੱਗ



ਲੱਗਣ ਦੀ ਸੂਚਨਾ ਮਿਲਦਿਆਂ ਹੀ ਗੁਰਦੁਆਰਾ ਸਾਹਿਬ ’ਚ ਅਨਾਊਂਸਮੈਂਟ ਕਰਵਾਈ ਗਈ, ਜਿਸ ਤੋਂ ਬਾਅਦ ਪਿੰਡ ਦੇ ਕਿਸਾਨ ਵੱਡੀ ਗਿਣਤੀ ’ਚ ਮੌਕੇ ‘ਤੇ ਪਹੁੰਚ ਗਏ। ਉਨ?ਗਾਂ ਨੇ ਆਪਣੇ ਸਾਧਨਾਂ ਨਾਲ ਅੱਗ ‘ਤੇ ਕਾਬੂ ਪਾਉਣ ਲਈ ਜ਼ੋਰ ਲਾਇਆ ਪਰ ਤਦ ਤੱਕ ਵੱਡਾ ਨੁਕਸਾਨ ਹੋ ਚੁੱਕਾ ਸੀ। ਇਸ ਮੌਕੇ ਫਾਇਰ ਮੈਨ ਗੁਰਵਿੰਦਰ ਸਿੰਘ,ਰਾਜਦੀਪ ਸਿੰਘ ਅਤੇ ਚਾਲਕ ਹਰਪਾਲ ਸਿੰਘ ਦੀ ਅਗਵਾਈ ‘ਚ ਪੁੱਜੀ ਫਾਇਰ ਬ੍ਰਿਗੇਡ ਦੀ ਗੱਡੀ ਵੀ ਪਹੁੰਚ ਗਈ ਸੀ, ਪਰ ਦਰਾਜ ਰੇਲਵੇ ਫਾਟਕ ਬੰਦ ਹੋਣ ਕਾਰਨ ਕੁੱਝ ਲੇਟ ਜ਼ਰੂਰ ਹੋ ਗਈ। ਅੱਗ ’ਤੇ ਉਸ ਤੋਂ ਪਹਿਲਾਂ ਹੀ ਕਾਬੂ ਪਾ ਲਿਆ ਗਿਆ। ਕਿਸਾਨਾਂ ਸਰਪੰਚ ਗੁਰਜੰਟ ਸਿੰਘ ਧਾਲੀਵਾਲ, ਸੁਖਪਾਲ ਸਿੰਘ,ਬੂਟਾ ਸਿੰਘ,ਬਲਵਿੰਦਰ ਸਿੰਘ, ਬੰਤ ਸਿੰਘ, ਗੁਰਜੰਟ ਸਿੰਘ ਸਾਬਕਾ ਪੰਚ, ਮਹਿੰਦਰ ਸਿੰਘ, ਪਰਮਜੀਤ ਸਿੰਘ, ਸੁਖਪ੍ਰੀਤ ਸਿੰਘ ਮੁਤਾਬਕ ਇਸ ਅੱਗ ਕਾਰਨ ਕਿਸਾਨ ਦਾ ਲੱਖਾਂ ਰੁਪਏ ਦਾ ਨੁਕਸਾਨ ਹੋਇਆ ਹੈ, ਜਿਸ ਨਾਲ ਪ੍ਰਭਾਵਿਤ ਕਿਸਾਨ ਨੂੰ ਭਾਰੀ ਆਰਥਿਕ ਝਟਕਾ ਲੱਗਿਆ ਹੈ। ਮੌਕੇ ‘ਤੇ ਮੌਜੂਦ ਕਿਸਾਨਾਂ ਅਤੇ ਪਿੰਡ ਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਪ੍ਰਭਾਵਿਤ ਕਿਸਾਨ ਨੂੰ ਤੁਰੰਤ ਮਾਲੀ ਮਦਦ ਦਿੱਤੀ ਜਾਵੇ ਅਤੇ ਨੁਕਸਾਨ ਦੀ ਭਰਪਾਈ ਕੀਤੀ ਜਾਵੇ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈੱਸ ਏ-144 ਇੰਡਸਟ੍ਰੀਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ੀਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜ਼ਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਪੁੱਤਾਂ ਵਰਗੀ ਫਸਲ ਨੂੰ ਬਚਾਉਣ ਲਈ ਅੱਗ ਦੀਆਂ ਲਪਟਾਂ 'ਚ ਵੜਿਆ ਕਿਸਾਨ

**ਕੌਮੀ ਪੱਤ੍ਰਿਕਾ**

ਮਾਛੀਵਾੜਾ ਸਾਹਿਬ 27 ਅਪ੍ਰੈਲ। ਅੱਜ ਨੇੜਲੇ ਪਿੰਡ ਸਲਾਣਾ ਬੇਟ ਵਿਖੇ ਵਾਪਰੇ ਦਰਦਨਾਕ ਹਾਦਸੇ 'ਚ ਕਣਕ ਨੂੰ ਲੱਗੀ ਅੱਗ ਬੁਝਾਉਂਦਿਆਂ ਟਰੈਕਟਰ ਸਵਾਰ ਨੌਜਵਾਨ ਕਿਸਾਨ ਮਨਦੀਪ ਸਿੰਘ ਦੀ ਮੌਤ ਹੋ ਗਈ ਜਿਸ ਕਾਰਨ ਪਿੰਡ ਵਿਚ ਸੋਗ ਦੀ ਲਹਿਰ ਫੈਲ ਗਈ। ਪਿੰਡ ਵਾਸੀਆਂ ਦੇ ਦੱਸਣ ਅਨੁਸਾਰ ਸਵੇਰੇ 8.30 ਵਜੇ ਸ਼ਾਟ ਸਰਕਟ ਕਾਰਨ ਖੇਤਾਂ ਵਿਚ ਖੜੇ ਨਾੜ ਨੂੰ ਅੱਗ ਲੱਗ ਗਈ। ਇਹ ਅੱਗ ਕਿਸਾਨ ਮਨਦੀਪ ਸਿੰਘ ਦੀ ਖੜ੍ਹੀ ਕਣਕ ਦੀ ਫਸਲ ਵੱਲ ਵੱਧਦੀ ਜਾ ਰਹੀ ਸੀ ਜਿਸ ਕਾਰਨ ਉਹ ਟਰੈਕਟਰ ਲੈ ਕੇ ਹੋਰ ਪਿੰਡ ਵਾਸੀਆਂ ਦੀ ਮੱਦਦ ਨਾਲ ਅੱਗ ਨੂੰ ਬੁਝਾਉਣ ਵਿਚ ਲੱਗ ਗਿਆ। ਇਸ ਦੌਰਾਨ ਅੱਗ ਬੁਝਾਉਂਦਿਆਂ ਟਰੈਕਟਰ ਸਵਾਰ ਮਨਦੀਪ ਸਿੰਘ ਨੇ ਜਦੋਂ ਆਪਣੀ ਕਣਕ ਨੂੰ ਚਪੇਟ ਵਿਚ ਆਉਂਦਿਆਂ ਦੇਖਿਆ ਤਾਂ ਉਹ ਧੂੰਏ ਦੀ ਪ੍ਰਵਾਹ ਕੀਤੇ ਬਿਨਾਂ ਉਸ ਨੂੰ ਬੁਝਾਉਣ ਲੱਗ ਪਿਆ। ਅੱਗ ਬੁਝਾਉਣ ਸਮੇਂ ਆਪਣੀ ਫਸਲ ਨੂੰ ਬਚਾਉਂਦਿਆਂ ਅਤੇ ਧੂੰਏ



ਦੀ ਚਪੇਟ ਵਿਚ ਆਉਣ ਕਾਰਨ ਉਹ ਘਬਰਾਹਟ ਵਿਚ ਆ ਗਿਆ ਜਿਸ ਨੂੰ ਦਿਲ ਦਾ ਦੌਰਾ ਪੈ ਗਿਆ। ਇਸ ਦੌਰਾਨ ਪਿੰਡ ਵਾਸੀਆਂ ਵਲੋਂ ਮੌਕੇ 'ਤੇ ਕਿਸਾਨ ਮਨਦੀਪ ਸਿੰਘ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਗਈ ਅਤੇ ਇਲਾਜ ਲਈ ਤੁਰੰਤ ਹਸਪਤਾਲ ਲਿਆਂਦਾ ਗਿਆ ਪਰ ਉਸਦੀ ਮੌਤ ਹੋ ਚੁੱਕੀ ਸੀ। ਜਦੋਂ ਪਿੰਡ ਵਿਚ ਉਸਦੀ ਮੌਤ ਦੀ ਖ਼ਬਰ ਪੁੱਜੀ ਤਾਂ ਸੋਗ ਦੀ ਲਹਿਰ ਦੌੜ ਗਈ ਕਿਉਂਕਿ ਨੌਜਵਾਨ ਮਨਦੀਪ ਸਿੰਘ ਦੇ 2 ਛੋਟੇ-ਛੋਟੇ ਬੱਚੇ ਹਨ ਜਦਕਿ ਉਸਦੇ ਪਿਤਾ ਦੀ ਡੇਢ ਸਾਲ ਪਹਿਲਾਂ ਹੀ ਮੌਤ ਹੋ ਚੁੱਕੀ ਹੈ।

ਘਰ ਵਿਚ ਵਿਧਵਾ ਮਾਂ, ਪਤਨੀ ਤੇ ਬੱਚਿਆਂ ਦਾ ਰੋ-ਰੋ ਬੁਰਾ ਹਾਲ ਸੀ। ਕਿਸਾਨ ਮਨਦੀਪ ਸਿੰਘ ਵਲੋਂ ਕਣਕ ਨੂੰ ਅੱਗ ਤੋਂ ਬੁਝਾਉਂਦਿਆਂ ਹੋਈ ਮੌਤ ਦੀ ਸੂਚਨਾ ਮਿਲਦੇ ਹੀ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਭੱਟੀਆਂ ਵੀ ਮੌਕੇ 'ਤੇ ਪੁੱਜੇ। ਉਨ੍ਹਾਂ ਜਿੱਥੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਉੱਥੇ ਸਰਕਾਰ ਤੋਂ ਵੀ ਮੰਗ ਕੀਤੀ ਕਿ ਇਸ ਦਰਦਨਾਕ ਹਾਦਸੇ ਵਿਚ ਕਿਸਾਨ ਮਨਦੀਪ ਸਿੰਘ ਦੀ ਮੌਤ ਹੋਣਾ ਬਹੁਤ ਮੰਦਭਾਗਾ ਹੈ ਅਤੇ ਉਸਦੇ ਪਰਿਵਾਰ ਨੂੰ ਵੱਧ ਤੋਂ ਵੱਧ ਮੁਆਵਜ਼ਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਦੇ ਦੱਸਣ ਅਨੁਸਾਰ ਪਿੰਡ ਸਲਾਣਾ ਬੇਟ ਵਿਖੇ 2 ਨਾਜ਼ੁਕ ਸਥਾਨ ਹਨ ਜਿੱਥੇ ਸ਼ਾਟ ਸਰਕਟ ਕਾਰਨ ਹਰ ਸਾਲ ਅੱਗ ਲੱਗਦੀ ਹੈ ਜਿਸ ਲਈ ਬਿਜਲੀ ਵਿਭਾਗ ਨੂੰ ਹਾਦਸਿਆਂ ਤੋਂ ਬਚਾਅ ਲਈ ਇੱਥੇ ਤੁਰੰਤ ਢੁੱਕਵੇਂ ਕਦਮ ਉਠਾਉਣੇ ਚਾਹੀਦੇ ਹਨ। ਕਿਸਾਨ ਮਨਦੀਪ ਸਿੰਘ ਦੀ ਮੌਤ ਦੀ ਖ਼ਬਰ ਮਿਲਦੇ ਹੀ ਪ੍ਰਸ਼ਾਸਨ ਵਲੋਂ ਨਾਇਬ ਤਹਿਸੀਲਦਾਰ ਰਾਜੇਸ਼ ਕੁਮਾਰ ਅਹੂਜਾ ਵੀ ਮੌਕੇ 'ਤੇ ਪੁੱਜੇ। ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਨੌਜਵਾਨ ਕਿਸਾਨ ਆਪਣੀ ਫਸਲ ਵੱਲ ਅੱਗ ਨੂੰ ਵਧਦਾ ਦੇਖ ਤੇ ਧੂੰਏ ਕਾਰਨ ਘਬਰਾਹਟ ਵਿਚ ਆ ਗਿਆ ਜਿਸ ਕਾਰਨ ਉਸਦੀ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵਲੋਂ ਇਸ ਮਾਮਲੇ ਦੀ ਸਾਰੀ ਰਿਪੋਰਟ ਬਣਾ ਕੇ ਉੱਚ ਅਧਿਕਾਰੀਆਂ ਨੂੰ ਭੇਜੀ ਜਾਵੇਗੀ ਅਤੇ ਡਿਪਟੀ ਕਮਿਸ਼ਨਰ ਵਲੋਂ ਜੋ ਵੀ ਹਦਾਇਤਾਂ ਆਉਣਗੀਆਂ ਉਸ ਦੇ ਅਧਾਰ 'ਤੇ ਪੀੜ੍ਹਤ ਪਰਿਵਾਰ ਨੂੰ ਮੁਆਵਜ਼ਾ ਦਿੱਤਾ ਜਾਵੇਗਾ।

## ਉੱਨਤ ਡੀਸਿਲਟਿੰਗ ਮਸ਼ੀਨਾਂ, ਪੰਜਾਬ ਭਰ ਵਿੱਚ ਹੜ੍ਹਾਂ ਦੀ ਰੋਕਥਾਮ, ਜਾਨ-ਮਾਲ ਅਤੇ ਫ਼ਸਲਾਂ ਦੀ ਰਾਖੀ ਲਈ ਵਧੇਰੇ ਲਾਹੇਵੰਦ ਸਿੱਧ ਹੋਣਗੀਆਂ: ਮੁੱਖ ਮੰਤਰੀ ਮਾਨ

**Contd.............Front page**

ਉਨ੍ਹਾਂ ਕਿਹਾ, ਜਨਤਕ ਹਿੱਤ ਨੂੰ ਧਿਆਨ ਵਿੱਚ ਰੱਖਦਿਆਂ ਹੜ੍ਹਾਂ ਨੂੰ ਰੋਕਣ ਲਈ ਸੂਬੇ ਭਰ ਵਿੱਚ ਵਿਆਪਕ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਖਾਲਿਆਂ ਦੀ ਸਫ਼ਾਈ ਜੰਗੀ ਪੱਧਰ 'ਤੇ ਚੱਲ ਰਹੀ ਹੈ ਅਤੇ ਜਲਦ ਹੀ ਮੁਕੰਮਲ ਹੋ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਸੰਭਾਵੀ ਹੜ੍ਹਾਂ ਨੂੰ ਰੋਕਣ ਲਈ ਹੜ੍ਹ ਪ੍ਰਭਾਵਿਤ ਪ੍ਰਮੁੱਖ ਥਾਵਾਂ 'ਤੇ ਗਾਰ ਕੱਢਣ ਦਾ ਕੰਮ ਪਹਿਲਾਂ ਹੀ ਮੁਕੰਮਲ ਕੀਤਾ ਜਾ ਚੁੱਕਾ ਹੈ। ਸੰਵੇਦਨਸ਼ੀਲ ਖੇਤਰਾਂ 'ਤੇ ਧਿਆਨ ਕੇਂਦਰਿਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੂਬਾ ਸਰਕਾਰ ਵੱਲੋਂ ਰੋਪੜ ਜ਼ਿਲ੍ਹੇ ਵਿੱਚ ਜਿੱਥੇ ਲਗਭਗ 20 ਪਿੰਡ ਹੜ੍ਹਾਂ ਦੀ ਮਾਰ ਹੇਠ ਹਨ ਅਤੇ ਜਿੱਥੇ ਪਿਛਲੇ ਸਾਲ ਭਾਰੀ ਨੁਕਸਾਨ ਦਾ ਸਾਹਮਣਾ ਕਰਨਾ ਪਿਆ ਸੀ, ਵਿਆਪਕ ਰੋਕਥਾਮ ਕਦਮ ਚੁੱਕੇ ਗਏ ਹਨ। ਉਨ੍ਹਾਂ ਕਿਹਾ ਕਿ ਹੜ੍ਹਾਂ ਨੂੰ ਕੰਟਰੋਲ ਕਰਨ ਅਤੇ ਵਸਨੀਕਾਂ ਨੂੰ ਰਾਹਤ ਪ੍ਰਦਾਨ ਕਰਨ ਲਈ ਲੋੜ ਅਨੁਸਾਰ ਸਟੱਡ ਅਤੇ ਸਪਰ ਢਾਂਚੇ ਬਣਾਏ ਜਾ ਰਹੇ ਹਨ। ਉਨ੍ਹਾਂ ਨੇ ਅਧਿਕਾਰੀਆਂ ਨੂੰ ਸਿੰਚਾਈ ਅਤੇ ਸੈਰ-ਸਪਾਟੇ ਦੋਵਾਂ ਉਦੇਸ਼ਾਂ ਲਈ ਸਵਾਂ ਨਦੀ ਦੇ ਚੈਨਲਾਈਜ਼ੇਸ਼ਨ ਦੀ ਸੰਭਾਵਨਾ ਦੀ ਪੜਚੋਲ ਕਰਨ ਦੇ ਵੀ ਨਿਰਦੇਸ਼ ਦਿੱਤੇ। ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਬਰਿੰਦਰ ਕੁਮਾਰ ਗੋਇਲ, ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ, ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

## ਇਕ ਨਸ਼ੇੜੀ ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ

ਦਸੂਹਾ 27 ਅਪ੍ਰੈਲ। ਦਸੂਹਾ ਪੁਲਸ ਵੱਲੋਂ ਇਕ ਨਸ਼ੇੜੀ ਨੂੰ 73 ਨਸ਼ੀਲੀਆਂ ਗੋਲ?ੀਆਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਮਿਲੀ ਜਾਣਕਾਰੀ ਮੁਤਾਬਕ ਡੀ. ਐੱਸ. ਪੀ. ਦਸੂਹਾ ਹਰਗੁਰਦੇਵ ਸਿੰਘ ਅਤੇ ਥਾਣਾ ਮੁਖੀ ਦਸੂਹਾ ਇੰਸਪੈਕਟਰ ਅਮਰਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਮੁਤਾਬਕ ਏ. ਐੱਸ. ਆਈ. ਗੁਰਬਚਨ ਸਿੰਘ ਨੇ ਐੱਸ. ਡੀ. ਐੱਮ. ਚੌਂਕ ਦਸੂਹਾ ਤੋਂ ਗਰਨਾ ਸਾਹਿਬ ਬੱਸ ਸਟੈਂਡ ਸਰਚ ਆਪਰੇਸ਼ਨ ਕੀਤਾ ਗਿਆ।

## ਵਿਆਹ ਤੋਂ ਪਰਤਦੇ ਸਮੇਂ ਵਾਪਰ ਗਿਆ ਭਿਆਨਕ ਹਾਦਸਾ !

ਨੈਸ਼ਨਲ ਡੈਸਕ 27 ਅਪ੍ਰੈਲ। ਉੱਤਰ ਪ੍ਰਦੇਸ਼ ਦੇ ਬਾਂਦਾ ਜ਼ਿਲ੍ਹੇ ਤੋਂ ਇਕ ਸਨਸਨੀਖੇਜ਼ ਖ਼ਬਰ ਸਾਹਮਣੇ ਆ ਰਹੀ ਹੈ, ਜਿੱਥੇ ਦੇ ਨਰੈਨੀ ਥਾਣਾ ਖੇਤਰ ਵਿੱਚ ਐਤਵਾਰ ਨੂੰ ਇੱਕ ਬੁਲੇਟ ਮੋਟਰਸਾਈਕਲ ਅਤੇ ਬੇਕਾਬੂ ਸਕਾਰਪੀਓ ਵਿਚਕਾਰ ਹੋਈ ਜ਼ਬਰਦਸਤ ਟੱਕਰ ਵਿੱਚ ਭੈਣ-ਭਰਾ ਦੀ ਮੌਤ ਹੋ ਗਈ, ਜਦਕਿ ਮ੍ਰਿਤਕ ਲੜਕੀ ਦਾ ਪਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਹੈ। ਹਾਦਸੇ ਤੋਂ ਬਾਅਦ ਸਕਾਰਪੀਓ ਸੜਕ ਕਿਨਾਰੇ ਖੱਡ 'ਚ ਜਾ ਡਿੱਗੀ, ਜਦਕਿ ਉਸ 'ਚ ਸਵਾਰ ਲੋਕ ਮੌਕੇ ਤੋਂ ਫ਼ਰਾਰ ਹੋ ਗਏ। ਮ੍ਰਿਤਕਾਂ ਦੀ ਪਛਾਣ ਅਜੇ ਰਾਜਪੂਤ (24) ਅਤੇ ਉਸ ਦੀ ਭੈਣ ਪ੍ਰਭਾ (20), ਵਾਸੀ ਕਾਲਿੰਜਰ ਕਸਬਾ, ਬਾਂਦਾ ਵਜੋਂ ਹੋਈ ਹੈ। ਰਾਕੇਸ਼ (23), ਜੋ ਕਿ ਪ੍ਰਭਾ ਦਾ ਪਤੀ ਹੈ, ਗੰਭੀਰ ਹਾਲਤ 'ਚ ਜ਼ਖ਼ਮੀ ਹੈ ਤੇ ਉਸ ਦਾ ਇਲਾਜ ਮੈਡੀਕਲ ਕਾਲਜ ਵਿੱਚ ਜਾਰੀ ਹੈ। ਜਾਣਕਾਰੀ ਅਨੁਸਾਰ ਅਜੇ ਆਪਣੇ ਪਰਿਵਾਰਕ ਮੈਂਬਰਾਂ ਨਾਲ ਅਤਰਰਾ ਇਲਾਕੇ ਵਿੱਚ ਇੱਕ ਵਿਆਹ ਸਮਾਗਮ ਵਿੱਚ ਸ਼ਾਮਲ ਹੋਣ ਗਿਆ ਸੀ। ਐਤਵਾਰ ਨੂੰ ਜਦੋਂ ਉਹ ਬੁਲੇਟ 'ਤੇ ਵਾਪਸ ਆ ਰਹੇ ਸਨ, ਤਾਂ ਪੜਮਈ ਪਿੰਡ ਦੇ ਨੇੜੇ ਇੱਕ ਤੇਜ਼ ਰਫ਼ਤਾਰ ਸਕਾਰਪੀਓ ਨੇ ਉਨ੍ਹਾਂ ਨੂੰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਭਿਆਨਕ ਸੀ ਕਿ ਤਿੰਨੋਂ ਸਵਾਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਸਥਾਨਕ ਲੋਕਾਂ ਦੀ ਮਦਦ ਨਾਲ ਉਨ੍ਹਾਂ ਨੂੰ ਤੁਰੰਤ ਨਰੈਨੀ ਦੇ ਕਮਿਊਨਿਟੀ ਹੈਲਥ ਸੈਂਟਰ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਅਜੇ ਰਾਜਪੂਤ ਨੂੰ ਮ੍ਰਿਤਕ ਐਲਾਨ ਦਿੱਤਾ। ਪ੍ਰਭਾ ਅਤੇ ਰਾਕੇਸ਼ ਦੀ ਹਾਲਤ ਨਾਜ਼ੁਕ ਹੋਣ ਕਾਰਨ ਉਨ੍ਹਾਂ ਨੂੰ ਰਾਣੀ ਦੁਰਗਾਵਤੀ ਮੈਡੀਕਲ ਕਾਲਜ ਰੈਫਰ ਕੀਤਾ ਗਿਆ, ਜਿੱਥੇ ਇਲਾਜ ਦੌਰਾਨ ਪ੍ਰਭਾ ਨੇ ਵੀ ਦਮ ਤੋੜ ਦਿੱਤਾ। ਪੁਲਸ ਸੂਤਰਾਂ ਅਨੁਸਾਰ ਮ੍ਰਿਤਕਾਂ ਦੀਆਂ ਦੇਹਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ। ਪੁਲਿਸ ਨੇ ਹਾਦਸਾਗ੍ਰਸਤ ਸਕਾਰਪੀਓ ਨੂੰ ਕਬਜ਼ੇ ਵਿੱਚ ਲੈ ਲਿਆ ਹੈ ਅਤੇ ਫ਼ਰਾਰ ਚਾਲਕ ਤੇ ਹੋਰ ਸਵਾਰਾਂ ਦੀ ਭਾਲ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਹੈ।

### NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

### NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

### NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

### NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

### NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

### NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

### PUBLIC NOTICE
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

### PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

### NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

### NAME CHANGE
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

### NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

### NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

### NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

### NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

### NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

### NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

### NAME CHANGE
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

### PUBLIC NOTICE
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

### NAME CHANGE
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

### NAME CHANGE
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

### NAME CHANGE
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

### NAME CHANGE
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

### NAME CHANGE
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

### PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### NAME CHANGE
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

### NAME CHANGE
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

### PUBLIC NOTICE
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.

**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

### NAME CHANGE
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

### NAME CHANGE
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਸੀਨੀਅਰ ਮੰਡਲ ਬਿਜਲੀ ਇੰਜੀਨੀਅਰ ਕਰਸ਼ਨ ਚਲ ਸਟਾਕ, ਉੱਤਰ ਰੇਲਵੇ, ਦਿੱਲੀ ਮੰਡਲ, ਗਾਜੀਆਬਾਦ ਦੁਆਰਾ ਨਿਵਿਦਾ ਨੰਬਰ 230-TRS-GZB-2025-26-32 ਦੇ ਆਧਾਰ ਤੇ ਈ-ਨਿਵਿਦਾ ਦੀ ਮੰਗ ਕੀਤੀ ਜਾਂਦੀ ਹੈ। ਵੇਰਵਾ ਹੇਠਾਂ ਅਨੁਸਾਰ ਹੈ।

| | | |
|---|---|---|
| 1. | ਕੰਮ ਦਾ ਵੇਰਵਾ | 'Attending and Filling up of dry, screened, clean sand in sandbox after draining out of moist or wet sand if any inside the sandbox along with its disposal at provided place and ensuring free flow of sand in AC Electric Locomotives with supply of sand confirming to RDSO specification No. AARM-916-51 and packed in 10 kg water proof bags for use in Electric Locomotives sanding equipment round the clock' at Electric Loco Shed, Ghaziabad. |
| 2. | ਕੰਮ ਦੀ ਅੰਦਾਜਨ ਲਾਗਤ | ₹ 43,31,858.40 |
| 3. | ਬਿਆਨਾ ਰਾਸ਼ੀ | ₹ 86,600.00 |
| 4. | ਨਿਵਿਦਾ ਬੋਲੀ ਪੇਸ਼ ਕਰਨ ਦੀ ਸਮਾਪਨ ਮਿਤੀ ਅਤੇ ਸਮਾਂ | 22.05.2026 (15:00 Hrs.) |
| 5. | ਨਿਵਿਦਾ ਖੋਹਲਣ ਦੀ ਮਿਤੀ ਅਤੇ ਸਮਾਂ | 22.05.2026 (After 15:00 Hrs.) |
| 6. | ਵੈਬਸਾਈਟ ਵੇਰਵਾ ਜਿਥੇ ਨਿਵਿਦਾ ਦਸਤਾਵੇਜਾਂ ਦਾ ਪੂਰਾ ਵੇਰਵਾ ਦੇਖਿਆ ਜਾ ਸਕਦਾ ਹੈ | www.ireps.gov.in |

ਨੋਟ: (i) ਨਿਵਿਦਾਕਰਤਾ ਨੂੰ ਈ-ਨਿਵਿਦਾ ਪ੍ਰਣਾਲੀ ਵਿਚ ਭਾਗ ਲੈਣ ਦੇ ਲਈ ਭਾਰਤੀਯ ਰੇਲਵੇ ਈ-ਪ੍ਰੋਕਯੋਰਮੇਂਟ ਪ੍ਰਣਾਲੀ (IREPS) ਸਾਈਟ ਯਾਨੀ www.ireps.gov.in 'ਤੇ ਰਜਿਸਟਰਡ ਹੋਣਾ ਚਾਹੀਦਾ। (ii) ਸਾਰੇ ਨਿਯਮਾਂ ਅਤੇ ਸ਼ਰਤਾਂ ਦੇ ਲਈ ਕਿਰਪਾ ਨਿਵਿਦਾ ਦਸਤਾਵੇਜ ਦੇਖੋ। (iii) ਕੋਈ ਮੈਨੂੰਅਲ ਪ੍ਰਸਤਾਵ ਸਵੀਕਾਰ ਨਹੀਂ ਹੈ।

**ਸੰਖਿਆ230-TRS-GZB-2025-26-32 ਤਾਰੀਕ : 25.04.2026** **1391/2026**

**ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ**

## ਦਿੱਲੀ ਰਾਜ ਸਵਾਸਥ ਮਿਸ਼ਨ

**ਛੇਂਵੀ ਮੰਜ਼ਿਲ, ਬੀ. ਵਿੰਗ, ਵਿਕਾਸ ਭਵਨ-2, ਸਿਵਿਲ ਲਾਈਨਸ**
**ਨਵੀਂ ਦਿੱਲੀ - 110054-ਦੂਰਭਾਸ਼ 011-23812902/03**

F1-13/3/2026-Estt. (E file No. -6312)

### ਰਿਕਰੂਟਮੇਂਟ ਨੋਟਿਸ

ਦਿੱਲੀ ਰਾਜ ਸਵਾਸਥ ਮਿਸ਼ਨ, ਵੱਖਰੇ ਅਹੁਦਿਆਂ 'ਤੇ ਭਰਤੀ ਦੇ ਲਈ ਔਨਲਾਈਨ ਰਜਿਸਟ੍ਰੇਸ਼ਨ ਕਰਵਾਉਣਾ ਜ਼ਰੂਰੀ ਹੈ। ਰਜਿਸਟ੍ਰੇਸ਼ਨ ਦੀ ਆਖਿਰੀ ਮਿਤੀ 12 ਮਈ 2026, ਸ਼ਾਮ 5 ਵਜੇ ਤੱਕ ਹੈ। ਨਿਯੁਕਤੀ ਪੂਰੀ ਤਰ੍ਹਾਂ ਅਨੁਬੰਧ ਦੇ ਆਧਾਰ 'ਤੇ ਰਾਸ਼ਟਰੀ ਸਵਾਸਥ ਮਿਸ਼ਨ ਦੀ ਨੀਤੀ ਦੇ ਅਨੁਸਾਰ ਹੋਵੇਗੀ। ਅਹੁਦਿਆਂ ਦੇ ਵੇਰਵੇ, ਪਾਤ੍ਰਤਾ ਅਤੇ ਇੰਟਰਵਿਊ ਦੀ ਮਿਤੀ ਅਤੇ ਸਕਿਲ ਟੇਸਟ (ਜਰੂਰਤ ਅਨੁਸਾਰ) ਅਤੇ ਰਜਿਸਟ੍ਰੇਸ਼ਨ ਦੇ ਲਿੰਕ ਦੇ ਲਈ ਕ੍ਰਿਪਾ ਸਾਡੀ ਵੇਬਸਾਈਟ https:/health.delhi.gov.in 'ਤੇ https://dshm.delhi.gov.in 'ਤੇ ਜਾਓ।

ਕ੍ਰਤੇ
ਮਿਸ਼ਨ ਨਿਦੇਸ਼ਕ
ਦਿੱਲੀ ਰਾਜ ਸਵਾਸਥ ਮਿਸ਼ਨ

DIP/Shabdarth/Classified/0035/26-27

### PUBLIC NOTICE
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

**Shyam Sharma (Adv)**

### PUBLIC NOTICE
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

### NAME CHANGE
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

### NAME CHANGE
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

### NAME CHANGE
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

### NAME CHANGE
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

### NAME CHANGE
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

### NAME CHANGE
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

### NAME CHANGE
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

### NAME CHANGE
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

### NAME CHANGE
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

### NAME CHANGE
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

### NAME CHANGE
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

### PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

### NAME CHANGE
I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, hitherto known as SHIV CHAND S/O KHICHRU GOUD R/O HNO-3320, Street NO-1, Jawala Nagar, Jamalpura Awana, Ludhiana, Punjab-141010 have changed my name and shall hereafter be known as SECHAN.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

### NAME CHANGE
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

### NAME CHANGE
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

### NAME CHANGE
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

### PUBLIC NOTICE
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

**PINKI LAMBA MANN**
ADVOCATE
OFF. A-205A, NORTH EX.MALL, SECTOR-9, ROHINI, NEW DELHI

ਧਰਤੁ ਸੁਹਾਵੀ ਤਾਲ ਸੁਹਾਵਾ



# ਝੋਨੇ ਦੀਆਂ ਛੇਤੀ ਪੱਕਣ ਵਾਲੀਆਂ ਕਿਸਮਾਂ ਵੱਲ ਵਧਿਆ ਝੁਕਾਅ

• ਗੁਰਜੀਤ ਸਿੰਘ ਮਾਂਗਟ, ਰੁਪਿੰਦਰ ਕੌਰ

*ਜ਼ਮੀਨਦੋਜ਼ ਪਾਣੀ ਦੇ ਡਿੱਗ ਰਹੇ ਪੱਧਰ, ਮਿੱਟੀ 'ਚ ਸੂਖ਼ਮ ਤੱਤਾਂ ਦੀ ਘਾਟ ਤੇ ਮੌਸਮੀ ਤਬਦੀਲੀਆਂ ਦੇ ਮੱਦੇਨਜ਼ਰ ਪੀਏਯੂ ਨੇ ਝੋਨੇ ਦੀਆਂ ਘੱਟ ਸਮੇਂ 'ਚ ਪੱਕਣ ਵਾਲੀਆਂ ਕਿਸਮਾਂ ਬੀਜੇ ਜਾਣ ਦੀ ਸਿਫਾਰਸ਼ ਕੀਤੀ ਹੈ...*

### ਉਤਮ ਬੀਜ

ਝੋਨੇ ਅਤੇ ਬਾਸਮਤੀ ਦੀ ਕਿਸੇ ਇਕ ਕਿਸਮ ਦੀ ਬਿਜਾਈ ਤੋਂ ਗੁਰੇਜ ਕਰਨਾ ਚਾਹੀਦਾ ਹੈ। ਕਿਸਮ ਦੀ ਚੋਣ ਖਿੱਤੇ ਦੀਆਂ ਜਰੂਰਤਾਂ ਜਾਂ ਸਮੱਸਿਆਵਾਂ ਅਨੁਸਾਰ ਹੀ ਕਰਨੀ ਚਾਹੀਦੀ ਹੈ ਤਾਂ ਜੋ ਸਥਾਈ ਆਮਦਨ ਕਾਇਮ ਰਹੇ। ਬੀਜ ਭਰੋਸੇਯੋਗ ਵਸੀਲਿਆਂ, ਜਿਵੇਂ ਪੀਏਯੂ, ਪਨਸੀਡ, ਨੈਸ਼ਨਲ ਸੀਡ ਕਾਰਪੋਰੇਸ਼ਨ ਆਦਿ ਤੋਂ ਹੀ ਲੈਣਾ ਚਾਹੀਦਾ ਹੈ। ਵਧੀਆ ਝਾੜ ਲਈ ਬੀਜ ਨੂੰ ਸੋਧ ਕੇ ਬੀਜੋ।

ਪੰਜਾਬ ਨੇ ਝੋਨੇ ਦੀ ਪੈਦਾਵਾਰ ਵਿਚ ਪਿਛਲੇ 50 ਸਾਲਾਂ ਦੌਰਾਨ ਬਹੁਤ ਮੱਲਾਂ ਮਾਰੀਆਂ ਹਨ ਪ੍ਰੰਤੂ ਧਰਤੀ ਹੇਠਲੇ ਪਾਣੀ ਦਾ ਡਿੱਗ ਰਿਹਾ ਪੱਧਰ, ਸੂਖ਼ਮ ਤੱਤਾਂ ਦੀ ਘਾਟ ਤੇ ਫ਼ਸਲੀ ਰਹਿੰਦ-ਖੂੰਹਦ ਦੀ ਸੰਭਾਲ ਇਸ ਸਮੇਂ ਚਿੰਤਾ ਦੇ ਮੁੱਖ ਵਿਸ਼ੇ ਹਨ। ਇਸ ਤੋਂ ਇਲਾਵਾ ਉਤਪਾਦਨ ਦੇ ਵਾਧੂ ਖ਼ਰਚੇ, ਮੌਸਮੀ ਤਬਦੀਲੀਆਂ ਤੇ ਮੰਡੀਕਰਨ ਦੀਆਂ ਸਮੱਸਿਆਵਾਂ ਸਥਿਤੀ ਨੂੰ ਹੋਰ ਗੁੰਝਲਦਾਰ ਬਣਾ ਰਹੀਆਂ ਹਨ।

### ਛੇਤੀ ਪੱਕਣ ਤੇ ਵੱਧ ਝਾੜ ਦੇਣ ਵਾਲੀਆਂ ਕਿਸਮਾਂ

ਇਨ੍ਹਾਂ ਮੁਸ਼ਕਿਲਾਂ ਨੂੰ ਧਿਆਨ 'ਚ ਰੱਖਦਿਆਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਨੇ ਵਧੇਰੇ ਝਾੜ ਦੇਣ, ਛੇਤੀ ਪੱਕਣ, ਬਿਮਾਰੀਆਂ ਨੂੰ ਸਹਿਣ ਦੇ ਸਮਰੱਥ ਤੇ ਮਿਆਰੀ ਕਿਸਮਾਂ ਵਿਕਸਿਤ ਕਰਨ ਵੱਲ ਧਿਆਨ ਦਿੱਤਾ ਅਤੇ ਪਿਛਲੇ ਪੰਜ ਸਾਲਾਂ ਦੌਰਾਨ ਪਰਮਲ ਝੋਨੇ ਦੀਆਂ ਪੀਆਰ-121, ਪੀ-ਆਰ 122, ਪੀਆਰ-123, ਪੀਆਰ-124 ਤੇ ਪੀਆਰ-126 ਕਿਸਮਾਂ ਦੀ ਕਾਸ਼ਤ ਲਈ ਸਿਫਾਰਸ਼ ਕੀਤੀ ਹੈ। ਇਹ ਕਿਸਮਾਂ ਪੀਆਰ-118 (158 ਦਿਨ) ਤੇ ਪੂਸਾ-44 (160 ਦਿਨ) ਨਾਲੋਂ ਇਕ ਤੋਂ ਚਾਰ ਹਫ਼ਤੇ ਪਹਿਲਾਂ ਪੱਕਦੀਆਂ ਹਨ। ਇਸ ਤਰ੍ਹਾਂ ਇਹ ਕਿਸਮਾਂ ਰਕਬੇ, ਦਿਨਾਂ ਤੇ ਨਿਵੇਸ਼ ਦੇ ਹਿਸਾਬ ਨਾਲ ਜ਼ਿਆਦਾ ਝਾੜ ਦਿੰਦੀਆਂ ਹਨ। ਇਨ੍ਹਾਂ ਦੀ ਕਾਸ਼ਤ ਨਾਲ ਖੇਤ ਅਕਤੂਬਰ ਦੇ ਪਹਿਲੇ ਹਫ਼ਤੇ ਖਾਲੀ ਹੋ ਜਾਂਦੇ ਹਨ ਤੇ ਕਿਸਾਨਾਂ ਨੂੰ ਪਰਾਲੀ ਦੀ ਸੰਭਾਲ ਲਈ 15-20 ਦਿਨ ਵਾਧੂ ਮਿਲ ਜਾਂਦੇ ਹਨ। ਇਸ ਨਾਲ ਪਰਾਲੀ ਸਾੜਨ ਦੀ ਸਮੱਸਿਆ ਘਟੇਗੀ, ਡਿੱਗ ਰਹੇ ਪਾਣੀ ਦੇ ਪੱਧਰ 'ਤੇ ਵੀ ਰੋਕ ਲੱਗੇਗੀ ਤੇ ਕਣਕ ਦੀ ਬਿਜਾਈ ਵੀ ਸਮੇਂ ਸਿਰ ਹੋ ਸਕੇਗੀ। ਇਸੇ ਤਰ੍ਹਾਂ ਬਾਸਮਤੀ ਦੀਆਂ ਚਾਰ ਕਿਸਮਾਂ (ਪੰਜਾਬ ਬਾਸਮਤੀ-3, ਪੰਜਾਬ ਬਾਸਮਤੀ-4, ਪੰਜਾਬ ਬਾਸਮਤੀ-5 ਅਤੇ ਸੀਐੱਸਆਰ-30) ਦੀ ਕਾਸ਼ਤ ਲਈ ਸਿਫਾਰਸ਼ ਕੀਤੀ ਗਈ ਹੈ। ਪਰਮਲ ਝੋਨੇ ਦੀਆਂ ਘੱਟ ਸਮੇਂ ਵਿਚ ਪੱਕਣ ਵਾਲੀਆਂ ਨਵੀਆਂ ਕਿਸਮਾਂ ਹੇਠ ਰਕਬੇ 'ਚ ਉਤਸ਼ਾਹਜਨਕ ਵਾਧਾ ਹੋਇਆ ਹੈ।

### ਵੱਖ-ਵੱਖ ਖਿੱਤੇ, ਵੱਖ-ਵੱਖ ਕਿਸਮਾਂ ਦੀ ਕਾਸ਼ਤ

ਵੱਖ-ਵੱਖ ਖਿੱਤਿਆਂ 'ਚ ਸਾਰੀਆਂ ਕਿਸਮਾਂ ਦਾ ਝਾੜ ਇੱਕੋ ਜਿਹਾ ਨਹੀਂ ਹੁੰਦਾ। ਵੱਖ-ਵੱਖ ਫ਼ਸਲੀ ਚੱਕਰਾਂ ਲਈ ਵੀ ਕਿਸਮਾਂ ਵੱਖਰੀਆਂ-ਵੱਖਰੀਆਂ ਹੁੰਦੀਆਂ ਹਨ। ਪੀਆਰ-121 ਕਿਸਮ ਜ਼ਿਆਦਾਤਰ ਜ਼ਿਲ੍ਹਿਆ ਵਿਚ ਪ੍ਰਵਾਨ ਕੀਤੀ



ਗਈ ਹੈ ਪ੍ਰੰਤੂ ਫ਼ਰੀਦਕੋਟ, ਫਿਰੋਜ਼ਪੁਰ, ਫਾਜ਼ਿਲਕਾ ਅਤੇ ਹਰਿਆਣੇ ਵਿਚ ਪੀਆਰ-114, ਬਠਿੰਡਾ, ਲੁਧਿਆਣਾ ਤੇ ਮਾਨਸਾ ਵਿਚ ਪੀਆਰ-122 ਅਤੇ ਯੂਪੀ ਤੇ ਉੱਤਰਾਖੰਡ 'ਚ ਪੀਆਰ-113 ਕਿਸਮ ਜ਼ਿਆਦਾ ਪ੍ਰਚਲਿਤ ਹੈ। ਅੰਮ੍ਰਿਤਸਰ, ਤਰਨਤਾਰਨ, ਗੁਰਦਾਸਪੁਰ, ਫਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹਿਆਂ 'ਚ ਬਾਸਮਤੀ ਦੀ ਜ਼ਿਆਦਾ ਕਾਸ਼ਤ ਕੀਤੀ ਜਾਂਦੀ ਹੈ।

### 'ਪੀਆਰ' ਕਿਸਮਾਂ ਨੇ ਕਾਇਮ ਕੀਤੇ ਨਵੇਂ ਕੀਰਤੀਮਾਨ

ਪਿਛਲੇ ਸਾਲਾਂ ਵਿਚ ਪਰਮਲ ਝੋਨੇ ਦੀਆਂ ਘੱਟ ਸਮੇਂ ਵਿਚ ਪੱਕਣ ਵਾਲੀਆਂ ਨਵੀਆਂ ਕਿਸਮਾਂ ਹੇਠ ਰਕਬੇ 'ਚ ਵਾਧੇ ਕਾਰਨ ਪੰਜਾਬ ਨੇ ਝੋਨੇ ਦੇ ਝਾੜ ਵਿਚ ਨਵੇਂ ਕੀਰਤੀਮਾਨ ਸਥਾਪਿਤ ਕੀਤੇ। ਸਾਲ 2016 ਦੌਰਾਨ 30.35 ਲੱਖ ਹੈਕਟੇਅਰ ਰਕਬੇ ਵਿੱਚੋਂ ਝੋਨੇ ਦੀ 186.76 ਲੱਖ ਟਨ ਰਿਕਾਰਡ ਪੈਦਾਵਾਰ ਤੇ 6154 ਕਿੱਲੋ ਪ੍ਰਤੀ ਹੈਕਟੇਅਰ ਦਾ ਰਿਕਾਰਡ ਝਾੜ ਪ੍ਰਾਪਤ ਹੋਇਆ। ਪੰਜਾਬ ਨੇ 2015 ਤੇ 2016 ਵਿਚ ਕੇਂਦਰੀ ਭੰਡਾਰ 'ਚ 93.5 ਤੇ 110.4 ਲੱਖ ਟਨ ਝੋਨੇ ਦਾ ਰਿਕਾਰਡ ਯੋਗਦਾਨ ਪਾਇਆ। ਮੌਸਮੀ ਤਬਦੀਲੀਆਂ (ਸੋਕਾ, ਭਾਰੀ ਬਾਰਿਸ਼ਾਂ, ਹਨੇਰੀ-ਝੱਖੜ ਆਦਿ), ਕੀੜਿਆਂ ਤੇ ਬਿਮਾਰੀਆਂ ਦੇ ਬਦਲਦੇ ਪੈਟਰਨ ਦੇ ਮੱਦੇਨਜ਼ਰ ਮੁਨਾਫ਼ੇ ਨੂੰ ਕਾਇਮ ਰੱਖਣ ਲਈ ਪ੍ਰਤੀ ਏਕੜ ਝਾੜ ਵਧਾਉਣ ਦੀ ਲੋੜ ਹੈ। ਇਸ ਲਈ ਖੇਤੀ ਦੀਆਂ ਸਮੁੱਚੀਆਂ ਸਿਫਾਰਸ਼ਾਂ ਨੂੰ ਅਪਨਾਉਣਾ ਪਵੇਗਾ। ਇਨ੍ਹਾਂ ਪਹਿਲੂਆਂ ਨੂੰ ਧਿਆਨ 'ਚ ਰੱਖਦੇ ਹੋਏ, ਝੋਨੇ ਦੀ ਸਫ਼ਲ ਕਾਸ਼ਤ ਲਈ ਕੁਝ ਜ਼ਰੂਰੀ ਗੱਲਾਂ 'ਤੇ ਧਿਆਨ ਦੇਣ ਦੀ ਲੋੜ ਹੈ :

### ਸਹੀ ਕਿਸਮ ਦੀ ਚੋਣ

ਝੋਨੇ ਦੀ ਸਫਲ ਪੈਦਾਵਾਰ ਲਈ ਅਹਿਮ ਚੀਜ਼ ਹੈ-ਕਿਸਮ ਦੀ ਸਹੀ ਚੋਣ। ਵੱਖ-ਵੱਖ ਕਿਸਮਾਂ ਦੀ ਬਿਮਾਰੀਆਂ ਨਾਲ ਟਾਕਰਾ ਕਰਨ ਦੀ ਸਮਰਥਾ ਵੱਖਰੀ-ਵੱਖਰੀ ਹੁੰਦੀ ਹੈ, ਜਿਵੇਂ ਪੀਆਰ-121, ਪੀਆਰ-122, ਪੀਆਰ-123 ਤੇ ਪੀਆਰ-124 ਅਤੇ ਪੰਜਾਬ ਬਾਸਮਤੀ-3, ਪੰਜਾਬ ਬਾਸਮਤੀ-4 ਤੇ ਪੰਜਾਬ ਬਾਸਮਤੀ-5 ਕਿਸਮਾਂ ਝੁਲਸ ਰੋਗ ਦਾ ਟਾਕਰਾ ਕਰਨ ਦੇ ਸਮਰੱਥ ਹਨ। ਜਦਕਿ ਪੂਸਾ ਬਾਸਮਤੀ-1121 ਉੱਪਰ ਝੰਡਾ ਰੋਗ ਦਾ ਹਮਲਾ ਜ਼ਿਆਦਾ ਹੁੰਦਾ ਹੈ, ਇਸ ਲਈ ਇਸ ਦੇ ਬੀਜ ਤੇ ਪਨੀਰੀ ਦੀਆਂ ਜੜ੍ਹਾਂ ਦੀ ਸੋਧ ਬਹੁਤ ਜ਼ਰੂਰੀ ਹੈ। ਪਿਛਲੇ ਸਾਲ ਲੰਬਾ ਸਮਾਂ ਲੈਣ ਵਾਲੀਆਂ ਕਿਸਮਾਂ ਦਾ ਭੂਰੇ ਤੇਲੇ ਨੇ ਕਾਫੀ ਨੁਕਸਾਨ ਕੀਤਾ। ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੀਆਂ ਮੰਡੀਆਂ 'ਚ ਝੋਨੇ ਦੀ ਰਿਕਾਰਡ ਪਹੁੰਚ ਹੋਈ ਪਰ ਪੂਸਾ-44 ਵਾਲੇ ਮੋਗਾ ਤੇ ਬਰਨਾਲਾ ਜ਼ਿਲ੍ਹਿਆਂ 'ਚ ਆਮਦ ਘੱਟ ਰਹੀ। 2017 ਵਿਚ ਸਟੇਟ ਵੇਰਾਇਟੀ ਅਪਰੂਵਲ ਕਮੇਟੀ ਨੇ ਪਰਮਲ ਦੀ ਪੀਆਰ-126 ਤੇ ਬਾਸਮਤੀ ਦੀਆਂ ਤਿੰਨ ਕਿਸਮਾਂ, ਪੰਜਾਬ ਬਾਸਮਤੀ-5, ਪੰਜਾਬ ਬਾਸਮਤੀ-4 ਅਤੇ ਸੀਐੱਸਆਰ-30 ਨੂੰ ਮਨਜ਼ੂਰੀ ਦਿੱਤੀ। ਪੰਜਾਬ ਬਾਸਮਤੀ-4 ਤੇ ਪੰਜਾਬ ਬਾਸਮਤੀ-5 ਝੁਲਸ ਰੋਗ ਦੇ ਦਸ ਜੀਵਾਣੂਆਂ ਦਾ ਟਾਕਰਾ ਕਰਨ ਦੀ ਸਮਰਥਾ ਰੱਖਦੀਆਂ ਹਨ। ਇਨ੍ਹਾਂ ਕਿਸਮਾਂ ਦੇ ਦਾਣੇ ਜ਼ਿਆਦਾ ਲੰਬੇ ਅਤੇ ਪਤਲੇ ਹਨ ਜੋ ਪੱਕਣ ਉਪਰੰਤ ਬਹੁਤ ਖ਼ੁਸ਼ਬੂ ਦਿੰਦੇ ਹਨ। ਚੌਲਾਂ ਦੀ ਲੰਬਾਈ ਪਕਾਉਣ ਉਪਰੰਤ ਦੁਗਣੀ ਹੋ ਜਾਂਦੀ ਹੈ।

*ਮੋਬਾਈਲ 98145-16464*

### ਜ਼ਰੂਰੀ ਨੁਕਤੇ

- ਪਾਣੀ ਦੀ ਬੱਚਤ ਲਈ ਘੱਟ ਸਮਾਂ ਲੈਣ ਵਾਲੀਆਂ ਕਿਸਮਾਂ ਦੀ ਹੀ ਕਾਸ਼ਤ ਕਰੋ।
- ਝੋਨੇ ਜਾਂ ਬਾਸਮਤੀ ਦੀ ਕਿਸੇ ਇਕੋ ਹੀ ਕਿਸਮ ਦੀ ਬਿਜਾਈ ਲਗਾਤਾਰ ਨਹੀਂ ਕਰਨੀ ਚਾਹੀਦੀ।
- ਕਿਸਮ ਦੀ ਚੋਣ ਖਿੱਤੇ ਦੀਆਂ ਜ਼ਰੂਰਤਾਂ ਤੇ ਔਕੜਾਂ ਅਨੁਸਾਰ ਹੀ ਕਰੋ ਤਾਂ ਜੋ ਸਥਾਈ ਆਮਦਨ 'ਚ ਸਥਿਰਤਾ ਰਹੇ।
- ਕਿਸੇ ਵੀ ਨਵੀਂ ਕਿਸਮ ਨੂੰ ਪਹਿਲੇ ਸਾਲ ਥੋੜ੍ਹੇ ਰਕਬੇ ਵਿਚ ਬੀਜੋ।
- ਬੀਜ ਹਮੇਸ਼ਾ ਭਰੋਸੇਯੋਗ ਵਸੀਲਿਆਂ ਤੋਂ ਹੀ ਖ਼ਰੀਦੋ।
- ਪਨੀਰੀ ਲਗਾਉਣ ਪਿੱਛੋ 2 ਹਫ਼ਤੇ ਤਕ ਪਾਣੀ ਖੇਤ ਵਿਚ ਖੜ੍ਹਾ ਰੱਖਣਾ ਜ਼ਰੂਰੀ ਹੈ। ਇਸ ਤੋਂ ਬਾਅਦ ਪਾਣੀ ਉਸ ਵੇਲੇ ਦਿਓ ਜਦੋਂ ਖੇਤ 'ਚੋ ਪਾਣੀ ਜਜ਼ਬ ਹੋਇਆਂ ਦੋ ਦਿਨ ਹੋ ਗਏ ਹੋਣ।
- ਜਿੱਥੇ ਕਣਕ ਨੂੰ ਸਿਫਾਰਸ਼ ਮਾਤਰਾ 'ਚ ਫਾਸਫੋਰਸ ਦੀ ਖਾਦ ਪਾਈ ਹੋਈ ਹੋਵੇ, ਉੱਥੇ ਝੋਨੇ ਨੂੰ ਫਾਸਫੋਰਸ ਖਾਦ ਪਾਉਣ ਦੀ ਲੋੜ ਨਹੀਂ।
- ਸਿੰਥੈਟਿਕ ਪਰਿਥਰੂਆਇਡ ਜ਼ਹਿਰਾਂ (ਸਾਈਪਰ-ਮਿਥਰਿਨ, ਡੈਲਟਾ-ਮਿਥਰਿਨ, ਡੀਡੀਪੀ, ਐਸੀਫੇਟ, ਲੈਮਡਾ ਸਾਈਹੈਲੋਥਰਿਨ ਆਦਿ) ਭੂਰੇ ਤੇਲੇ ਦੇ ਹਮਲੇ ਨੂੰ ਵਧਾਉਂਦੀਆਂ ਹਨ, ਇਸ ਲਈ ਇਨ੍ਹਾਂ ਦੀ ਵਰਤੋਂ ਨਾ ਕਰੋ ।
- ਫ਼ਸਲ ਦਾ ਸਮੇਂ-ਸਮੇਂ 'ਤੇ ਨਿਰੀਖਣ ਕਰਦੇ ਰਹੋ ਤੇ ਲੋੜ ਪੈਣ ਤੇ ਖੇਤੀ ਮਾਹਿਰਾਂ ਦੀ ਸਲਾਹ ਲਵੋ।

*ਝੋਨੇ ਦੀ ਮੈਟ ਟਾਈਪ ਪਨੀਰੀ ਉਗਾ ਕੇ ਬਿਜਾਈ ਕਰਨ ਨਾਲ ਖੇਤੀ ਕਾਮਿਆਂ ਦੀ ਘਾਟ ਸਬੰਧੀ ਸਮੱਸਿਆ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ ਅਤੇ ਇਸ ਵਿਚ ਰਵਾਇਤੀ ਲੁਆਈ ਨਾਲੋਂ ਸਮਾਂ ਵੀ ਘੱਟ ਲਗਦਾ ਹੈ...*

# ਝੋਨੇ ਦੀ ਮੈਟ ਟਾਈਪ ਪਨੀਰੀ ਤਿਆਰ ਕਰਨਾ

• ਮਹੇਸ਼ ਨਾਰੰਗ, ਐੱਸਐੱਸ ਠਾਕੁਰ

ਪੰਜਾਬ ਵਿਚ ਕਰੀਬ 75 ਲੱਖ ਏਕੜ ਰਕਬੇ 'ਚ ਝੋਨਾ ਲਗਾਇਆ ਜਾਂਦਾ ਹੈ। ਸਰਕਾਰ ਵੱਲੋਂ ਪਾਣੀ ਦੀ ਬੱਚਤ ਲਈ ਝੋਨੇ ਦੀ ਲੁਆਈ ਦਾ ਸਮਾਂ 15 ਜੂਨ ਤੋਂ ਤੈਅ ਕੀਤਾ ਗਿਆ ਹੈ, ਜਿਸ ਕਾਰਨ ਲੁਆਈ ਦਾ ਸਮਾਂ ਘਟ ਗਿਆ ਹੈ ਪਰ ਇਹ ਕੰਮ ਝੋਨਾ ਲਗਾਉਣ ਵਾਲੀਆਂ ਮਸ਼ੀਨਾਂ ਨਾਲ ਸੰਭਵ ਹੈ।

### ਮੈਟ ਟਾਈਪ ਪਨੀਰੀ ਤਿਆਰ ਕਰਨਾ

ਇਸ ਪਨੀਰੀ ਨੂੰ ਪਲਾਸਟਿਕ ਦੀ ਸ਼ੀਟ ਜਾਂ ਟਰੇਆਂ 'ਚ ਤਿਆਰ ਕੀਤਾ ਜਾ ਸਕਦਾ ਹੈ। ਮੈਟ ਟਾਈਪ ਪਨੀਰੀ ਦੀ ਬਿਜਾਈ ਝੋਨਾ ਲਗਾਉਣ ਵਾਲੇ ਖੇਤ ਦੇ ਨੇੜੇ ਕਰੋ। ਪਨੀਰੀ ਵਾਲੇ ਖੇਤ ਦੀ ਮਿੱਟੀ ਉਪਜਾਊ, ਪੱਧਰੀ, ਟਿਊਬਵੈੱਲ ਤੇ ਦਰੱਖ਼ਤਾਂ ਤੋਂ 20 ਮੀਟਰ ਦੂਰ ਹੋਵੇ ਅਤੇ ਮਿੱਟੀ ਵਿਚ ਪੱਥਰ ਆਦਿ ਨਾ ਹੋਣ। ਖੇਤ ਨੂੰ ਵੱਤਰ ਆਉਣ 'ਤੇ ਚੰਗੀ ਤਰ੍ਹਾਂ ਵਾਹ ਕੇ ਸੁਹਾਗਾ ਮਾਰੋ। ਤਿਆਰ ਕੀਤੀ ਥਾਂ 'ਤੇ 50-60 ਗੇਜ਼ ਦੀ ਪਤਲੀ ਤੇ 90-100 ਸੈਂਟੀਮੀਟਰ ਚੌੜੀ ਪਲਾਸਟਿਕ ਸ਼ੀਟ, ਜਿਸ 'ਚ 1-2 ਮਿਲੀਮੀਟਰ ਦੇ ਸੁਰਾਖ਼ ਹੋਣ, ਵਿਛਾਓ । ਸ਼ੀਟ 'ਤੇ ਇਕ ਜਾਂ ਵੱਧ ਫਰੇਮ, ਜਿਸ ਦਾ ਇਕ ਖ਼ਾਨੇ ਦਾ ਮਾਪ ਇੰਜਨ ਵਾਲੀ ਮਸ਼ੀਨ ਲਈ 45× 21× 2 ਸੈਂਟੀਮੀਟਰ ਤੇ ਸਵੈਚਾਲਿਤ ਮਸ਼ੀਨ ਲਈ 58 ×28 ×2 ਸੈਂਟੀਮੀਟਰ ਹੁੰਦਾ ਹੈ, ਰੱਖੋ। ਫਰੇਮ ਦੇ ਖ਼ਾਨੇ ਤੇ ਸਾਈਜ਼ ਮਸ਼ੀਨ ਦੇ ਮੁਤਾਬਕ ਹੋਣੇ ਚਾਹੀਦੇ ਹਨ। ਇਕ ਏਕੜ ਦੀ ਪਨੀਰੀ ਲਈ 270 ਗ੍ਰਾਮ ਸ਼ੀਟ, (15 ਮੀਟਰ ਲੰਬੀ) ਦੀ ਲੋੜ ਹੁੰਦੀ ਹੈ। ਫਰੇਮ ਦੇ ਦੋਵਾਂ ਪਾਸਿਆਂ ਤੋਂ ਇਕਸਾਰ ਮਿੱਟੀ ਚੁੱਕ ਕੇ ਫਰੇਮ ਵਿਚ ਪਾ ਕੇ ਪੱਧਰ ਕਰ ਦਿਓ। ਹਰ ਖਾਨੇ ਉੱਤੇ 50-60 ਗ੍ਰਾਮ ਪੁੰਗਰਿਆ ਹੋਇਆ ਬੀਜ ਇਸ ਤਰ੍ਹਾਂ ਖਿਲਾਰੋ ਕਿ ਇਕ



ਸੈਂਟੀਮੀਟਰ ਖੇਤਰਫਲ 'ਚ 2-3 ਦਾਣੇ ਆਉਣ। ਬੀਜ ਨੂੰ ਇਕਸਾਰ ਖਿਲਾਰਿਆ ਜਾਵੇ। ਇਕ ਏਕੜ ਪਨੀਰੀ ਲਈ 10-12 ਕਿੱਲੋ ਬੀਜ ਦੀ ਲੋੜ ਹੁੰਦੀ ਹੈ, ਜਿਸ ਤੋਂ 150 ਮੈਟ ਤਿਆਰ ਹੋ ਸਕਦੇ ਹਨ। ਬੀਜ ਨੂੰ 20 ਗ੍ਰਾਮ ਬਾਵਿਸਟਨ-50 (ਕਾਰਬੈਂਡਾਜ਼ਿਮ) ਤੇ 1.0 ਗ੍ਰਾਮ ਸਟਰੈਪਟੋ-ਸਾਈਕਲਿਨ ਦੇ 10 ਲੀਟਰ ਪਾਣੀ ਦੇ ਘੋਲ ਵਿਚ ਬਿਜਾਈ ਤੋਂ ਪਹਿਲਾਂ 8-10 ਘੰਟੇ ਲਈ ਭਿਉਂ ਕੇ ਬਿਮਾਰੀ ਰਹਿਤ ਕਰ ਲਵੋ। ਬੀਜ ਨੂੰ ਪਾਣੀ 'ਚੋ ਕੱਢ ਕੇ ਛਾਂਵੇਂ ਰੱਖ ਕੇ ਪੁੰਗਰਨ ਦੇਵੋ। ਬੀਜ ਨੂੰ ਮਿੱਟੀ ਦੀ ਬਾਰੀਕ ਪਰਤ ਨਾਲ ਢਕ ਕੇ ਪਾਣੀ ਛਿੜਕ ਦਿਓ ਤਾਂ ਕਿ ਮਿੱਟੀ ਜੰਮ ਜਾਵੇ। ਮਿੱਟੀ ਜੰਮਣ 'ਤੇ ਫਰੇਮ ਨੂੰ ਸ਼ੀਟ 'ਤੇ ਰੱਖ ਦਿਓ।

ਪਨੀਰੀ ਦੀ ਬਿਜਾਈ ਤੋਂ ਬਾਅਦ ਖੇਤ ਨੂੰ ਪਾਣੀ ਦਿਓ। ਪਹਿਲੇ ਦੋ-ਤਿੰਨ ਪਾਣੀ ਇਕਸਾਰ ਹੋਣ ਤਾਂ ਕਿ ਮੈਟ ਖ਼ਰਾਬ ਨਾ ਹੋਣ। ਰੋਜ਼ਾਨਾ ਪਾਣੀ ਲਗਾਉਣਾ ਜ਼ਰੂਰੀ ਹੈ ਤਾਂ ਕਿ ਮੈਟ ਗਿੱਲੇ ਰਹਿਣ। ਇਕ ਏਕੜ ਦੀ ਪਨੀਰੀ ਲਈ 10 ਦਿਨਾਂ ਬਾਅਦ 200 ਗ੍ਰਾਮ ਯੂਰੀਆ 15 ਲਿਟਰ ਪਾਣੀ 'ਚ ਘੋਲ ਕੇ ਛਿੜਕਾਅ ਕਰੋ। ਪਨੀਰੀ ਦੇ ਮੈਟ 25-30 ਦਿਨਾਂ ਪਿੱਛੋਂ ਲੁਆਈ ਲਈ ਤਿਆਰ ਹੋ ਜਾਂਦੇ ਹਨ। ਪਨੀਰੀ ਪੁੱਟਣ ਤੋਂ ਕੁਝ ਘੰਟੇ ਪਹਿਲਾਂ ਪਾਣੀ ਕੱਢ ਦਿਓ। ਇਸ ਤਰ੍ਹਾਂ ਤਿਆਰ ਕੀਤੇ ਮੈਟ ਆਸਾਨੀ ਨਾਲ ਬਲੇਡ ਜਾਂ ਦਾਤਰੀ ਨਾਲ ਫਰੇਮ ਦੇ ਚਿੰਨ੍ਹਾਂ ਮੁਤਾਬਕ ਕੱਟ ਕੇ ਉਖਾੜੇ ਜਾ ਸਕਦੇ ਹਨ। ਇਹ ਉਖਾੜੇ ਹੋਏ ਮੈਟ, ਝੋਨਾ ਲਗਾਉਣ ਵਾਲੇ ਖੇਤ ਤਕ ਟਰਾਲੀ ਨਾਲ ਪਹੁੰਚਾਏ ਜਾ ਸਕਦੇ ਹਨ। ਇਕ ਵਿਅਕਤੀ ਇਕ ਦਿਨ 'ਚ 5-6 ਏਕੜ ਪਨੀਰੀ ਦੇ ਮੈਟ ਉਖਾੜ ਸਕਦਾ ਹੈ।

ਮੈਟ ਟਾਈਪ ਪਨੀਰੀ ਤਿਆਰ ਕਰਨ ਸਬੰਧੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਫਾਰਮ ਮਸ਼ੀਨਰੀ ਤੇ ਪਾਵਰ ਇੰਜੀਨੀਅਰਿੰਗ ਵਿਭਾਗ, ਜ਼ਿਲ੍ਹੇ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਤੇ ਫਾਰਮ ਸਲਾਹਕਾਰ ਸੇਵਾ ਜਾਂ ਜ਼ਿਲ੍ਹੇ ਦੇ ਖੇਤੀਬਾੜੀ ਇੰਜੀਨੀਅਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

*ਮੋਬਾਈਲ 94173-83464*

### ਝੋਨਾ ਲਗਾਉਣ ਵਾਲੀਆਂ ਮਸ਼ੀਨਾਂ

ਮੈਟ ਟਾਈਪ ਪਨੀਰੀ ਨੂੰ ਪਹੀਆਂ ਨਾਲ ਚੱਲਣ ਵਾਲੀ ਮਸ਼ੀਨ ਨਾਲ ਖੇਤ ਵਿਚ ਆਸਾਨੀ ਨਾਲ ਲਗਾਇਆ ਜਾ ਸਕਦਾ ਹੈ। ਇਨ੍ਹਾਂ ਮਸ਼ੀਨਾਂ ਨਾਲ ਬੂਟਿਆਂ ਦੀ ਗਿਣਤੀ ਤੇ ਬੂਟੇ ਦੀ ਡੂੰਘਾਈ ਵੱਧ-ਘੱਟ ਵੀ ਕੀਤੀ ਜਾ ਸਕਦੀ ਹੈ। ਪਿੱਛੇ ਤੁਰਨ ਵਾਲੀਆਂ ਮਸ਼ੀਨਾਂ ਨਾਲ ਇਕ ਦਿਨ ਵਿਚ ਢਾਈ ਏਕੜ ਰਕਬਾ 2 ਤੋਂ 3 ਆਦਮੀਆਂ ਦੀ ਮਦਦ ਨਾਲ ਲਗਾਇਆ ਜਾ ਸਕਦਾ ਹੈ, ਜਦਕਿ ਚਾਰ ਪਹੀਆਂ ਵਾਲੀ ਮਸ਼ੀਨ ਨਾਲ 8 ਤੋਂ 10 ਏਕੜ ਰਕਬਾ ਪ੍ਰਤੀ ਦਿਨ ਲਗਾਇਆ ਜਾ ਸਕਦਾ ਹੈ। ਇਨ੍ਹਾਂ ਮਸ਼ੀਨਾ ਨਾਲ ਝੋਨੇ ਦੀ ਪਨੀਰੀ ਦੀ ਲੁਆਈ ਸੌਖੀ, ਘੱਟ ਸਮੇਂ ਵਿਚ ਤੇ ਬੂਟਿਆਂ ਦੀ ਗਿਣਤੀ ਨਾਲ ਕੀਤੀ ਜਾ ਸਕਦੀ ਹੈ। ਇਸ ਨਾਲ ਬੂਟੇ ਕਤਾਰਾਂ 'ਚ ਲਗਦੇ ਹਨ, ਜਿਸ ਨਾਲ ਬੂਟਿਆਂ ਚੋਂ ਹਵਾ ਲੱਘਦੀ ਰਹਿੰਦੀ ਹੈ ਤੇ ਸਪਰੇਅ ਕਰਨੀ ਵੀ ਸੌਖੀ ਹੁੰਦੀ ਹੈ। ਇਨ੍ਹਾਂ ਮਸ਼ੀਨਾਂ ਨਾਲ ਝੋਨੇ ਦੀ ਲੁਆਈ ਵਾਸਤੇ ਮੈਟ ਟਾਈਪ ਪਨੀਰੀ ਦੀ ਲੋੜ ਹੁੰਦੀ ਹੈ।



*ਝੋਨੇ ਦੀਆਂ ਛੇਤੀ ਪੱਕਣ ਵਾਲੀਆਂ ਕਿਸਮਾਂ ਸਬੰਧੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫਾਰਸ਼ ਨੂੰ ਅਪਨਾਉਣ ਨਾਲ ਪੂਸਾ-44 ਵਰਗੀਆ ਵੱਧ ਸਮਾਂ ਤੇ ਵੱਧ ਪਾਣੀ ਖ਼ਰਚ ਕਰਨ ਵਾਲੀਆਂ ਕਿਸਮਾਂ ਦੀ ਬਿਜਾਈ ਕਰਨ ਦੇ ਰੁਝਾਨ 'ਚ ਕਾਫੀ ਕਮੀ ਆਈ ਹੈ...*



# ਝੋਨੇ ਦੀਆਂ ਕਿਸਮਾਂ ਨੂੰ ਮਿਲ ਰਿਹੈ ਵੱਡਾ ਹੁੰਗਾਰਾ

• ਰਾਜ ਕੁਮਾਰ ਤੇ ਸੁਖਪਾਲ ਸਿੰਘ

ਚੌਲਾਂ ਦੀ ਫ਼ਸਲ ਭਾਰਤ ਤੇ ਪੰਜਾਬ ਦੀ ਮੁੱਖ ਫ਼ਸਲ ਹੈ। ਇਹ ਕਰੀਬ 60 ਫ਼ੀਸਦੀ ਭਾਰਤੀਆਂ ਦਾ ਮੁੱਖ ਭੋਜਨ ਹੈ। ਪੰਜਾਬ 'ਚ ਚੌਲਾਂ ਥੱਲੇ ਸਾਲ 1970-71 'ਚ ਸਿਰਫ਼ 3.9 ਲੱਖ ਹੈਕਟੇਅਰ ਰਕਬਾ ਸੀ, ਜੋ 2015-16 'ਚ ਵਧ ਕੇ 29.75 ਲੱਖ ਹੈਕਟੇਅਰ ਹੋ ਗਿਆ। ਇਸ ਦੌਰਾਨ ਚੌਲਾਂ ਦਾ ਉਤਪਾਦਨ ਵੀ 6.88 ਲੱਖ ਟਨ ਤੋਂ ਵਧ ਕੇ 118.23 ਲੱਖ ਟਨ 'ਤੇ ਪਹੁੰਚ ਗਿਆ ਹੈ। ਪੰਜਾਬ ਭੂਗੋਲਿਕ ਪੱਖੋਂ ਛੋਟਾ ਸੂਬਾ ਹੋਣ ਦੇ ਬਾਵਜੂਦ ਚੌਲਾਂ ਦੇ ਉਤਪਾਦਨ ਦਾ 11 ਫ਼ੀਸਦੀ ਹਿੱਸਾ ਪੈਦਾ ਕਰਦਾ ਹੈ ਤੇ ਕੇਂਦਰੀ ਅੰਨ-ਭੰਡਾਰ 'ਚ ਸਾਰੇ ਸੂਬਿਆਂ ਤੋਂ ਵੱਧ ਯੋਗਦਾਨ ਪਾ ਰਿਹਾ ਹੈ। ਇਸ ਨੇ ਕੇਂਦਰੀ ਅੰਨ-ਭੰਡਾਰ 'ਚ 27.46 ਫ਼ੀਸਦੀ (93.50 ਲੱਖ ਟਨ) ਚਾਵਲ ਦਾ ਯੋਗਦਾਨ ਪਾਇਆ।

ਪੀਏਯੂ ਨੇ ਫ਼ਸਲਾਂ ਦੀਆਂ ਵੱਧ ਝਾੜ ਦੇਣ ਵਾਲੀਆਂ ਕਿਸਮਾਂ ਦੀ ਖੋਜ ਕਰ ਕੇ ਖੇਤੀ ਉਤਪਾਦਨ 'ਚ ਭਾਰੀ ਵਾਧਾ ਕੀਤਾ। ਝੋਨੇ ਦਾ ਔਸਤ ਝਾੜ, ਜੋ 1970-71 'ਚ 27.7 ਕੁਇੰਟਲ ਪ੍ਰਤੀ ਹੈਕਟੇਅਰ ਸੀ, ਉਹ 2015-16 'ਚ 59.6 ਕੁਇੰਟਲ ਪ੍ਰਤੀ ਹੈਕਟੇਅਰ ਹੋ ਗਿਆ ਹੈ। ਪੀਏਯੂ ਦੁਆਰਾ ਸੂਬੇ 'ਚ ਝੋਨੇ ਦੀਆਂ ਵੱਖ-ਵੱਖ ਕਿਸਮਾਂ ਹੇਠਲੇ ਰਕਬੇ ਸਬੰਧੀ ਕਰਵਾਏ ਸਰਵੇਖਣ ਅਨੁਸਾਰ ਯੂਨੀਵਰਸਿਟੀ ਵੱਲੋਂ ਸਿਫਾਰਿਸ਼ ਕੀਤੀਆਂ ਕਿਸਮਾਂ ਨੇ ਖੇਤੀ ਰਕਬੇ 'ਚ ਵਿਲੱਖਣ ਥਾਂ ਬਣਾਈ ਹੈ। ਇਸ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਯੂਨੀਵਰਸਿਟੀ ਵੱਲੋਂ ਸਿਫਾਰਿਸ਼ ਕੀਤੀਆਂ ਝੋਨੇ ਦੀਆਂ ਪਰਮਲ ਕਿਸਮਾਂ ਥੱਲੇ ਜਿਹੜਾ ਰਕਬਾ 2015-16 'ਚ 54 ਫ਼ੀਸਦੀ ਸੀ, ਉਹ 2016-17 'ਚ ਵਧ ਕੇ 61.5 ਫ਼ੀਸਦੀ ਹੋ ਗਿਆ। ਇਸ ਦੌਰਾਨ ਝੋਨੇ ਦੀ ਪੀਆਰ-121 ਕਿਸਮ ਸਭ ਤੋਂ ਹਰਮਨ ਪਿਆਰੀ ਰਹੀ। ਇਸ ਦੀ ਕਾਸ਼ਤ ਸੂਬੇ 'ਚ ਕੁੱਲ ਪਰਮਲ ਕਿਸਮਾਂ ਦੇ ਰਕਬੇ ਦੇ 29 ਫ਼ੀਸਦੀ ਹਿੱਸੇ 'ਚ ਕੀਤੀ ਗਈ, ਜਦਕਿ ਪੂਸਾ-44, ਪੀਆਰ-114 ਤੇ ਪੀਆਰ-122 ਕਿਸਮਾਂ ਦੀ ਕਾਸ਼ਤ ਕ੍ਰਮਵਾਰ 21.07, 6.38 ਤੇ 4.78 ਫ਼ੀਸਦੀ ਰਕਬੇ 'ਚ ਕੀਤੀ ਗਈ। ਝੋਨੇ ਦੀ ਹੁਣੇ-ਹੁਣੇ ਰਿਲੀਜ਼ ਹੋਈ ਕਿਸਮ ਪੀਆਰ-126 ਨੇ ਵੀ ਪਰਮਲ ਕਿਸਮਾਂ ਦੇ ਕੁਲ ਰਕਬੇ ਦਾ 3.12 ਫ਼ੀਸਦੀ ਹਿੱਸਾ ਮੱਲਿਆ ਹੋਇਆ ਹੈ। ਇਸੇ ਤਰ੍ਹਾਂ ਬਾਸਮਤੀ ਦੀਆਂ ਸਿਫਾਰਿਸ਼ ਕੀਤੀਆਂ ਕਿਸਮਾਂ ਦੀ ਕਾਸ਼ਤ ਵੀ 95 ਫ਼ੀਸਦੀ ਤੋਂ ਜ਼ਿਆਦਾ ਰਕਬੇ 'ਚ ਕੀਤੀ ਗਈ। ਪੂਸਾ ਬਾਸਮਤੀ-1121 ਕਿਸਮ ਦੀ ਕਾਸ਼ਤ 2015-16 ਦੌਰਾਨ ਬਾਸਮਤੀ ਅਧੀਨ ਕੁੱਲ ਰਕਬੇ ਦੇ 71.82 ਫ਼ੀਸਦੀ ਹਿੱਸੇ 'ਚ ਕੀਤੀ ਗਈ ਸੀ। ਇਸ ਕਿਸਮ ਅਧੀਨ ਰਕਬੇ 'ਚ 11 ਫ਼ੀਸਦੀ ਵਾਧਾ ਹੋਇਆ ਤੇ ਇਸ ਦੀ ਕਾਸ਼ਤ ਕੁੱਲ ਬਾਸਮਤੀ ਦੇ 83.34 ਫ਼ੀਸਦੀ ਰਕਬੇ 'ਚ ਕੀਤੀ ਗਈ। ਇਸੇ ਸਮੇਂ ਦੌਰਾਨ ਪੂਸਾ ਬਾਸਮਤੀ-1509 ਹੇਠ ਰਕਬਾ 21.63 ਤੋਂ ਘਟ ਕੇ 11.28 ਫ਼ੀਸਦੀ ਰਹਿ ਗਿਆ ਹੈ। ਪੰਜਾਬ 'ਚ ਝੋਨੇ ਦੀ ਕਾਸ਼ਤ ਦੇ ਰੁਝਾਨ ਦਾ ਸਕਾਰਾਤਮਕ ਪੱਖ ਇਹ ਹੈ ਕਿ ਪੰਜਾਬ ਦੇ ਕਿਸਾਨ ਯੂਨੀਵਰਸਿਟੀ ਦੀਆਂ ਸਿਫਾਰਿਸ਼ਾਂ ਨੂੰ ਤਰਜੀਹ ਦੇ ਰਹੇ ਹਨ। ਨਤੀਜੇ ਵਜੋਂ ਕੁਝ ਸਾਲਾਂ ਤੋਂ ਝੋਨੇ ਦੀਆਂ ਪਾਣੀ ਦੀ ਵੱਧ ਖ਼ਪਤ ਕਰਨ ਵਾਲੀ ਪੂਸਾ-44 ਕਿਸਮ ਹੇਠੋਂ ਰਕਬਾ ਲਗਾਤਾਰ ਘਟ ਰਿਹਾ ਹੈ। ਕਿਸਾਨਾਂ ਦਾ ਇਹ ਰੁਝਾਨ ਸੂਬੇ ਦੇ ਵਡਮੁੱਲੇ ਸੋਮਿਆਂ ਪਾਣੀ, ਭੂਮੀ ਤੇ ਬਿਜਲੀ ਨੂੰ ਬਚਾਉਣ ਤੇ ਇਨ੍ਹਾਂ ਦੀ ਸੁਚੱਜੀ ਵਰਤੋਂ ਕਰਨ 'ਚ ਕਾਰਗਰ ਸਾਬਤ ਹੋਵੇਗਾ।

*ਮੋਬਾਈਲ ਨੰ. 81460-96600*

### ਝੋਨੇ ਦੀਆਂ ਪਰਮਲ ਕਿਸਮਾਂ ਹੇਠ ਜਿਹੜਾ ਰਕਬਾ

| 2015-16 'ਚ ਕਰੀਬ | 2016-17 'ਚ ਵਧ ਕੇ |
|---|---|
| 54 ਫ਼ੀਸਦੀ ਸੀ | 61.5 ਫ਼ੀਸਦੀ ਹੋ ਗਿਆ |



• ਰਾਜਨ ਅਗਰਵਾਲ, ਅੰਗਰੇਜ਼ ਸਿੰਘ

ਪੰਜਾਬ ਦੇਸ਼ ਦੇ ਸਿਰਫ 1.5 ਫ਼ੀਸਦੀ ਭੂਗੋਲਿਕ ਖੇਤਰ ਨਾਲ ਦੇਸ਼ 'ਚ ਝੋਨੇ ਦੀ ਪੈਦਾਵਰ ਦਾ 12 ਫ਼ੀਸਦੀ ਉਤਪਾਦਨ ਕਰਦਾ ਹੈ। ਪੰਜਾਬ ਦਾ 80 ਫ਼ੀਸਦੀ ਰਕਬਾ ਖੇਤੀ ਹੇਠ ਹੈ, ਜਿਸ ਵਿੱਚੋਂ 98 ਫ਼ੀਸਦੀ ਸਿੰਚਾਈ ਅਧੀਨ ਹੈ। 72 ਫ਼ੀਸਦੀ ਸਿੰਚਾਈ ਜ਼ਮੀਨਦੋਜ਼ ਪਾਣੀ ਤੇ 28 ਫ਼ੀਸਦੀ ਸਿੰਚਾਈ ਨਹਿਰੀ ਪਾਣੀ ਨਾਲ ਕੀਤੀ ਜਾਂਦੀ ਹੈ। ਝੋਨੇ ਦੀ ਫ਼ਸਲ ਨੂੰ ਪਾਣੀ ਦੀ ਵੱਧ ਲੋੜ ਹੁੰਦੀ ਹੈ। ਜ਼ਮੀਨਦੋਜ਼ ਪਾਣੀ ਦੀ ਬੇਲੋੜੀ ਵਰਤੋਂ ਇਸ ਦੇ ਪੱਧਰ 'ਚ ਗਿਰਾਵਟ ਦਾ ਕਾਰਨ ਬਣ ਰਹੀ ਹੈ। ਸੂਬੇ ਵਿਚ 1970 'ਚ ਟਿਊਬਵੈੱਲਾਂ ਦੀ ਗਿਣਤੀ 1.92 ਲੱਖ ਸੀ ਜੋ 2015 ਵਿਚ ਵਧ ਕੇ 14.15 ਲੱਖ ਹੋ ਗਈ ਹੈ। ਪਾਣੀ ਦੇ ਪੱਧਰ 'ਚ ਲਗਾਤਾਰ ਗਿਰਾਵਟ ਕਾਰਨ ਜ਼ਮੀਨ ਵਿੱਚੋਂ ਪਾਣੀ ਕੱਢਣ ਲਈ ਸੈਂਟਰੀਫਿਊਗਲ ਪੰਪ ਦੀ ਥਾਂ ਸਬਮਰਸੀਬਲ ਪੰਪ ਦੀ ਵਰਤੋਂ ਕਰਨੀ ਪੈ ਰਹੀ ਹੈ, ਨਤੀਜੇ ਵਜੋਂ ਖੇਤੀ ਖ਼ਰਚਿਆਂ 'ਚ ਵਾਧਾ ਹੋਇਆ ਹੈ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਪਾਣੀ ਦੀ ਬੱਚਤ ਲਈ ਕਈ ਸਿਫਾਰਸ਼ਾਂ ਕੀਤੀਆਂ ਗਈਆਂ ਹੈ :

### ਲੇਜ਼ਰ ਲੈਵਲਿੰਗ

ਲੇਜ਼ਰ ਲੈਵਲਰ ਨਾਲ ਖੇਤ ਪੱਧਰਾ ਕਰਨ 'ਤੇ ਪਾਣੀ ਦੀ 15-20 ਫ਼ੀਸਦੀ ਬੱਚਤ ਹੁੰਦੀ ਹੈ। ਇਸ ਨਾਲ ਖਾਦ ਦੇ ਖ਼ਰਚਿਆਂ 'ਚ ਬੱਚਤ ਤੇ ਝਾੜ ਵਿਚ ਵੀ ਵਾਧਾ ਹੁੰਦਾ ਹੈ। ਬਿਨਾਂ ਪੱਧਰ ਕੀਤੇ ਖੇਤ ਨੂੰ ਪਾਣੀ ਦੀ ਜ਼ਿਆਦਾ ਲੋੜ ਪੈਂਦੀ ਹੈ। ਵੇਖਿਆ ਗਿਆ ਹੈ ਕਿ ਜੇ ਇਕ ਕਿੱਲੇ ਵਿਚ ਇਕ ਟਿੱਬੀ ਇਕ ਸੈਂਟੀਮੀਟਰ ਉੱਚੀ ਹੋਵੇ ਤਾਂ ਇਸ 'ਤੇ ਪਾਣੀ ਚੜ੍ਹਾਉਣ ਲਈ ਖੇਤ 'ਚ ਇਕ ਸੈਂਟੀਮੀਟਰ ਪਾਣੀ ਹੋਰ ਲਗਾਉਣਾ ਪਵੇਗਾ, ਜਿਸ ਨਾਲ 40 ਹਜ਼ਾਰ ਲਿਟਰ ਵੱਧ ਪਾਣੀ ਲੱਗੇਗਾ। ਇਸ ਵੇਲੇ ਪੰਜਾਬ 'ਚ 7200 ਲੇਜ਼ਰ ਕਰਾਹੇ ਕੰਮ ਕਰ ਰਹੇ ਹਨ ਤੇ ਪੰਜਾਬ ਦਾ ਇਕ-ਤਿਹਾਈ ਖੇਤਰ ਪੱਧਰਾ ਹੋ ਗਿਆ ਹੈ।

### ਖਾਲਾਂ ਰਾਹੀਂ ਹੋਣ ਵਾਲੀ ਪਾਣੀ ਦੀ ਬਰਬਾਦੀ ਨੂੰ ਰੋਕਣਾ

ਟਿਊਬਵੈੱਲ ਜਾਂ ਨਹਿਰ ਦੇ ਸੋਮੇ ਤੋਂ ਖੇਤਾਂ ਤਕ ਪਾਣੀ ਪਹੁੰਚਦੇ ਸਮੇਂ, ਕੱਚੇ ਖਾਲਾਂ ਰਾਹੀਂ ਕਾਫੀ ਪਾਣੀ ਤਰੇੜਾਂ/ਖੁੱਡਾਂ ਰਾਹੀਂ ਲੀਕ ਹੋਣ, ਵਾਸ਼ਪੀਕਰਨ ਤੇ ਰਿਸਣ ਕਰਕੇ ਬਰਬਾਦ ਹੋ ਜਾਂਦਾ ਹੈ। ਬਰਬਾਦ ਹੋਣ ਵਾਲੇ ਪਾਣੀ ਦੀ ਮਾਤਰਾ ਪਾਣੀ ਦੇ ਸੋਮੇਂ ਤੋਂ ਖੇਤ ਦੀ ਦੂਰੀ ਉੱਪਰ ਨਿਰਭਰ ਕਰਦੀ ਹੈ। ਨਹਿਰੀ ਪਾਣੀ ਦੀ ਬੱਚਤ ਲਈ ਖਾਲਿਆਂ ਨੂੰ ਇੱਟਾਂ ਤੇ ਸੀਮੇਂਟ ਨਾਲ ਪੱਕਾ ਕਰ ਲਵੋ। ਇਸ ਨਾਲ 10-20 ਫ਼ੀਸਦੀ ਪਾਣੀ ਦੀ ਬੱਚਤ ਹੁੰਦੀ ਹੈ। ਟਿਊਬਵੈੱਲ ਵਾਲੇ ਖੇਤਰਾਂ 'ਚ ਪਾਣੀ ਖੇਤ ਤਕ ਪਹੁੰਚਾਉਣ ਲਈ ਜ਼ਮੀਨਦੋਜ ਪਾਈਪਾਂ ਦੀ ਵਰਤੋਂ ਕਰਨੀ ਚਾਹੀਦੀ ਹੈ।

### ਪਨੀਰੀ ਬੀਜਣ ਤੇ ਲੁਆਈ ਦਾ ਸਮਾਂ

ਝੋਨੇ ਦੀ ਪਨੀਰੀ ਨੂੰ ਸਮੇਂ ਸਿਰ ਬੀਜ ਕੇ ਤੇ ਸਹੀ ਸਮੇਂ 'ਤੇ ਖੇਤ ਵਿਚ ਲਗਾਉਣ ਨਾਲ ਵੀ ਪਾਣੀ ਦੀ ਬੱਚਤ ਹੁੰਦੀ ਹੈ। ਝੋਨੇ ਦੇ ਵਧੀਆ ਝਾੜ ਲਈ ਪਨੀਰੀ ਦੀ ਬਿਜਾਈ ਲਈ ਮਈ ਦਾ ਦੂਜਾ ਪੰਦਰਵਾੜਾ ਉੱਤਮ ਹੈ। ਲੰਬਾ ਸਮਾਂ ਲੈਣ ਵਾਲੀਆਂ ਕਿਸਮਾਂ, ਪੀਆਰ-122 ਦੀ ਪਨੀਰੀ ਬੀਜਣ ਦਾ ਸਮਾਂ 15 ਤੋਂ 20 ਮਈ ਤੇ ਦਰਮਿਆਨੇ ਸਮੇਂ ਵਾਲੀਆਂ ਕਿਸਮਾਂ, ਪੀਆਰ-123, ਪੀਆਰ-121, ਪੀਆਰ-114 ਤੇ ਪੀਆਰ-113 ਲਈ 20 ਤੋਂ 25 ਮਈ ਦਾ ਸਮਾਂ ਪਨੀਰੀ ਬੀਜਣ ਲਈ ਢੁੱਕਵਾਂ ਹੈ। ਬਿਜਾਈ ਤੋਂ 25-30 ਦਿਨ ਬਾਅਦ ਪਨੀਰੀ ਲਗਾਉਣ ਲਈ ਤਿਆਰ ਹੋ ਜਾਂਦੀ ਹੈ। ਘੱਟ ਸਮਾਂ ਲੈਣ ਵਾਲੀਆਂ ਕਿਸਮਾਂ (ਪੀਆਰ-115, ਪੀਆਰ-124, ਪੀਆਰ-126) ਦੀ ਲੁਆਈ ਪਛੇਤੀ ਹੁੰਦੀ ਹੈ, ਇਸ ਲਈ ਪਨੀਰੀ ਬੀਜਣ ਦਾ ਸਮਾਂ 20-30 ਮਈ ਹੈ। ਇਨ੍ਹਾਂ ਕਿਸਮਾਂ ਲਈ ਪਨੀਰੀ ਦੀ ਉਮਰ 30-35 ਦਿਨ ਹੋਣੀ ਚਾਹੀਦੀ ਹੈ।

### ਬਾਸਮਤੀ ਦੀ ਪਨੀਰੀ ਬੀਜਣ ਤੇ ਲੁਆਈ ਦਾ ਸਮਾਂ

ਬਾਸਮਤੀ ਦੇ ਚੰਗੇ ਝਾੜ ਲਈ ਪਨੀਰੀ ਲਗਾਉਣ ਦਾ ਸਮਾਂ ਬਹੁਤ ਮਹੱਤਵਪੂਰਨ ਹੈ। ਬਾਸਮਤੀ ਨੂੰ ਸਿੱਟੇ ਉਸ ਸਮੇਂ ਪੈਂਦੇ ਹਨ ਜਦੋਂ ਇਸ ਦੀ ਲੰਬਾਈ ਢੁਕਵੀਂ ਹੋਵੇ। ਅਗੇਤੀ ਫ਼ਸਲ ਉਸ ਸਮੇਂ ਸਿੱਟਿਆਂ 'ਤੇ ਆ ਜਾਂਦੀ ਹੈ ਜਦੋਂ ਤਾਪਮਾਨ ਵਧੇਰੇ ਹੁੰਦਾ ਹੈ, ਜਿਸ ਨਾਲ ਚੌਲ ਪੱਕਣ ਅਤੇ ਗੁਣਾਂ 'ਤੇ ਅਸਰ ਪੈਂਦਾ ਹੈ। ਜੇ ਬਾਸਮਤੀ-370 ਅਤੇ ਬਾਸਮਤੀ-386 ਕਿਸਮਾਂ ਦੀ ਪਨੀਰੀ ਅਗੇਤੀ ਲਗਾਈ ਜਾਵੇ ਤਾਂ ਇਸ ਨਾਲ ਫ਼ਸਲ ਬਹੁਤ ਉੱਚੀ ਹੋ ਜਾਂਦੀ ਹੈ ਤੇ ਪਤਰਾਲ ਜ਼ਿਆਦਾ ਹੋਣ ਕਾਰਨ ਫ਼ਸਲ ਖੇਤ 'ਚ ਡਿੱਗ ਪੈਂਦੀ ਹੈ।

### ਕੱਦੂ ਕੀਤੇ ਝੋਨੇ ਲਈ ਸਿੰਚਾਈ ਪ੍ਰਬੰਧ

ਕੱਦੂ ਕੀਤੇ ਖੇਤ ਵਿਚ ਪਨੀਰੀ ਲਗਾਉਣ ਪਿੱਛੋਂ ਦੋ ਹਫ਼ਤੇ ਤਕ ਪਾਣੀ ਖੇਤ 'ਚ ਖੜ੍ਹਾ ਰੱਖਣਾ ਜ਼ਰੂਰੀ ਹੈ। ਇਸ ਨਾਲ ਬੂਟੇ ਖੇਤ 'ਚ ਚੰਗੀ ਤਰ੍ਹਾਂ ਜੰਮ ਜਾਂਦੇ ਹਨ। ਇਸ ਤੋਂ ਪਿੱਛੋਂ ਪਾਣੀ ਉਸ ਵੇਲੇ ਦਿਓ, ਜਦੋਂ ਖੇਤ ਵਿਚਲੇ ਪਹਿਲੇ ਪਾਣੀ ਨੂੰ ਜਜ਼ਬ ਹੋਇਆਂ ਦੋ ਦਿਨ ਹੋ ਗਏ ਹੋਣ ਪਰ ਜ਼ਮੀਨ 'ਚ ਤ੍ਰੇੜਾਂ ਨਾ ਪੈਣ। ਇਸ ਨਾਲ ਪਾਣੀ ਦੀ ਕਾਫੀ ਬੱਚਤ ਹੁੰਦੀ ਹੈ। ਪਾਣੀ ਦੀ ਬੱਚਤ ਲਈ 15-20 ਸੈਂਟੀਮੀਟਰ ਡੂੰਘਾਈ 'ਤੇ ਲੱਗੇ ਟੈਂਸ਼ੀਓਮੀਟਰ 'ਚ ਪਾਣੀ ਦਾ ਪੱਧਰ ਹਰੀ ਪੱਟੀ ਤੋਂ ਪੀਲੀ ਪੱਟੀ ਵਿਚ ਦਾਖ਼ਲ ਹੋਣ 'ਤੇ ਹੀ ਪਾਣੀ ਲਗਾਓ। ਖੇਤ ਵਿਚ ਪਾਣੀ 10 ਸੈਂਟੀਮੀਟਰ ਤੋਂ ਵੱਧ ਨਹੀਂ ਹੋਣਾ ਚਾਹੀਦਾ। ਫ਼ਸਲ ਪੱਕਣ ਤੋਂ ਦੋ ਹਫ਼ਤੇ ਪਹਿਲਾਂ ਪਾਣੀ ਦੇਣਾ ਬੰਦ ਕਰ ਦਿਓ।

*ਮੋਬਾਈਲ 98722-08744*

*ਧਰਤੀ ਹੇਠਲੇ ਪਾਣੀ ਦਾ ਲਗਾਤਾਰ ਡਿੱਗ ਰਿਹਾ ਪੱਧਰ ਵਿਗਿਆਨੀਆਂ ਲਈ ਚਿੰਤਾ ਦਾ ਵਿਸ਼ਾ ਹੈ। ਪਾਣੀ ਦੀ ਬੱਚਤ ਲਈ ਖੇਤੀ ਵਿਗਿਆਨੀਆਂ ਵੱਲੋਂ ਕਿਸਾਨਾਂ ਨੂੰ ਨਵੀਆਂ ਤਕਨੀਕਾਂ ਨੂੰ ਅਪਨਾਉਣ ਦੀ ਸਲਾਹ ਦਿੱਤੀ ਗਈ ਹੈ...*



# ਝੋਨੇ ਦੇ ਖੇਤਾਂ 'ਚ ਪਾਣੀ ਦੀ ਸੁਚੱਜੀ ਵਰਤੋਂ

### ਝੋਨੇ ਦੀ ਸਿੱਧੀ ਬਿਜਾਈ ਲਈ ਸਿੰਚਾਈ ਪ੍ਰਬੰਧ

ਝੋਨੇ ਦੀ ਸਿੱਧੀ ਬਿਜਾਈ ਨਾਲ ਕੱਦੂ ਕੀਤੇ ਝੋਨੇ ਦੇ ਮੁਕਾਬਲੇ 10-15 ਫ਼ੀਸਦੀ ਪਾਣੀ ਦੀ ਬੱਚਤ ਕੀਤੀ ਜਾ ਸਕਦੀ ਹੈ। ਸਿੱਧੀ ਬਿਜਾਈ ਲਈ ਜੂਨ ਦਾ ਪਹਿਲਾ ਪੰਦਰਵਾੜਾ ਤੇ ਬਾਸਮਤੀ ਲਈ ਜੂਨ ਦਾ ਦੂਜਾ ਪੰਦਰਵਾੜਾ ਢੁਕਵਾਂ ਹੈ। ਜੇ ਝੋਨੇ ਦੀ ਸਿੱਧੀ ਬਿਜਾਈ ਸੁੱਕੇ ਖੇਤ 'ਚ ਕੀਤੀ ਹੈ ਤਾਂ ਬਿਜਾਈ ਤੋਂ ਤੁਰੰਤ ਬਾਅਦ ਸਿੰਚਾਈ ਕਰੋ ਤੇ ਦੂਜੀ ਸਿੰਚਾਈ 4-5 ਦਿਨ ਬਾਅਦ ਕਰੋ। ਜੇ ਝੋਨੇ ਦੀ ਬਿਜਾਈ ਰੌਣੀ ਕੀਤੇ ਖੇਤ 'ਚ ਕੀਤੀ ਹੋਵੇ ਤਾਂ ਪਹਿਲੀ ਸਿੰਚਾਈ ਬਿਜਾਈ ਤੋਂ 5-7 ਦਿਨ ਬਾਅਦ ਕਰਨੀ ਚਾਹੀਦੀ ਹੈ ਅਤੇ ਇਸ ਤੋਂ ਬਾਅਦ ਜ਼ਮੀਨ ਦੀ ਕਿਸਮ ਦੇ ਆਧਾਰ 'ਤੇ 5-10 ਦਿਨਾਂ ਦੇ ਵਕਫ਼ੇ 'ਤੇ ਪਾਣੀ ਦੇਵੋ। ਸਿੱਧੀ ਬਿਜਾਈ ਦਰਮਿਆਨੀਆਂ ਤੋਂ ਭਾਰੀਆਂ ਜ਼ਮੀਨਾਂ 'ਚ ਹੀ ਕੀਤੀ ਜਾ ਸਕਦੀ ਹੈ। ਇਸ ਤਰੀਕੇ ਨਾਲ ਬੀਜੀ ਫ਼ਸਲ 'ਚ ਛੋਟੇ ਖ਼ੁਰਾਕੀ ਤੱਤਾਂ ਤੇ ਨਦੀਨਾਂ ਦੀ ਰੋਕਥਾਮ ਵੱਲ ਧਿਆਨ ਦੇਣ ਦੀ ਲੋੜ ਹੁੰਦੀ ਹੈ। ਝੋਨੇ ਦੀ ਘੱਟ ਸਮਾਂ ਲੈਣ ਵਾਲੀ ਪੀਆਰ-115 ਕਿਸਮ ਸਿੱਧੀ ਬਿਜਾਈ ਲਈ ਢੁੱਕਵੀਂ ਹੈ। ਬਾਸਮਤੀ ਦੀਆਂ ਕਿਸਮਾਂ ਵਿੱਚੋਂ ਪੂਸਾ ਬਾਸਮਤੀ-1121 ਤੇ ਪੂਸਾ ਬਾਸਮਤੀ-1509 ਸਿੱਧੀ ਬਿਜਾਈ ਲਈ ਢੁੱਕਵੀਆਂ ਹਨ।



### ਥੋੜ੍ਹੇ ਸਮੇਂ 'ਚ ਪੱਕਣ ਵਾਲੀਆਂ ਕਿਸਮਾਂ

ਝੋਨੇ ਦੀਆਂ ਲੰਬੇ ਸਮੇਂ ਵਿਚ ਪੱਕਣ ਵਾਲੀਆਂ ਕਿਸਮਾਂ ਨੂੰ ਸਿੰਚਾਈ ਦੀ ਵੱਧ ਲੋੜ ਪੈਂਦੀ ਹੈ। ਕਿਸਾਨਾਂ ਨੂੰ ਥੋੜ੍ਹੇ ਸਮੇਂ 'ਚ ਪੱਕਣ ਵਾਲੀਆਂ ਕਿਸਮਾਂ ਦੀ ਬਿਜਾਈ ਨੂੰ ਪਹਿਲ ਦੇਣੀ ਚਾਹੀਦੀ ਹੈ। ਇਸ ਨਾਲ ਪਾਣੀ ਦੀ ਬੱਚਤ ਹੋਵੇਗੀ। ਝੋਨੇ ਦੀਆਂ ਥੋੜ੍ਹੇ ਸਮੇਂ 'ਚ ਪੱਕਣ ਵਾਲੀਆਂ ਕਿਸਮਾਂ, ਪੀਆਰ-115 (125 ਦਿਨ), ਪੀਆਰ-124 (135 ਦਿਨ) ਤੇ ਪੀਆਰ-126 (123 ਦਿਨ) ਸਭ ਤੋਂ ਢੁੱਕਵੀਆਂ ਹਨ। ਇਹ ਕਿਸਮਾਂ ਦੂਸਰੀਆਂ ਕਿਸਮਾਂ ਦੇ ਮੁਕਾਬਲੇ ਪੱਕਣ ਲਈ 15-20 ਦਿਨ ਘੱਟ ਸਮਾਂ ਲੈਂਦੀਆਂ ਹਨ ਤੇ ਘੱਟ ਪਾਣੀ ਮੰਗਦੀਆਂ ਹਨ।

# ਮੁੱਖ ਮੰਤਰੀ ਸੈਣੀ ਨਾਲ ਨਵੀਂ ਦਿੱਲੀ ਸਥਿਤ ਹਰਿਆਣਾ ਭਵਨ ਵਿੱਚ ਸੁਜ਼ੂਕੀ ਦੇ ਸੀਈਓ ਤੋਸ਼ੀਹੀਰੋ ਸੁਜ਼ੂਕੀ ਨੇ ਕੀਤੀ ਮੁਲਾਕਾਤ

**ਚੰਡੀਗੜ੍ਹ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਵੀਰਵਾਰ ਨੂੰ ਨਵੀਂ ਦਿੱਲੀ ਸਥਿਤ ਹਰਿਆਣਾ ਭਵਨ ਵਿੱਚ ਸੁਜ਼ੂਕੀ ਮੋਟਰ ਦੇ ਸੀਈਓ ਤੋਸ਼ੀਹੀਰੋ ਸੁਜ਼ੂਕੀ ਨੇ ਮੁਲਾਕਾਤ ਕੀਤੀ। ਇਸ ਦੌਰਾਨ ਸੀਈਓ ਤੋਸ਼ੀਹੀਰੋ ਸੁਜ਼ੂਕੀ ਨੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਵਾਅਦਾ ਕੀਤਾ ਕਿ ਸੁਜ਼ੂਕੀ ਮੋਟਰ ਭਵਿੱਖ ਵਿੱਚ ਵੀ ਹਰਿਆਣਾ ਦੇ ਅੰਦਰ ਹੋਰ ਨਿਵੇਸ਼ ਕਰੇਗੀ। ਉਨ੍ਹਾਂ ਕਿਹਾ ਕਿ ਭਾਰਤ ਦੀ ਪ੍ਰਗਤੀ ਦੇ ਨਾਲ-ਨਾਲ ਹਰਿਆਣਾ ਦੀ ਪ੍ਰਗਤੀ ਵਿੱਚ ਵੀ ਉਨ੍ਹਾਂ ਦੀ ਕੰਪਨੀ ਪੂਰਾ ਸਹਿਯੋਗ ਕਰੇਗੀ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਜਪਾਨ ਅਤੇ ਹਰਿਆਣਾ ਵਿਚਕਾਰ ਸੱਭਿਆਚਾਰਕ ਸਹਿਯੋਗ ਲਈ ਜਪਾਨ ਵਿੱਚ ਅੰਤਰਰਾਸ਼ਟਰੀ ਗੀਤਾ ਜਯੰਤੀ ਮਹੋਤਸਵ ਆਯੋਜਿਤ ਕੀਤਾ ਜਾਵੇਗਾ। ਉਨ੍ਹਾਂ ਨੇ 20 ਜੂਨ ਨੂੰ ਟੋਕੀਓ ਯੂਨੀਵਰਸਿਟੀ ਵਿੱਚ ਅੰਤਰਰਾਸ਼ਟਰੀ ਗੀਤਾ ਸੈਮੀਨਾਰ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਆਉਣ ਲਈ ਸੁਜ਼ੂਕੀ ਦੇ ਸੀਈਓ ਤੋਸ਼ੀਹੀਰੋ ਸੁਜ਼ੂਕੀ ਨੂੰ ਸੱਦਾ ਵੀ ਦਿੱਤਾ। ਮੀਟਿੰਗ ਦੌਰਾਨ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ



ਨੇ ਕਿਹਾ ਕਿ ਹਰਿਆਣਾ ਪਹਿਲਾਂ ਵੀ ਸੁਜ਼ੂਕੀ ਮੋਟਰ ਨੂੰ ਸਹਿਯੋਗ ਦਿੰਦਾ ਰਿਹਾ ਹੈ। ਉਨ੍ਹਾਂ ਨੂੰ ਪੂਰੀ ਉਮੀਦ ਹੈ ਕਿ ਭਵਿੱਖ ਵਿੱਚ ਸੁਜ਼ੂਕੀ ਮੋਟਰ ਹਰਿਆਣਾ ਵਿੱਚ ਹੀ ਨਿਵੇਸ਼ ਕਰੇਗੀ। ਉਨ੍ਹਾਂ ਕਿਹਾ ਕਿ ਸੁਜ਼ੂਕੀ ਮੋਟਰ ਇਕਲੌਤੀ ਅਜਿਹੀ ਕੰਪਨੀ ਹੈ ਜਿਸ ਨੂੰ ਹਰਿਆਣਾ ਰਾਜ ਨੇ ਐਸਜੀਐਸਟੀ ਇਨਸੈਂਟਿਵ ਦਿੱਤਾ ਹੈ। ਇਸ 'ਤੇ ਸੀਈਓ ਤੋਸ਼ੀਹੀਰੋ ਸੁਜ਼ੂਕੀ ਨੇ ਕਿਹਾ ਕਿ ਉਹ ਭਾਰਤ ਵਿੱਚ ਹਾਈਬ੍ਰਿਡ ਅਤੇ ਸੀਐਨਜੀ ਗੱਡੀਆਂ 'ਤੇ ਫੋਕਸ ਕਰਨਗੇ। ਭਵਿੱਖ ਵਿੱਚ ਜੇਕਰ ਉਨ੍ਹਾਂ ਨੂੰ ਈਵੀ ਲਈ ਗੱਡੀਆਂ ਬਣਾਉਣੀਆਂ ਪਈਆਂ ਅਤੇ ਨਵਾਂ ਪਲਾਂਟ ਬਣਾਇਆ ਤਾਂ ਯਕੀਨੀ ਤੌਰ 'ਤੇ ਨਿਵੇਸ਼ ਲਈ ਉਨ੍ਹਾਂ ਦੀ ਪਹਿਲ ਹਰਿਆਣਾ ਹੋਵੇਗੀ। ਉਨ੍ਹਾਂ ਕਿਹਾ ਕਿ ਸੁਜ਼ੂਕੀ ਨਾਲ ਹਰਿਆਣਾ ਸਰਕਾਰ ਦਾ ਸੰਚਾਰ ਇਸੇ ਤਰ੍ਹਾਂ ਬਣਿਆ ਰਹੇ ਅਤੇ ਹਰਿਆਣਾ ਸਰਕਾਰ ਦਾ ਸਹਿਯੋਗ ਮਿਲਦਾ ਰਹੇ। ਉਨ੍ਹਾਂ ਕਿਹਾ ਕਿ 1982-83 ਵਿੱਚ ਜਦੋਂ ਸੁਜ਼ੂਕੀ ਸ਼ੁਰੂ ਕੀਤੀ ਸੀ, ਉਦੋਂ ਅਸੀਂ ਪਾਇਆ ਕਿ ਭਾਰਤ ਅਤੇ ਜਪਾਨ ਦੇ ਕੰਮ ਕਰਨ ਦਾ ਤਰੀਕਾ ਵੱਖਰਾ ਹੈ, ਪਰ ਫਿਰ ਵੀ ਭਾਰਤ ਅਤੇ ਜਪਾਨ ਵਿੱਚ ਬਹੁਤ ਸਾਰੀਆਂ ਸਮਾਨਤਾਵਾਂ ਹਨ।

ਜਪਾਨ ਅਤੇ ਹਰਿਆਣਾ ਵਿੱਚ ਸੱਭਿਆਚਾਰਕ ਸਹਿਯੋਗ ਵਧਾਉਣ ਲਈ ਜਪਾਨ ਵਿੱਚ ਆਯੋਜਿਤ ਹੋਵੇਗਾ ਅੰਤਰਰਾਸ਼ਟਰੀ ਗੀਤਾ ਜਯੰਤੀ ਮਹੋਤਸਵ

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਜਪਾਨ ਅਤੇ ਹਰਿਆਣਾ ਵਿਚਕਾਰ ਸੱਭਿਆਚਾਰਕ ਸਹਿਯੋਗ ਵਧਾਉਣ ਲਈ ਜੂਨ ਮਹੀਨੇ ਵਿੱਚ ਅੰਤਰਰਾਸ਼ਟਰੀ ਗੀਤਾ ਜਯੰਤੀ ਮਹੋਤਸਵ ਦਾ ਆਯੋਜਨ ਜਪਾਨ ਵਿੱਚ ਕੀਤਾ ਜਾਵੇਗਾ। ਉਨ੍ਹਾਂ ਨੇ ਸੁਜ਼ੂਕੀ ਦੇ ਸੀਈਓ ਨੂੰ ਅੰਤਰਰਾਸ਼ਟਰੀ ਗੀਤਾ ਮਹੋਤਸਵ ਦੇ ਸ਼ਾਨਦਾਰ ਆਯੋਜਨ ਵਿੱਚ ਜਪਾਨੀ ਨਾਗਰਿਕਾਂ ਦੀ ਵੱਡੀ ਭਾਗੀਦਾਰੀ ਯਕੀਨੀ ਬਣਾਉਣ ਲਈ, ਕੁਰੂਕਸ਼ੇਤਰ ਵਿਕਾਸ ਬੋਰਡ ਨੂੰ ਜਪਾਨ ਦੀ ਕਿਸੇ ਪ੍ਰਤਿਸ਼ਠਿਤ ਸਮਾਜਿਕ ਸੰਸਥਾ ਨਾਲ ਜੋੜਨ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ। ਇਸ 'ਤੇ ਸੀਈਓ ਤੋਸ਼ੀਹੀਰੋ ਨੇ ਵਿਚਾਰ ਕਰਨ ਦੀ ਸਹਿਮਤੀ ਦਿੱਤੀ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸੀਈਓ ਸੁਜ਼ੂਕੀ ਨੂੰ 20 ਜੂਨ ਨੂੰ ਟੋਕੀਓ ਯੂਨੀਵਰਸਿਟੀ ਵਿੱਚ ਆਯੋਜਿਤ ਇੱਕ 'ਅੰਤਰਰਾਸ਼ਟਰੀ ਗੀਤਾ ਸੈਮੀਨਾਰ' ਵਿੱਚ ਬਤੌਰ ਵਿਸ਼ੇਸ਼ ਮਹਿਮਾਨ ਆਉਣ ਦਾ ਸੱਦਾ ਵੀ ਦਿੱਤਾ। ਇਸ 'ਤੇ ਸੀਈਓ ਸੁਜ਼ੂਕੀ ਨੇ ਕਿਹਾ ਕਿ ਉਹ ਪਵਿੱਤਰ ਗ੍ਰੰਥ ਗੀਤਾ ਨੂੰ ਪੜ੍ਹਨਗੇ ਅਤੇ ਇਸ ਸੈਮੀਨਾਰ ਵਿੱਚ ਸ਼ਾਮਲ ਹੋਣ ਦੀ ਪੂਰੀ ਕੋਸ਼ਿਸ਼ ਕਰਨਗੇ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕੁਰੂਕਸ਼ੇਤਰ ਅਤੇ ਜਪਾਨ ਵਿਚਕਾਰ 'ਸਿਸਟਰ ਸਿਟੀ' ਦਾ ਐਮਓਯੂ ਕਰਨ ਦੀ ਅਪੀਲ ਵੀ ਸੀਈਓ ਤੋਸ਼ੀਹੀਰੋ ਸੁਜ਼ੂਕੀ ਅੱਗੇ ਰੱਖੀ। ਉਨ੍ਹਾਂ ਨੇ ਇਸ ਵਿੱਚ ਸਹਿਯੋਗ ਕਰਨ ਦਾ ਭਰੋਸਾ ਦਿੱਤਾ।

**ਬਾਇਓਗੈਸ ਪਲਾਂਟ ਵਿੱਚ ਹੋਰ ਨਿਵੇਸ਼ ਕਰੇਗੀ ਸੁਜ਼ੂਕੀ**

ਸੁਜ਼ੂਕੀ ਮੋਟਰ ਦੇ ਸੀਈਓ ਤੋਸ਼ੀਹੀਰੋ ਸੁਜ਼ੂਕੀ ਨੇ ਕਿਹਾ ਕਿ ਕੰਪਰੈਸਡ ਬਾਇਓਗੈਸ ਦੇ ਖੇਤਰ ਵਿੱਚ ਮਹੱਤਵਪੂਰਨ ਕਦਮ ਉਠਾਏ ਜਾ ਰਹੇ ਹਨ। ਇਸ ਵਿੱਚ ਹੋਰ ਵੱਧ ਨਿਵੇਸ਼ ਕਰਨ ਦੀ ਯੋਜਨਾ ਹੈ। ਅਜੇ 9 ਬਾਇਓਗੈਸ ਪਲਾਂਟ ਲਗਾਉਣ ਦੀ ਯੋਜਨਾ ਹੈ, ਜਿਨ੍ਹਾਂ ਵਿੱਚੋਂ 2 ਬਾਇਓਗੈਸ ਪਲਾਂਟ ਲਗਾਏ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਹਰਿਆਣਾ ਦੇ ਖਰਖੌਦਾ ਪਲਾਂਟ ਵਿੱਚ ਸੁਜ਼ੂਕੀ ਸਟ੍ਰਾਂਗ ਹਾਈਬ੍ਰਿਡ ਗੱਡੀਆਂ ਦਾ ਨਿਰਮਾਣ ਕਰੇਗੀ। ਇਸਦੀ ਪ੍ਰੋਡਕਸ਼ਨ ਅਤੇ ਸੇਲ ਵਿੱਚ ਕੋਈ ਦਿੱਕਤ ਨਾ ਆਵੇ, ਇਸ ਲਈ ਉਨ੍ਹਾਂ ਨੇ ਹਰਿਆਣਾ ਸਰਕਾਰ ਤੋਂ ਸਹਿਯੋਗ ਮੰਗਿਆ। ਇਸ 'ਤੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਸੀਈਓ ਤੋਸ਼ੀਹੀਰੋ ਸੁਜ਼ੂਕੀ ਨੇ ਕਿਹਾ ਕਿ ਨਵੀਂ ਉਦਯੋਗਿਕ ਨੀਤੀ-2026 ਵਿੱਚ ਸਟ੍ਰਾਂਗ ਹਾਈਬ੍ਰਿਡ ਅਤੇ ਸੀਐਨਜੀ ਗੱਡੀਆਂ ਦੇ ਸਬੰਧ ਵਿੱਚ ਵੀ ਕੋਈ ਨਾ ਕੋਈ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਾਨੂੰ ਆਪਣੇ ਸ਼ਹਿਰਾਂ ਨੂੰ ਇਸ ਤਰੀਕੇ ਨਾਲ ਵਸਾਉਣਾ ਚਾਹੀਦਾ ਹੈ ਕਿ ਆਉਣ ਵਾਲੇ 10 ਜਾਂ 20 ਸਾਲਾਂ ਬਾਅਦ ਉਨ੍ਹਾਂ ਦੀ ਸਥਿਤੀ ਚੰਗੀ ਹੋਵੇ ਅਤੇ ਉੱਥੇ ਚੰਗੀਆਂ ਸਹੂਲਤਾਂ ਹੋਣ। ਮੀਟਿੰਗ ਦੌਰਾਨ ਪੀਡਬਲਯੂਡੀ, ਜੰਗਲਾਤ ਅਤੇ ਵਾਤਾਵਰਣ ਮੰਤਰੀ ਸ੍ਰੀ ਰਾਓ ਨਰਬੀਰ ਸਿੰਘ, ਉਦਯੋਗ ਅਤੇ ਵਣਜ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਅਗਰਵਾਲ, ਮਹਾਨਿਰਦੇਸ਼ਕ ਇੰਡਸਟਰੀਜ਼ ਸ੍ਰੀ ਯਸ਼ ਗਰਗ, ਮੁੱਖ ਮੰਤਰੀ ਦੇ ਮੀਡੀਆ ਐਡਵਾਈਜ਼ਰ ਸ੍ਰੀ ਰਾਜੀਵ ਜੇਠਲੀ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

## ਪੰਜਾਬ ਸਰਕਾਰ ਨੇ ਕਿਸਾਨੀ ਖੇਤਰ ਨੂੰ ਬਚਾਉਣ ਤੇ ਮਜ਼ਬੂਤ ਕਰਨ ਹਿੱਤ ਕੀਤੇ ਵੱਡੇ ਉਪਰਾਲੇ: ਵਿਧਾਇਕ ਸ਼ੈਰੀ ਕਲਸ

**ਬਟਾਲਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰੇਕ ਵਰਗ ਦੀ ਭਲਾਈ ਤੇ ਆਰਥਿਕ ਪੱਖੋਂ ਉੱਚਾ ਚੁੱਕਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਕਿਸਾਨੀ ਕਿੱਤੇ ਨੂੰ ਆਰਥਿਕ ਪੱਖੋਂ ਹੋਰ ਮਜ਼ਬੂਤ ਕਰਨ ਲਈ ਖੇਤਾਂ ਤੱਕ ਪਾਣੀ ਪਹੁੰਚਾਉਂਦਿਆਂ ਪੰਜਾਬ ਸਰਕਾਰ ਨੇ ਸ਼ਲਾਘਾਯੋਗ ਕਾਰਜ ਸਿਰਜੇ ਹਨ, ਜਿਸ ਨਾਲ ਕਿਸਾਨ ਵੀਰਾਂ ਦਾ ਖੇਤੀ ਦਾ ਪੱਧਰ ਹੋਰ ਉੱਚਾ ਹੋਇਆ ਹੈ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਪਿੰਡ ਮਸਾਣੀਆਂ, ਮਨੋਹਰਪੁਰ, ਵਡਾਲਾ ਗ੍ਰੰਥੀਆਂ, ਪੁਰਾਣਾ ਪਿੰਡ ਦੇ ਰਜਬਾਹ ਬਟਾਲਾ ਅਤੇ ਸੰਦਲਪੁਰ ਮਾਈਨਰ ਦੀ ਕੰਕਰੀਟ ਲਾਈਨਿੰਗ ਅਤੇ ਨਹਿਰੀ ਖਾਲ ਨੂੰ ਪੱਕੇ ਕਰਨ ਦਾ ਨੀਂਹ ਪੱਥਰ ਪਿੰਡ ਵਾਸੀਆਂ ਦੀ ਮੌਜੂਦਗੀ ਵਿੱਚ ਰੱਖਿਆ।

ਵਿਧਾਇਕ ਸ਼ੈਰੀ ਕਲਸੀ ਨੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਤੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਜੋ ਪਹਿਲਾਂ ਕਦੇ ਨਹੀਂ ਹੋਇਆ ਉਹ ਮੌਜੂਦਾ ਪੰਜਾਬ ਸਰਕਾਰ ਨੇ ਹਲਕਾ ਵਾਸੀਆਂ ਲਈ ਕੀਤਾ।

ਉਨ੍ਹਾਂ ਕਿਹਾ ਕਿ ਸੰਦਲਪੁਰ ਮਾਈਨਰ ਦੀ ਕੰਕਰੀਟ ਲਾਈਨਿੰਗ ਦਾ ਕੰਮ ਕੀਤਾ ਜਾਵੇਗਾ, ਜਿਸ ਨਾਲ ਵੱਖ ਵੱਖ ਪਿੰਡਾਂ ਦੀ ਜ਼ਮੀਨ ਨੂੰ ਪਾਣੀ ਮਿਲੇਗਾ ਜਿਸ ਨਾਲ ਕਿਸਾਨ ਵੀਰਾਂ ਨੂੰ ਨਹਿਰੀ ਪਾਣੀ ਦੀ ਕਮੀ ਨਹੀਂ ਰਹੇਗੀ।

ਉਨ੍ਹਾਂ ਅੱਗੇ ਕਿਹਾ ਕਿ ਨਹਿਰੀ ਖਾਲਿਆਂ ਨੂੰ ਪੱਕਾ ਕਰਨ ਦਾ ਕੰਮ ਵੀ ਮੁਕੰਮਲ ਕੀਤਾ ਜਾਵੇਗਾ ਜਿਸ ਨਾਲ ਕਿਸਾਨ ਵੀਰਾਂ ਨੂੰ ਨਹਿਰੀ ਪਾਣੀ ਨੂੰ ਲੈ ਕੇ ਕੋਈ ਕਮੀ ਨਹੀਂ ਆਵੇਗੀ ਤੇ ਆਪਣੀ ਫਸਲ ਲਈ ਲੋੜੀਂਦਾ ਨਹਿਰੀ ਪਾਣੀ ਉਪਲਬਧ ਹੋਵੇਗਾ।

ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਤੇ ਲੋਕਾਂ ਦੀ ਭਲਾਈ ਲਈ ਉਹ ਪਹਿਲੇ ਦਿਨ ਤੋਂ ਕੰਮ ਕਰ ਰਹੀ ਹੈ।

## ਚੰਦਰ ਜਯੋਤੀ ਸਿੰਘ ਨੇ ਅਨਾਜ ਮੰਡੀਆਂ ਵਿੱਚ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ



**ਸ੍ਰੀ ਆਨੰਦਪੁਰ ਸਾਹਿਬ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਚੰਦਰ ਜਯੋਤੀ ਸਿੰਘ ਆਈ.ਏ.ਐਸ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਨੇ ਅੱਜ ਸ੍ਰੀ ਅਨੰਦਪੁਰ ਸਾਹਿਬ ਅਧੀਨ ਆਉਂਦੀਆਂ ਅਨਾਜ ਮੰਡੀਆਂ ਦਾ ਦੌਰਾ ਕੀਤਾ ਅਤੇ ਕਣਕ ਦੀ ਖਰੀਦ ਦੇ ਚੱਲ ਰਹੇ ਕੰਮ ਦਾ ਜਾਇਜ਼ਾ ਲਿਆ ਉਹਨਾਂ ਨੇ ਅਨਾਜ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਕੀਤੇ ਪ੍ਰਬੰਧਾਂ ਦਾ ਵੀ ਨਿਰੀਖਣ ਕੀਤਾ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਚੰਦਰ ਜਯੋਤੀ ਸਿੰਘ ਨੇ ਕਿਹਾ ਕੀ ਕਿਸਾਨਾਂ ਦੀ ਫਸਲ ਦੀ ਖਰੀਦ ਲਈ ਪੰਜਾਬ ਸਰਕਾਰ ਵੱਲੋਂ ਪਹਿਲਾਂ ਹੀ ਸਾਰੇ ਪ੍ਰਬੰਧ ਮੁਕੰਮਲ ਕਰਨ ਦੇ ਦਿਸ਼ਾ-ਨਿਰਦੇਸ਼ ਦਿੱਤੇ ਜਾ ਚੁੱਕੇ ਹਨ। ਸ੍ਰੀ ਅਨੰਦਪੁਰ ਸਾਹਿਬ ਅਤੇ ਜ਼ਿਲ੍ਹਾ ਰੂਪਨਗਰ ਦੀਆਂ ਸਾਰੀਆਂ ਅਨਾਜ ਮੰਡੀਆਂ ਵਿੱਚ ਖਰੀਦ ਦੇ ਸਾਰੇ ਪ੍ਰਬੰਧ ਮੁਕੰਮਲ ਹਨ। ਉਨਾਂ ਨੇ ਕਿਹਾ ਕਿ ਅਨਾਜ ਮੰਡੀਆ ਵਿੱਚ ਕਿਸਾਨਾਂ ਦੀ ਸਹੂਲਤ ਲਈ ਤਰਪਾਲਾਂ , ਬਾਰਦਾਨਾ ,ਸਫਾਈ ,ਪੀਣ ਵਾਲਾ ਪਾਣੀ, ਪਖਾਨੇ ਅਤੇ ਰੋਸ਼ਨੀ ਦੀ ਢੁਕਵੀਂ ਵਿਵਸਥਾ ਕੀਤੀ ਹੋਈ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸਾਨਾਂ ਦੀ ਫਸਲ ਦਾ ਦਾਣਾ - ਦਾਣਾ ਖਰੀਦਿਆ ਜਾ ਰਿਹਾ ਹੈ ਉਹਨਾਂ ਨੂੰ ਕਿਸੇ ਵੀ ਤਰਾ ਦੀ ਖੱਜਲ ਖੁਆਰੀ ਨਹੀਂ ਹੋਣ ਦਿੱਤੀ ਜਾ ਰਹੀ। ਉਹਨਾਂ ਨੇ ਕਿਹਾ ਕਿ ਕਿਸਾਨਾਂ ਨੂੰ ਇਸ ਦੇ ਨਾਲ ਹੀ ਅਪੀਲ ਕੀਤੀ ਗਈ ਹੈ ਕਿ ਉਹ ਆਪਣੀ ਫਸਲ ਮੰਡੀਆਂ ਵਿੱਚ ਪੂਰੀ ਤਰ੍ਹਾਂ ਸੁਕਾ ਕੇ ਲਿਆਉਣ ਤਾਂ ਜੋ ਉਹਨਾਂ ਨੂੰ ਅਨਾਜ ਮੰਡੀਆਂ ਵਿੱਚ ਬਿਨਾ ਦੇਰੀ ਖਰੀਦ ਕਰਕੇ ਅਦਾਇਗੀ ਕੀਤੀ ਜਾ ਸਕੇ। ਵਧੀਕ ਡਿਪਟੀ ਕਮਿਸ਼ਨਰ ਨੇ ਹੋਰ ਦੱਸਿਆ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਸਾਰੀਆਂ ਸਹੂਲਤਾਂ ਸ਼ੈਡ ਆਦਿ ਉਪਲੱਬਧ ਕਰਵਾਏ ਗਏ ਹਨ। ਉਹਨਾਂ ਨੇ ਕਿਹਾ ਕਿ ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਗਈ ਹੈ ਕਿ ਉਹ ਆਪਣੀ ਫਸਲਾਂ ਦੀ ਰਹਿੰਦ ਖੂੰਹਦ ਨੂੰ ਖੇਤਾਂ ਵਿੱਚ ਹੀ ਮਿਲਾਉਣ ਉਹਨਾਂ ਨੂੰ ਅੱਗ ਨਾ ਲਗਾਉਣ ਕਿਉਂਕਿ ਅੱਗ ਲਗਾਉਣ ਨਾਲ ਮਿੱਤਰ ਕੀੜੇ ਮਰ ਜਾਂਦੇ ਹਨ। ਉਹਨਾਂ ਨੇ ਕਿਹਾ ਕਿ ਖਾਦਾਂ ਅਤੇ ਕੀਟਨਾਸ਼ਕ ਦੀ ਅੰਨੇਵਾਹ ਵਰਤੋ ਨਾ ਕੀਤੀ ਜਾਵੇ ਕਿਉਂਕਿ ਇਸ ਦੇ ਨਾਲ ਵਾਤਾਵਰਨ ਵਿਸ਼ੈਲਾ ਬਣਦਾ ਹੈ। ਉਹਨਾਂ ਨੇ ਕਿਹਾ ਕਿ ਅੱਗ ਲਾਉਣ ਨਾਲ ਆਮ ਤੌਰ ਤੇ ਪਸ਼ੂ ਪੰਛੀਆਂ ਦਾ ਵੀ ਨੁਕਸਾਨ ਹੋ ਜਾਂਦਾ ਹੈ ਅਤੇ ਵਾਤਾਵਰਨ ਵੀ ਦੂਸ਼ਿਤ ਹੁੰਦਾ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅਸੀ ਅਨਾਜ ਮੰਡੀਆ ਤੇ ਨਿਰੰਤਰ ਨਜ਼ਰ ਰੱਖ ਰਹੇ ਹਾਂ ਸਾਰੇ ਪ੍ਰਬੰਧ ਸੁਚਾਰੂ ਕੀਤੇ ਹੋਏ ਹਨ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਮੁਸ਼ਕਿਲ ਪੇਸ਼ ਨਹੀਂ ਆ ਰਹੀ ਹੈ। ਉਨ੍ਹਾਂ ਨੇ ਦੱਸਿਆ ਕਿ ਅਗੰਮਪੁਰ ਅਨਾਜ ਮੰਡੀ ਵਿੱਚ ਹੁਣ ਤੱਕ ਕੁੱਲ 1950 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿਚੋ 1836 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਹੋਈ ਕੀਤੀ ਜਾ ਚੁੱਕੀ ਹੈ ਅਤੇ 1465 ਮੀਟ੍ਰਿਕ ਟਨ ਕਣਕ ਦੀ ਲਿਫਟਿੰਗ ਹੋ ਚੁੱਕੀ ਹੈ, ਜਿਸ ਵਿੱਚ ਪਨਗਰੇਨ ਵੱਲੋ 1816 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਹੈ ਅਤੇ ਮਾਰਕਫੈਡ ਨੇ 20 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਹੈ। ਇਸ ਮੌਕੇ ਉਹਨਾਂ ਨੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ, ਆੜ੍ਹਤੀਆਂ , ਕਿਸਾਨਾਂ ਅਤੇ ਅਨਾਜ ਮੰਡੀਆਂ ਵਿੱਚ ਕੰਮ ਕਰ ਰਹੇ ਮਜ਼ਦੂਰਾਂ ਨਾਲ ਗੱਲਬਾਤ ਕੀਤੀ ਅਤੇ ਉਹਨਾਂ ਤੋਂ ਚੱਲ ਰਹੇ ਖਰੀਦ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ।

# ਸਰਕਾਰ ਵੱਲੋਂ ਪਾਠ ਪੁਸਤਕਾਂ ਦੀ ਵੰਡ ਵਿੱਚ ਇਜਾਰੇਦਾਰੀ ਖ਼ਤਮ; ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਨੂੰ ਬੋਰਡ ਵੱਲੋਂ ਸਿੱਧੇ ਤੌਰ 'ਤੇ ਕੀਤੀ ਜਾਵੇਗੀ ਕਿਤਾਬਾਂ ਦੀ ਸਪਲਾਈ : ਹਰਜੋਤ ਸਿੰਘ ਬੈਂਸ

**ਚੰਡੀਗੜ੍ਹ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਵਿੱਚ ਹੋਰ ਬਿਹਤਰ ਤੇ ਸੁਚੱਜੇ ਢੰਗ ਨਾਲ ਸਕੂਲੀ ਸਿੱਖਿਆ ਪ੍ਰਦਾਨ ਕਰਨ ਦੇ ਉਦੇਸ਼ ਨਾਲ ਇੱਕ ਵਿਦਿਆਰਥੀ-ਕੇਂਦ੍ਰਿਤ ਕਦਮ ਚੁੱਕਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪ੍ਰਾਈਵੇਟ ਸਕੂਲਾਂ ਲਈ ਪਾਠ-ਪੁਸਤਕਾਂ ਦੀ ਵੰਡ ਵਿੱਚ ਇੱਕ ਵੱਡਾ ਸੁਧਾਰ ਕੀਤਾ ਹੈ। ਸਾਲ 2026-27 ਦੇ ਅਕਾਦਮਿਕ ਸੈਸ਼ਨ ਤੋਂ, ਪੰਜਾਬ ਸਕੂਲ ਸਿੱਖਿਆ ਬੋਰਡ (ਪੀਐਸਈਬੀ) ਨਾਲ ਸਬੰਧਤ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹ ਰਹੇ ਪਹਿਲੀ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਕਿਤਾਬਾਂ ਦੀ ਸਪਲਾਈ ਸਿੱਧੇ ਤੌਰ 'ਤੇ ਬੋਰਡ ਵੱਲੋਂ ਕੀਤੀ ਜਾਵੇਗੀ। ਇਸ ਉਪਰਾਲੇ ਨਾਲ ਨਾ ਸਿਰਫ਼ ਅਧਿਕਾਰਤ ਏਜੰਸੀਆਂ ਅਤੇ ਕਿਤਾਬਾਂ ਵੇਚਣ ਵਾਲੀਆਂ ਦੁਕਾਨਾਂ ਦੀ ਇਜਾਰੇਦਾਰੀ ਖ਼ਤਮ ਹੋਵੇਗੀ ਸਗੋਂ ਵਿਦਿਆਰਥੀਆਂ ਦੇ ਮਾਪਿਆਂ ਨੂੰ ਵੀ ਰਾਹਤ ਮਿਲੇਗੀ।

ਇਸ ਨਵੇਂ ਸੁਧਾਰ ਦਾ ਐਲਾਨ ਕਰਦਿਆਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਹ ਫੈਸਲਾ ਪਾਰਦਰਸ਼ਤਾ ਨੂੰ ਬਿਹਤਰ ਬਣਾਉਣ, ਪਰਿਵਾਰਾਂ ਦਾ ਖ਼ਰਚਾ ਘਟਾਉਣ ਅਤੇ ਵਿਚੋਲਿਆਂ 'ਤੇ ਨਿਰਭਰਤਾ ਘਟਾਉਣ ਦੇ ਨਾਲ-ਨਾਲ ਪਾਠ-ਪੁਸਤਕਾਂ ਦੀ ਸਮੇਂ ਸਿਰ ਉਪਲਬਧਤਾ ਨੂੰ ਯਕੀਨੀ ਬਣਾਏਗਾ।

ਹਰਜੋਤ ਸਿੰਘ ਬੈਂਸ ਨੇ ਨਵੇਂ ਸਿਸਟਮ ਬਾਰੇ ਵਿਸਥਾਰ ਨਾਲ ਦੱਸਦਿਆਂ ਕਿਹਾ, "ਸਕੂਲ ਸਖ਼ਤੀ ਨਾਲ ਇਹ ਯਕੀਨੀ ਬਣਾਉਣਗੇ ਕਿ ਛਪੀ ਹੋਈ ਕੀਮਤ ਤੋਂ



ਵੱਧ ਕੋਈ ਪੈਸਾ ਨਾ ਲਿਆ ਜਾਵੇ। ਇਹ ਸਿਰਫ਼ ਕਿਤਾਬਾਂ ਵੰਡਣ ਦੀ ਸਹੂਲਤ ਹੋਵੇਗੀ ਨਾ ਕਿ ਮਾਲੀਆ ਜੁਟਾਉਣ ਦਾ ਕੋਈ ਢੰਗ। ਇਸ ਨਾਲ ਪ੍ਰਾਈਵੇਟ ਸਕੂਲਾਂ ਦੇ 10 ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਲਾਭ ਮਿਲੇਗਾ"।

ਪੰਜਾਬ ਸਰਕਾਰ ਦੀ ਪਹੁੰਚਯੋਗ ਅਤੇ ਕਿਫ਼ਾਇਤੀ ਸਿੱਖਿਆ 'ਤੇ ਧਿਆਨ ਕੇਂਦਰਿਤ ਕਰਨ ਸਬੰਧੀ ਪਹਿਲਕਦਮੀ ਬਾਰੇ ਦੱਸਦਿਆਂ ਸਿੱਖਿਆ ਮੰਤਰੀ ਨੇ ਕਿਹਾ ਕਿ 15% ਛੋਟ, ਜੋ ਪਹਿਲਾਂ ਕਿਤਾਬ ਵੇਚਣ ਵਾਲਿਆਂ ਨੂੰ ਮਿਲਦੀ ਸੀ , ਹੁਣ ਸਕੂਲਾਂ ਰਾਹੀਂ ਵਿਦਿਆਰਥੀਆਂ ਨੂੰ ਸਿੱਧੇ ਤੌਰ 'ਤੇ ਮਿਲੇਗੀ। ਇਸ ਕਦਮ ਨਾਲ ਜਿੱਥੇ ਪਰਿਵਾਰਾਂ 'ਤੇ ਵਿੱਤੀ ਬੋਝ ਘਟਣ ਦੀ ਉਮੀਦ ਹੈ ਉੱਥੇ ਹੀ ਸਿਸਟਮ ਵਿੱਚ ਵਧੇਰੇ ਜਵਾਬਦੇਹੀ ਵੀ ਆਵੇਗੀ।

ਇਸ ਬਾਰੇ ਵਿਸਥਾਰ ਨਾਲ ਦੱਸਦਿਆਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਪੀ.ਐਸ.ਈ.ਬੀ. ਨੇ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਇੱਕ ਸਮਰਪਿਤ ਈ-ਕਾਮਰਸ ਪੋਰਟਲ ਵੀ ਬਣਾਇਆ ਹੈ। ਵਿਦਿਆਰਥੀ ਮੋਬਾਈਲ ਐਪਲੀਕੇਸ਼ਨ ਜਾਂ ਆਨਲਾਈਨ ਪੋਰਟਲ ਰਾਹੀਂ ਪਾਠ-ਪੁਸਤਕਾਂ ਸਬੰਧੀ ਮੰਗਾਂ ਰੱਖ ਸਕਣਗੇ ਜਦਕਿ ਸਕੂਲ ਕਲਾਸ-ਵਾਰ ਅਤੇ ਵਿਸ਼ਾ-ਵਾਰ ਜ਼ਰੂਰਤਾਂ ਨੂੰ ਡਿਜੀਟਲ ਰੂਪ ਵਿੱਚ ਅਪਲੋਡ ਕਰ ਸਕਣਗੇ। ਉਨ੍ਹਾਂ ਅੱਗੇ ਕਿਹਾ," ਹਰੇਕ ਵਿਦਿਆਰਥੀ ਨੂੰ ਵਿਅਕਤੀਗਤ ਲੌਗਇਨ ਕ੍ਰੀਡੈਂਸ਼ੀਅਲਜ਼ ਪ੍ਰਦਾਨ ਕੀਤੇ ਜਾਣਗੇ ਤਾਂ ਜੋ ਲੋੜ ਪੈਣ ਤੇ ਮਾਪੇ ਸਿੱਧੇ ਤੌਰ 'ਤੇ ਆਰਡਰ ਬੁੱਕ ਕਰ ਸਕਣ,।"

ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਕਿਹਾ ਕਿ ਪੋਰਟਲ ਨੂੰ ਇੱਕ ਸੁਰੱਖਿਅਤ ਆਨਲਾਈਨ ਭੁਗਤਾਨ ਗੇਟਵੇਅ ਨਾਲ ਜੋੜਿਆ ਗਿਆ ਹੈ ਤਾਂ ਜੋ ਆਸਾਨ, ਪਾਰਦਰਸ਼ੀ ਅਤੇ ਕੁਸ਼ਲ ਲੈਣ-ਦੇਣ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਸਿਸਟਮ ਨੂੰ ਖ਼ਾਸ ਤੌਰ 'ਤੇ ਓਵਰਚਾਰਜਿੰਗ ਦੀ ਕਿਸੇ ਵੀ ਕਿਸਮ ਦੀ ਗੁੰਜਾਇਸ਼ ਨੂੰ ਖਤਮ ਕਰਨ ਅਤੇ ਪੂਰੀ ਪ੍ਰਕਿਰਿਆ ਦੌਰਾਨ ਮੁਕੰਮਲ ਪਾਰਦਰਸ਼ਤਾ ਬਣਾਈ ਰੱਖਣ ਲਈ ਤਿਆਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਪ੍ਰਾਪਤ ਆਰਡਰਾਂ ਦੇ ਆਧਾਰ 'ਤੇ, ਬੋਰਡ ਦੇ ਖੇਤਰੀ ਦਫ਼ਤਰਾਂ ਵੱਲੋਂ ਪਾਠ ਪੁਸਤਕਾਂ ਦੇ ਬੰਡਲ ਤਿਆਰ ਕੀਤੇ ਜਾਣਗੇ ਤਾਂ ਜੋ ਸਕੂਲਾਂ ਅਤੇ ਵਿਦਿਆਰਥੀਆਂ ਨੂੰ ਸਮੇਂ ਸਿਰ ਡਿਲੀਵਰੀ ਕੀਤੀ ਜਾ ਸਕੇ। ਸਕੂਲਾਂ ਨੂੰ ਅੰਡਰਟੇਕਿੰਗ ਜਮ੍ਹਾਂ ਕਰਵਾ ਕੇ ਇਹ ਪੁਸ਼ਟੀ ਕਰਨੀ ਹੋਵੇਗੀ ਕਿ ਨਵੀਂ ਨੀਤੀ ਦੀ ਸਖ਼ਤੀ ਨਾਲ ਪਾਲਣਾ ਨੂੰ ਯਕੀਨੀ ਬਣਾਉਂਦੇ ਹੋਏ, ਨਿਰਧਾਰਤ ਕੀਮਤ ਤੋਂ ਵੱਧ ਕੋਈ ਵਾਧੂ ਪੈਸਾ ਨਹੀਂ ਵਸੂਲਿਆ ਜਾਵੇਗਾ।

# ਦੂਜੀ ਦੁਨੀਆਂ ਦੇ ਜੀਵਾਂ ਨੇ ਅਗਵਾ ਕੀਤੇ ਅਮਰੀਕੀ ਵਿਗਿਆਨੀ ?

**ਵਾਸ਼ਿੰਗਟਨ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

US ਤੋਂ ਇੱਕ ਅਜਿਹੀ ਖ਼ਬਰ ਸਾਹਮਣੇ ਆ ਰਹੀ ਹੈ ਜਿਸ ਨੇ ਪੂਰੀ ਦੁਨੀਆਂ ਦੇ ਵਿਗਿਆਨੀਆਂ ਅਤੇ ਸੁਰੱਖਿਆ ਏਜੰਸੀਆਂ ਦੇ ਹੋਸ਼ ਉਡਾ ਦਿੱਤੇ ਹਨ। ਰਿਪੋਰਟਾਂ ਮੁਤਾਬਿਕ US ਦੀਆਂ ਚੋਟੀ ਦੀਆਂ ਖੋਜ ਸੰਸਥਾਵਾਂ 'ਚ ਕੰਮ ਕਰਨ ਵਾਲੇ ਪੰਜ ਉੱਚ-ਪੱਧਰੀ ਵਿਗਿਆਨੀ ਰਹੱਸਮਈ ਹਾਲਾਤ 'ਚ ਲਾਪਤਾ ਹੋ ਗਏ ਹਨ। ਇਸ ਦੇ ਨਾਲ ਹੀ ਛੇ ਹੋਰ ਵਿਗਿਆਨੀਆਂ ਦੀ ਅਚਾਨਕ ਮੌਤ ਨੇ ਮਾਮਲੇ ਨੂੰ ਹੋਰ ਵੀ ਗੁੰਝਲਦਾਰ ਬਣਾ ਦਿੱਤਾ ਹੈ। ਸੋਸ਼ਲ ਮੀਡੀਆ ਅਤੇ ਕੌਂਸਪੀਰੇਸੀ ਥਿਊਰਿਸਟਾਂ 'ਚ ਇਹ ਚਰਚਾ ਤੇਜ਼ ਹੈ ਕਿ ਕੀ ਇਨ੍ਹਾਂ ਵਿਗਿਆਨੀਆਂ ਨੂੰ ਦੂਜੀ ਦੁਨੀਆਂ ਦੇ ਜੀਵਾਂ (ਏਲੀਅਨਜ਼) ਵਲੋਂ ਅਗਵਾ ਕੀਤਾ ਗਿਆ ਹੈ।

**ਵੱਧ ਗਿਆ ਏਲੀਅਨਜ਼ ਦਾ ਧਰਤੀ 'ਤੇ ਆਉਣਾ-ਜਾਣਾ:** ਲਾਪਤਾ ਹੋਏ ਵਿਗਿਆਨੀ ਕਥਿਤ ਤੌਰ 'ਤੇ US ਦੇ ਅਤਿ-ਗੁਪਤ ਪ੍ਰੋਜੈਕਟਾਂ 'ਤੇ ਕੰਮ ਕਰ ਰਹੇ ਸਨ ਜੋ ਕਿ ਉੱਡਣ ਤਸ਼ਤਰੀਆਂ ਅਤੇ ਗ਼ੈਰ-ਮਨੁੱਖੀ ਬੁੱਧੀ ਨਾਲ ਸਬੰਧਤ ਸਨ। ਸੂਤਰਾਂ ਅਨੁਸਾਰ ਇਹ ਵਿਗਿਆਨੀ ਅਜਿਹੇ ਸਬੂਤ ਜੁਟਾ ਚੁੱਕੇ ਸਨ ਜੋ ਸਾਬਿਤ ਕਰਦੇ ਸਨ ਕਿ ਏਲੀਅਨਜ਼ ਦਾ ਧਰਤੀ 'ਤੇ ਆਉਣਾ-ਜਾਣਾ ਵੱਧ ਗਿਆ ਹੈ। ਉਨ੍ਹਾਂ ਦੇ ਗਾਇਬ ਹੋਣ ਪਿੱਛੇ ਕਿਸੇ ਬਾਹਰੀ ਗ੍ਰਹਿ ਦੀ ਤਾਕਤ ਦਾ ਹੱਥ ਹੋਣ ਦੇ ਸ਼ੱਕ ਨੇ ਹੁਣ ਹਵਾਈ ਫ਼ੌਜ ਅਤੇ ਖ਼ੁਫ਼ੀਆ ਏਜੰਸੀਆਂ ਦੀ ਨੀਂਦ ਉਡਾ ਦਿੱਤੀ ਹੈ।

ਇਸ ਘਟਨਾ ਨੂੰ ਅਮਰੀਕਾ ਦੇ ਸਭ ਤੋਂ ਰਹੱਸਮਈ ਫ਼ੌਜੀ ਅੱਡੇ Area 51 ਨਾਲ ਵੀ ਜੋੜਿਆ ਜਾ ਰਿਹਾ ਹੈ। ਚਰਚਾ ਹੈ ਕਿ ਲਾਪਤਾ ਵਿਗਿਆਨੀ ਉੱਥੇ ਰੱਖੇ ਗਏ ਕਿਸੇ ਪ੍ਰਾਚੀਨ ਪਰਾਈ-ਗ੍ਰਹਿ ਯੰਤਰ ਨੂੰ ਡੀ-ਕੋਡ ਕਰਨ ਦੀ ਕੋਸ਼ਿਸ਼ ਕਰ ਰਹੇ ਸਨ। ਮਾਹਿਰਾਂ ਦਾ ਮੰਨਣਾ ਹੈ ਕਿ ਜੇਕਰ ਇਹ ਵਿਗਿਆਨੀ ਵਾਪਿਸ ਨਹੀਂ ਮਿਲਦੇ ਤਾਂ ਇਹ ਮਨੁੱਖੀ ਇਤਿਹਾਸ ਦੀ ਸਭ ਤੋਂ ਵੱਡੀ ਰਹੱਸਮਈ ਘਟਨਾ ਬਣ ਸਕਦੀ ਹੈ।

ਰਾਸ਼ਟਰਪਤੀ Donald Trump ਨੇ ਇਸ ਮਾਮਲੇ ਨੂੰ ਬੇਹੱਦ ਗੰਭੀਰਤਾ ਨਾਲ ਲਿਆ ਹੈ। ਵ੍ਹਾਈਟ ਹਾਊਸ ਦੇ ਸੂਤਰਾਂ ਅਨੁਸਾਰ, Trump ਨੇ ਇੱਕ ਹਾਈ-ਲੈਵਲ ਇਨਵੈਸਟੀਗੇਸ਼ਨ ਟਾਸਕ ਫ਼ੋਰਸ ਬਣਾਉਣ ਦੇ ਹੁਕਮ ਦਿੱਤੇ ਹਨ। Trump ਨੇ ਸੰਕੇਤ ਦਿੱਤਾ ਹੈ ਕਿ ਉਹ ਜਲਦੀ ਹੀ ਏਲੀਅਨਜ਼ ਅਤੇ ਉੜਨ ਤਸ਼ਤਰੀਆਂ ਨਾਲ ਸਬੰਧਤ ਅਜਿਹੀਆਂ ਫ਼ਾਈਲਾਂ ਜਨਤਕ ਕਰ ਸਕਦੇ ਹਨ ਜੋ ਪਿਛਲੇ ਕਈ ਦਹਾਕਿਆਂ ਤੋਂ ਦਬਾਈਆਂ ਗਈਆਂ ਸਨ। ਉਨ੍ਹਾਂ ਨੇ ਆਪਣੇ ਤਾਜ਼ਾ ਬਿਆਨ 'ਚ ਕਿਹਾ, "ਅਸੀਂ ਸੱਚਾਈ ਨੂੰ ਹੋਰ ਸਮੇਂ ਤਕ ਲੁਕਾ ਕੇ ਨਹੀਂ ਰੱਖਾਂਗੇ, ਦੁਨੀਆਂ ਨੂੰ ਪਤਾ ਲੱਗਣਾ ਚਾਹੀਦਾ ਹੈ ਕਿ ਅਸਲ 'ਚ ਕੀ ਹੋ ਰਿਹਾ ਹੈ।" Trump ਨੇ ਕਿਹਾ ਕਿ ਉਨ੍ਹਾਂ ਦਾ ਪ੍ਰਸ਼ਾਸ਼ਨ ਉੱਨਤ ਖੋਜ 'ਚ ਸ਼ਾਮਿਲ ਮਾਹਿਰਾਂ ਦੀਆਂ



ਰਹੱਸਮਈ ਮੌਤਾਂ ਅਤੇ ਲਾਪਤਾ ਹੋਣ ਸਬੰਧੀ ਜਵਾਬ ਦੇਵੇਗਾ। ਇਸ ਬਾਰੇ Trump ਨੇ ਪੱਤਰਕਾਰਾਂ ਨੂੰ ਕਿਹਾ, "ਮੈਨੂੰ ਉਮੀਦ ਹੈ ਕਿ ਇਹ ਇੱਕ ਇਤਫ਼ਾਕ ਹੈ, ਪਰ ਅਸੀਂ ਅਗਲੇ ਡੇਢ ਹਫ਼ਤੇ 'ਚ ਪਤਾ ਲਗਾ ਲਵਾਂਗੇ। ਇਹ ਇੱਕ ਬਹੁਤ ਗੰਭੀਰ ਮਾਮਲਾ ਹੈ। ਮੈਨੂੰ ਉਮੀਦ ਹੈ ਕਿ ਇਹ ਸਿਰਫ਼ ਇੱਕ ਇਤਫ਼ਾਕ ਹੈ ਜਾਂ ਤੁਸੀਂ ਇਸ ਨੂੰ ਜੋ ਵੀ ਕਹਿਣਾ ਚਾਹੁੰਦੇ ਹੋ।"

ਵ੍ਹਾਈਟ ਹਾਊਸ ਦੀ ਪ੍ਰੈਸ ਸਕੱਤਰ ਕੈਰੋਲਾਈਨ ਲੈਵਿਟ ਨੇ ਲਿਖਿਆ ਕਿ ਵ੍ਹਾਈਟ ਹਾਊਸ ਦੀ ਜਾਂਚ 'ਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਲੈਵਿਟ ਨੇ ਕਿਹਾ ਕਿ ਵ੍ਹਾਈਟ ਹਾਊਸ ਸਾਰੇ ਮਾਮਲਿਆਂ ਦੀ ਵਿਆਪਕ ਸਮੀਖਿਆ ਕਰਨ ਅਤੇ ਕਿਸੇ ਵੀ ਸੰਭਾਵੀ ਸਮਾਨਤਾ ਦੀ ਪਛਾਣ ਕਰਨ ਲਈ ਸਾਰੀਆਂ ਸਬੰਧਤ ਏਜੰਸੀਆਂ ਅਤੇ FBI ਨਾਲ ਸਰਗਰਮੀ ਨਾਲ ਕੰਮ ਕਰ ਰਿਹਾ ਹੈ।

ਹਾਲਾਂਕਿ ਅਧਿਕਾਰੀਆਂ ਨੇ ਲਾਪਤਾ ਵਿਗਿਆਨੀਆਂ ਤੇ ਮਾਰੇ ਗਏ ਵਿਗਿਆਨੀਆਂ ਪਿੱਛੇ ਏਲੀਅਨਜ਼ ਨਾਲ ਕਿਸੇ ਵੀ ਤਰ੍ਹਾਂ ਦੇ ਸਬੰਧਾਂ ਦੀ ਪੁਸ਼ਟੀ ਨਹੀਂ ਕੀਤੀ, ਪਰ ਘਟਨਾਵਾਂ ਦੇ ਸਮੇਂ ਅਤੇ ਉੱਨਤ ਖੋਜ ਖੇਤਰਾਂ 'ਚ ਵਿਅਕਤੀਆਂ ਦੀ ਸ਼ਮੂਲੀਅਤ 'ਚ ਸਮਾਨਤਾ ਨੇ ਲੋਕਾਂ ਦਾ ਧਿਆਨ ਅਤੇ ਅਟਕਲਾਂ ਨੂੰ ਹਵਾ ਦਿੱਤੀ ਹੈ। ਇੱਕ ਜਾਣਕਾਰੀ ਮੁਤਾਬਿਕ ਇੱਕ ਉੱਡਣ ਤਸ਼ਤਰੀ ਖੋਜ ਵਿਗਿਆਨੀ ਐਸਕਰਿਜ ਦੀ ਮੌਤ 11 ਜੂਨ 2022 ਨੂੰ ਹੰਟਸਵਿਲ, ਐਲੇਬਾਮਾ 'ਚ 34 ਸਾਲ ਦੀ ਉਮਰ 'ਚ ਹੋਈ ਸੀ। ਉਸ ਦੀ ਮੌਤ ਦਾ ਕਾਰਨ ਖ਼ੁਦ ਨੂੰ ਗੋਲੀ ਮਾਰਨ ਲੈਣਾ ਦੱਸਿਆ ਗਿਆ। ਹਾਲਾਂਕਿ ਸੀਮਿਤ ਅਧਿਕਾਰਤ ਜਾਣਕਾਰੀ ਹੀ ਜਨਤਕ ਕੀਤੀ ਗਈ।

ਰੀਪਬਲੀਕਨ ਸੰਸਦ ਮੈਂਬਰ ਏਰਿਕ ਬਰਲਿਸਨ (ਮਿਸੌਰੀ) ਨੇ ਕਿਹਾ ਕਿ ਰਾਸ਼ਟਰਪਤੀ ਟਰੰਪ ਵਲੋਂ ਪੱਤਰਕਾਰਾਂ ਦੀ ਜਾਂਚ ਦਾ ਆਦੇਸ਼ ਦੇਣ ਤੋਂ ਪਹਿਲਾਂ ਉਨ੍ਹਾਂ ਦਾ ਦਫ਼ਤਰ ਇੱਕ ਸਾਲ ਤੋਂ ਕੁੱਝ ਵਿਗਿਆਨੀਆਂ ਦੇ ਲਾਪਤਾ ਹੋਣ ਦੀ ਜਾਂਚ ਕਰ ਰਿਹਾ ਸੀ। ਸੰਸਦ ਮੈਂਬਰ ਨੇ ਦਲੀਲ ਦਿੱਤੀ ਕਿ ਕੁੱਝ ਵਿਗਿਆਨੀਆਂ ਕੋਲ ਵਰਗੀਕ੍ਰਿਤ ਏਰੋਸਪੇਸ, ਰੱਖਿਆ ਅਤੇ ਉੜਨ ਤਸ਼ਤਰੀਆਂ ਸਬੰਧੀ ਜਾਣਕਾਰੀ ਤਕ ਪਹੁੰਚ ਨਾਲ ਜੁੜਿਆ ਸੀ ਅਤੇ ਇਹ ਕਿ ਚੀਨ, ਰੂਸ ਜਾਂ ਈਰਾਨ 'ਚ ਕੁੱਝ ਬਦਨਾਮ ਤੱਤਾਂ ਦੀ ਸ਼ਮੂਲੀਅਤ ਹੋ ਸਕਦੀ ਹੈ। ਇਸ 'ਚ ਏਲੀਅਨਾਂ ਦੀ ਸੰਭਾਵਨਾ ਬਾਰੇ ਵੀ ਸ਼ੱਕ ਜਤਾਇਆ ਗਿਆ ਹੈ। ਸੰਸਦ ਮੈਂਬਰ ਬਰਲਿਸਨ ਨੇ ਕਿਹਾ ਕਿ ਉਨ੍ਹਾਂ ਦਾ ਦਫ਼ਤਰ ਲਗਭਗ ਇੱਕ ਸਾਲ ਤੋਂ ਕੁੱਝ ਲਾਪਤਾ ਵਿਅਕਤੀਆਂ ਦਾ ਪਤਾ ਲਗਾ ਰਿਹਾ ਹੈ, ਅਤੇ ਉਨ੍ਹਾਂ ਦਾ ਮੰਨਣਾ ਹੈ ਕਿ ਵਿਗਿਆਨੀਆਂ ਦੇ ਆਲੇ ਦੁਆਲੇ ਦਾ ਰਹੱਸ ਨਿਸ਼ਚਿਤ ਤੌਰ 'ਤੇ ਉਨ੍ਹਾਂ 'ਚੋਂ ਕੁੱਝ ਦੀ ਗੁਪਤ ਏਰੋਸਪੇਸ, ਰੱਖਿਆ ਅਤੇ ਉੱਡਣ ਤਸ਼ਤਰੀਆਂ ਜਾਣਕਾਰੀ ਤਕ ਪਹੁੰਚ ਨਾਲ ਜੁੜਿਆ ਹੋਇਆ ਹੈ।

ਬਰਲਿਸਨ ਨੇ ਕਿਹਾ ਕਿ ਕੁੱਝ ਵਿਗਿਆਨੀ ਸੱਚੀਮੁੱਚੀ ਗਾਇਬ ਹੋ ਗਏ ਹਨ, ਅਤੇ ਉਨ੍ਹਾਂ ਦੱਸਿਆ ਕਿ ਕਿਵੇਂ ਏਅਰ ਫ਼ੋਰਸ ਮੇਜਰ ਜਨਰਲ ਵਿਲੀਅਮ ਨੀ ਮੈਕਲੇਲੈਂਡ ਫ਼ਰਵਰੀ 'ਚ ਆਪਣੇ ਅਲਬੂਕਰਕ, ਨਿਊ ਮੈਕਸੀਕੋ ਦੇ ਘਰ ਤੋਂ ਗਾਇਬ ਹੋ ਗਏ ਸਨ। ਬਰਲਿਸਨ ਅਨੁਸਾਰ ਉਸ ਨੇ ਅਣਪਛਾਤੇ ਅਲੌਕਿਕ ਵਰਤਾਰੇ 'ਤੇ ਆਪਣੀ ਖੋਜ ਦੇ ਸਬੰਧ 'ਚ ਦੋ ਵਾਰ ਉਸ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਸੀ। ਸੰਸਦ ਮੈਂਬਰ ਦਾ ਇਹ ਵੀ ਮੰਨਣਾ ਹੈ ਕਿ ਵਿਗਿਆਨੀਆਂ ਨੂੰ ਗਾਇਬ ਹੋਣ ਜਾਂ ਮਰਨ ਤੋਂ ਪਹਿਲਾਂ ਕਿਸੇ ਤਰੀਕੇ ਨਾਲ ਧਮਕੀ ਦਿੱਤੀ ਗਈ ਸੀ। ਬਰਲਿਸਨ ਨੇ ਕਿਹਾ, "ਉਹ ਅਚਾਨਕ ਗਾਇਬ ਹੋ ਗਏ। ਉਹ ਆਪਣੇ ਸਾਰੇ ਉਪਕਰਣ ਘਰ 'ਚ ਛੱਡ ਗਏ। ਇਹ ਕੋਈ ਆਮ ਨਹੀਂ। ਇਹ ਸਾਡੇ ਦੇਸ਼ ਦੇ ਕੁੱਝ ਸਭ ਤੋਂ ਉੱਨਤ ਵਿਗਿਆਨੀ ਅਤੇ ਖੋਜਕਰਤਾ ਸਨ, ਰਾਸ਼ਟਰੀ ਸੁਰੱਖਿਆ ਯਤਨਾਂ ਲਈ ਕੁੱਝ ਸਭ ਤੋਂ ਮਹੱਤਵਪੂਰਣ ਲੋਕ ਸਨ ਅਤੇ ਉਹ ਸਾਰੇ ਰਹੱਸਮਈ ਢੰਗ ਨਾਲ ਗਾਇਬ ਹੋ ਗਏ।"

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਵੱਲੋਂ POSH Act ਬਾਰੇ ਜਾਗਰੂਕਤਾ ਕਾਰਜਕ੍ਰਮ ਦਾ ਆਯੋਜਨ

**ਫਾਜ਼ਿਲਕਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ (ਮੋਹਾਲੀ) ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਸ੍ਰੀ ਧਰਮਿੰਦਰ ਪਾਲ ਸਿੰਗਲਾ, ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਜੀ ਦੀ ਅਗਵਾਈ ਹੇਠ ਅਤੇ ਮੈਡਮ ਰੂਚੀ ਸਵਪਨ ਸ਼ਰਮਾ, ਮਾਣਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਜੀ ਦੀ ਦੇਖ-ਰੇਖ ਹੇਠ ਮਿਤੀ 21.04.2026 ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਦੇ ਦਫ਼ਤਰ ਵਿੱਚ POSH Act (Sexual Harassment of Women at Workplace (Prevention, Prohibition and Redressal) Act, 2013) ਬਾਰੇ ਜਾਗਰੂਕਤਾ ਕਾਰਜਕ੍ਰਮ ਆਯੋਜਿਤ ਕੀਤਾ ਗਿਆ।

ਇਹ ਜਾਗਰੂਕਤਾ ਕਾਰਜਕ੍ਰਮ ਸਰਕਾਰੀ ਹਾਈ ਸਕੂਲ ਆਸਫ ਵਾਲਾ, ਸਰਕਾਰੀ ਹਾਈ ਸਕੂਲ ਮੌਜਮ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਝੰਗੜ ਭੈਣੀ ਦੀ ਮਹਿਲਾ ਸਟਾਫ਼ ਲਈ ਆਯੋਜਿਤ ਕੀਤਾ ਗਿਆ, ਜਿਸ ਵਿੱਚ ਅਧਿਆਪਕਾਵਾਂ ਨੇ ਭਾਗ ਲਿਆ।

ਇਸ ਮੌਕੇ ਮੈਡਮ ਅਮੀਸ਼ਾ, ਲੀਗਲ ਏਡ ਡਿਫੈਂਸ ਕੌਂਸਲ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਵੱਲੋਂ ਹਾਜ਼ਰ ਅਧਿਆਪਕਾਵਾਂ ਨੂੰ POSH Act (Sexual Harassment of Women at Workplace (Prevention, Prohibition and Redressal) Act, 2013) ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਦੱਸਿਆ ਕਿ ਇਹ ਕਾਨੂੰਨ ਕੰਮਕਾਜ ਦੀ ਥਾਂ 'ਤੇ ਮਹਿਲਾਵਾਂ ਨੂੰ ਜਿਨਸੀ ਉਤਪੀੜਨ ਤੋਂ ਸੁਰੱਖਿਆ ਪ੍ਰਦਾਨ ਕਰਨ ਲਈ ਬਣਾਇਆ ਗਿਆ ਹੈ। ਉਨ੍ਹਾਂ ਨੇ ਸਮਝਾਇਆ ਕਿ ਜਿਨਸੀ ਉਤਪੀੜਨ ਵਿੱਚ ਅਣਚਾਹਾ ਸ਼ਾਰੀਰਿਕ ਸੰਪਰਕ, ਜਿਨਸੀ ਟਿੱਪਣੀਆਂ ਕਰਨਾ, ਅਸ਼ਲੀਲ ਸੰਕੇਤ ਦੇਣਾ, ਅਪਮਾਨਜਨਕ ਵਿਵਹਾਰ ਕਰਨਾ, ਨੌਕਰੀ ਜਾਂ ਤਰੱਕੀ ਦੇ ਬਦਲੇ ਗਲਤ ਮੰਗਾਂ ਰੱਖਣਾ ਆਦਿ ਸ਼ਾਮਲ ਹੁੰਦੇ ਹਨ। ਉਨ੍ਹਾਂ ਨੇ ਦੱਸਿਆ ਕਿ ਇਸ ਐਕਟ ਅਧੀਨ ਹਰ ਸੰਸਥਾ ਵਿੱਚ ਅੰਦਰੂਨੀ ਸ਼ਿਕਾਇਤ ਕਮੇਟੀ (Internal Complaints Committee) ਬਣਾਉਣਾ ਲਾਜ਼ਮੀ ਹੈ, ਜਿੱਥੇ ਪੀੜਿਤ ਮਹਿਲਾ ਆਪਣੀ ਸ਼ਿਕਾਇਤ ਦਰਜ ਕਰ ਸਕਦੀ ਹੈ। ਇਹ ਕਮੇਟੀ ਨਿਰਧਾਰਤ ਸਮੇਂ ਅੰਦਰ ਜਾਂਚ ਕਰਦੀ ਹੈ ਅਤੇ ਉਚਿਤ ਕਾਰਵਾਈ ਦੀ ਸਿਫਾਰਸ਼ ਕਰਦੀ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਪੀੜਿਤ ਮਹਿਲਾ ਨੂੰ ਸ਼ਿਕਾਇਤ ਕਰਨ ਲਈ ਸੁਰੱਖਿਅਤ ਮਾਹੌਲ ਅਤੇ ਗੋਪਨੀਯਤਾ ਪ੍ਰਦਾਨ ਕੀਤੀ ਜਾਂਦੀ ਹੈ ਅਤੇ ਉਸ ਨਾਲ ਕਿਸੇ ਵੀ ਤਰ੍ਹਾਂ ਦੀ ਬਦਸਲੂਕੀ ਜਾਂ ਭੇਦਭਾਵ ਨਹੀਂ ਕੀਤਾ ਜਾ ਸਕਦਾ।

ਅੰਤ ਵਿੱਚ ਮਹਿਲਾ ਸਟਾਫ਼ ਨੂੰ ਪ੍ਰੇਰਿਤ ਕੀਤਾ ਗਿਆ ਕਿ ਉਹ ਆਪਣੇ ਅਧਿਕਾਰਾਂ ਪ੍ਰਤੀ ਸਚੇਤ ਰਹਿਣ ਅਤੇ ਜਰੂਰਤ ਪੈਣ 'ਤੇ ਬੇਝਿਜਕ ਕਾਨੂੰਨੀ ਸਹਾਇਤਾ ਪ੍ਰਾਪਤ ਕਰਨ। ਕਿਸੇ ਵੀ ਤਰ੍ਹਾਂ ਦੀ ਕਾਨੂੰਨੀ ਜਾਣਕਾਰੀ ਜਾਂ ਸਲਾਹ ਲਈ ਟੋਲ ਫ੍ਰੀ ਨੰਬਰ 15100 'ਤੇ ਸੰਪਰਕ ਕੀਤਾ ਜਾ ਸਕਦਾ ਹੈ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਰਾਹੀਂ ਮੁਫ਼ਤ ਕਾਨੂੰਨੀ ਸਹਾਇਤਾ ਵੀ ਪ੍ਰਾਪਤ ਕੀਤੀ ਜਾ ਸਕਦੀ ਹੈ।

## 14-15 ਸਾਲ ਦੀਆਂ ਬੱਚੀਆਂ ਲਈ ਐਚਪੀਵੀ ਵੈਕਸੀਨ ਜ਼ਰੂਰੀ, ਸਰਵਾਈਕਲ ਕੈਂਸਰ ਤੋਂ ਬਚਾਅ ਦਾ ਪ੍ਰਭਾਵਸ਼ਾਲੀ ਸਾਧਨ : ਡਿਪਟੀ ਕਮਿਸ਼ਨਰ ਆਸ਼ਿਕਾ ਜੈਨ

**ਹੁਸ਼ਿਆਰਪੁਰ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ 14 ਤੋਂ 15 ਸਾਲ ਦੀ ਉਮਰ ਵਾਲੀਆਂ ਬੱਚੀਆਂ ਲਈ ਐਚਪੀਵੀ ਵੈਕਸੀਨ ਲਗਵਾਉਣਾ ਬਹੁਤ ਜ਼ਰੂਰੀ ਹੈ, ਕਿਉਂਕਿ ਇਹ ਸਰਵਾਈਕਲ ਕੈਂਸਰ ਵਰਗੀ ਗੰਭੀਰ ਬਿਮਾਰੀ ਤੋਂ ਬਚਾਅ ਦਾ ਪ੍ਰਭਾਵਸ਼ਾਲੀ ਸਾਧਨ ਹੈ। ਉਨ੍ਹਾਂ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਇਹ ਵੈਕਸੀਨ ਮੁਫ਼ਤ ਉਪਲਬਧ ਹੈ ਅਤੇ ਮਾਪਿਆਂ ਨੂੰ ਆਪਣੀਆਂ ਧੀਆਂ ਦਾ ਸਮੇਂ ਸਿਰ ਟੀਕਾਕਰਨ ਜ਼ਰੂਰ ਕਰਵਾਉਣਾ ਚਾਹੀਦਾ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਵਾਈਕਲ ਕੈਂਸਰ ਔਰਤਾਂ ਵਿੱਚ ਹੋਣ ਵਾਲੇ ਕੈਂਸਰਾਂ ਵਿੱਚ ਇੱਕ ਮੁੱਖ ਬਿਮਾਰੀ ਹੈ, ਜਿਸ ਦਾ ਮੁੱਖ ਕਾਰਨ ਹਿਊਮਨ ਪੈਪੀਲੋਮਾ ਵਾਇਰਸ ਦਾ ਸੰਕਰਮਣ ਹੈ। ਜੇ 14-15 ਸਾਲ ਦੀ ਉਮਰ ਵਿੱਚ ਬੱਚੀਆਂ ਨੂੰ ਐਚਪੀਵੀ ਵੈਕਸੀਨ ਲਗਾ ਦਿੱਤੀ ਜਾਵੇ ਤਾਂ ਭਵਿੱਖ ਵਿੱਚ ਇਸ ਬਿਮਾਰੀ ਦੇ ਖਤਰੇ ਨੂੰ ਕਾਫ਼ੀ ਹੱਦ ਤੱਕ ਘਟਾਇਆ ਜਾ



ਸਕਦਾ ਹੈ। ਇਹ ਵੈਕਸੀਨ ਬੱਚੀਆਂ ਦੀ ਸਿਹਤ ਦੀ ਸੁਰੱਖਿਆ ਲਈ ਇੱਕ ਮਜ਼ਬੂਤ ਸੁਰੱਖਿਆ ਕਵਚ ਵਜੋਂ ਕੰਮ ਕਰਦੀ ਹੈ। ਉਨ੍ਹਾਂ ਨੇ ਕਿਹਾ ਕਿ ਇਸ ਵੈਕਸੀਨ ਦਾ ਕੋਈ ਸਾਈਡ ਇਫੈਕਟ ਨਹੀਂ ਹੈ ਅਤੇ ਇਹ ਪੂਰੀ ਤਰ੍ਹਾਂ ਸੁਰੱਖਿਅਤ ਹੈ।

ਆਸ਼ਿਕਾ ਜੈਨ ਨੇ ਕਿਹਾ ਕਿ ਕਈ ਵਾਰ ਜਾਣਕਾਰੀ ਦੀ ਕਮੀ ਕਾਰਨ ਮਾਪੇ ਇਸ ਮਹੱਤਵਪੂਰਨ ਟੀਕਾਕਰਨ ਨੂੰ ਨਜ਼ਰਅੰਦਾਜ਼ ਕਰ ਦਿੰਦੇ ਹਨ, ਜਦਕਿ ਸਮੇਂ ਸਿਰ ਲੱਗਣ ਵਾਲਾ ਇਹ ਟੀਕਾ ਬੱਚੀਆਂ ਨੂੰ ਗੰਭੀਰ ਬਿਮਾਰੀ ਤੋਂ ਬਚਾਉਣ ਵਿੱਚ ਮਦਦਗਾਰ ਹੈ। ਇਸ ਲਈ ਸਮਾਜ ਵਿੱਚ ਐਚਪੀਵੀ ਵੈਕਸੀਨ ਬਾਰੇ ਜਾਗਰੂਕਤਾ ਫੈਲਾਉਣਾ ਬਹੁਤ ਜ਼ਰੂਰੀ ਹੈ।

ਉਨ੍ਹਾਂ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਮਿਲ ਕੇ ਲੋਕਾਂ ਨੂੰ ਇਸ ਸਬੰਧੀ ਜਾਗਰੂਕ ਕਰ ਰਹੇ ਹਨ ਤਾਂ ਜੋ ਵੱਧ ਤੋਂ ਵੱਧ ਬੱਚੀਆਂ ਇਸ ਮੁਫ਼ਤ ਸਹੂਲਤ ਦਾ ਲਾਭ ਲੈ ਸਕਣ। ਉਨ੍ਹਾਂ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ 14-15 ਸਾਲ ਦੀਆਂ ਧੀਆਂ ਨੂੰ ਨਜ਼ਦੀਕੀ ਸਰਕਾਰੀ ਹਸਪਤਾਲ ਵਿੱਚ ਲੈ ਜਾ ਕੇ ਐਚਪੀਵੀ ਵੈਕਸੀਨ ਜ਼ਰੂਰ ਲਗਵਾਉਣ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਧੀਆਂ ਦੀ ਸਿਹਤ ਦੀ ਸੁਰੱਖਿਆ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਐਚਪੀਵੀ ਵੈਕਸੀਨ ਇਸ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਸਮਾਜਿਕ ਜਾਗਰੂਕਤਾ ਅਤੇ ਸਮੇਂ ਸਿਰ ਟੀਕਾਕਰਨ ਨਾਲ ਸਰਵਾਈਕਲ ਕੈਂਸਰ ਵਰਗੀ ਬਿਮਾਰੀ ਦੀ ਰੋਕਥਾਮ ਸੰਭਵ ਹੈ।

## 61 ਫ਼ੀਸਦੀ ਭਾਰਤੀ ਵਿਦਿਆਰਥੀਆਂ ਨੂੰ US ਵਲੋਂ ਨਾਂਹ

**ਨਵੀਂ ਦਿੱਲੀ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਦੇਸ਼ਾਂ 'ਚ ਪੜ੍ਹਾਈ ਕਰਨ ਦੇ ਸੁਪਨੇ ਦੇਖਣ ਵਾਲੇ ਭਾਰਤੀ ਵਿਦਿਆਰਥੀਆਂ ਲਈ ਸਥਿਤੀ ਹੋਰ ਵੀ ਮੁਸ਼ਕਿਲ ਹੁੰਦੀ ਜਾ ਰਹੀ ਹੈ। ਸੰਯੁਕਤ ਰਾਜ ਅਮਰੀਕਾ 'ਚ ਸਾਲ 2025 'ਚ F-1 ਵੀਜ਼ਾ ਲਈ ਅਰਜ਼ੀ ਦੇਣ ਵਾਲੇ 61% ਭਾਰਤੀ ਵਿਦਿਆਰਥੀਆਂ ਨੂੰ ਰੱਦ ਕਰ ਦਿੱਤਾ ਗਿਆ। ਇਹ ਦਰ 2023 'ਚ 36% ਅਤੇ 2024 'ਚ 53% ਦਰ ਨਾਲੋਂ ਕਾਫ਼ੀ ਜ਼ਿਆਦਾ ਹੈ ਜੋ ਸਪੱਸ਼ਟ ਤੌਰ 'ਤੇ ਦਰਸਾਉਂਦੀ ਹੈ ਕਿ ਵੀਜ਼ਾ ਪ੍ਰਾਪਤ ਕਰਨਾ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਮੁਸ਼ਕਿਲ ਹੋ ਗਿਆ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਇਹ ਸਿਰਫ਼ ਵਿਦਿਆਰਥੀਆਂ ਦੀ ਯੋਗਤਾ ਦਾ ਮਾਮਲਾ ਨਹੀਂ ਹੈ, ਸਗੋਂ ਇੱਕ 'ਭੂਗੋਲਿਕ ਕਾਰਕ 'ਵੀ ਹੈ।

ਇੱਕ ਪਾਸੇ ਜਿੱਥੇ ਯੌਰਪੀਅਨ ਵਿਦਿਆਰਥੀਆਂ ਦੀ ਸਵੀਕ੍ਰਿਤੀ ਦਰ 90% ਤੋਂ ਵੱਧ ਹੈ, ਉੱਥੇ ਹੀ ਭਾਰਤੀ ਵਿਦਿਆਰਥੀਆਂ ਨੂੰ ਅਸਵੀਕਾਰ ਦੀ ਦਰ ਦਾ ਜ਼ਿਆਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਨਾਲ ਇਹ ਸਵਾਲ ਉੱਠਦਾ ਹੈ ਕਿ ਕੀ ਵੀਜ਼ਾ ਪ੍ਰੋਸੈੱਸਿੰਗ 'ਚ ਖੇਤਰੀ ਅਸਮਾਨਤਾਵਾਂ ਵੱਧ ਰਹੀਆਂ ਹਨ। ਆਸਟ੍ਰੇਲੀਆ ਨੇ ਵੀ ਆਪਣੀ ਵੀਜ਼ਾ ਨੀਤੀ ਨੂੰ ਸਖ਼ਤ ਕਰ ਦਿੱਤਾ ਹੈ। 2026 ਤੋਂ ਸ਼ੁਰੂ ਹੋ ਕੇ ਲਗਭਗ 40%




ਭਾਰਤੀ ਵਿਦਿਆਰਥੀ ਵੀਜ਼ਾ ਅਰਜ਼ੀਆਂ ਰੱਦ ਕਰ ਦਿੱਤੀਆਂ ਗਈਆਂ ਸਨ। ਇਸ ਤੋਂ ਇਲਾਵਾ ਭਾਰਤ ਨੂੰ ਹੁਣ ਉੱਚ-ਜੋਖ਼ਮ ਸ਼੍ਰੇਣੀ (EL3) 'ਚ ਰੱਖਿਆ ਗਿਆ ਹੈ ਜਿਸ ਲਈ ਵਿਦਿਆਰਥੀਆਂ ਨੂੰ ਵਧੇਰੇ ਵਿੱਤੀ ਦਸਤਾਵੇਜ਼, ਵਿਸਤ੍ਰਿਤ ਅਕਾਦਮਿਕ ਰਿਕਾਰਡ ਅਤੇ ਇੱਕ ਮਜ਼ਬੂਤ 'ਸੱਚਾ ਵਿਦਿਆਰਥੀ ਬਿਆਨ ਪ੍ਰਦਾਨ ਕਰਨ ਦੀ ਲੋੜ ਹੈ।

ਕੈਨੇਡਾ 'ਚ ਸਥਿਤੀ ਵੀ ਸੌਖੀ ਨਹੀਂ। 2025 'ਚ ਸਟੱਡੀ ਪਰਮਿਟਾਂ ਦੀ ਗਿਣਤੀ 'ਚ 64% ਦੀ ਕਮੀ ਕੀਤੀ ਗਈ ਹੈ, ਅਤੇ 2026 ਲਈ ਸੱਤ ਪ੍ਰਤੀਸ਼ਤ ਹੋਰ ਕਟੌਤੀ ਦੀ ਯੋਜਨਾ ਬਣਾਈ ਗਈ ਹੈ। ਸਰਕਾਰ ਨੇ ਵਿਦਿਆਰਥੀਆਂ ਦੀ ਗਿਣਤੀ ਸੀਮਿਤ ਕਰਨ ਲਈ ਸਖ਼ਤ ਸੀਮਾਵਾਂ ਲਗਾਈਆਂ ਹਨ ਜਿਸ ਨਾਲ ਭਾਰਤੀ ਵਿਦਿਆਰਥੀਆਂ ਲਈ ਮੌਕੇ ਹੋਰ ਘੱਟ ਗਏ ਹਨ। ਮਾਹਿਰਾਂ ਅਨੁਸਾਰ ਵੀਜ਼ਿਆਂ ਬਾਰੇ ਫ਼ੈਸਲੇ ਹੁਣ ਸਿਰਫ਼ ਸਿੱਖਿਆ 'ਤੇ ਆਧਾਰਿਤ ਨਹੀਂ ਸਗੋਂ ਇਮੀਗ੍ਰੇਸ਼ਨ ਚਿੰਤਾਵਾਂ, ਘਰੇਲੂ ਰਾਜਨੀਤਿਕ ਦਬਾਅ ਅਤੇ ਗ਼ੈਰ-ਕਾਨੂੰਨੀ ਓਵਰਸਟੇਅ ਦੀ ਸੰਭਾਵਨਾ ਵੀ ਮਹੱਤਵਪੂਰਣ ਭੂਮਿਕਾ ਨਿਭਾ ਰਹੇ ਹਨ।

ਇਹੀ ਕਾਰਨ ਹੈ ਕਿ ਭਾਰਤ, ਨੇਪਾਲ, ਬੰਗਲਾਦੇਸ਼ ਅਤੇ ਪਾਕਿਸਤਾਨ ਵਰਗੇ ਦੱਖਣੀ ਏਸ਼ੀਆਈ ਦੇਸ਼ਾਂ ਦੇ ਵਿਦਿਆਰਥੀਆਂ ਨੂੰ ਹੋਰ ਸਖ਼ਤ ਨਿਯਮਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਦਾ ਪ੍ਰਭਾਵ ਹੁਣ ਸਪੱਸ਼ਟ ਤੌਰ 'ਤੇ ਦਿਖਾਈ ਦੇ ਰਿਹਾ ਹੈ। ਵਿਦੇਸ਼ਾਂ 'ਚ ਪੜ੍ਹਾਈ ਦੀਆਂ ਸੇਵਾਵਾਂ ਪ੍ਰਦਾਨ ਕਰਨ ਵਾਲੀਆਂ ਕੰਪਨੀਆਂ ਲਈ ਕਾਰੋਬਾਰ 35 ਤੋਂ 40 ਪ੍ਰਤੀਸ਼ਤ ਤਕ ਘੱਟਿਆ ਹੈ ਅਤੇ ਵਿਦਿਆਰਥੀਆਂ 'ਚ ਅਨਿਸ਼ਚਿਤਤਾ ਵਧੀ ਹੈ। ਹਾਲਾਂਕਿ ਮਾਹਿਰ ਵਿਦਿਆਰਥੀਆਂ ਨੂੰ ਘਬਰਾਉਣ ਦੀ ਸਲਾਹ ਦੇ ਰਹੇ ਹਨ ਸਗੋਂ ਆਪਣੀ ਤਿਆਰੀ ਨੂੰ ਮਜ਼ਬੂਤ ਕਰਨ, ਦਸਤਾਵੇਜ਼ਾਂ ਨੂੰ ਪੂਰੀ ਤਰ੍ਹਾਂ ਸਹੀ ਰੱਖਣ ਅਤੇ ਅਰਜ਼ੀ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਯੋਜਨਾਬੱਧ ਢੰਗ ਨਾਲ ਪੂਰਾ ਕਰਨ ਦੀ ਸਲਾਹ ਦੇ ਰਹੇ ਹਨ।

## ਸੰਪਾਦਕੀ

### ਵਿਰੋਧੀ ਧਿਰ ਵੱਲੋਂ ਚੋਣ ਕਮਿਸ਼ਨ 'ਤੇ ਸਵਾਲ

ਰਾਹੁਲ ਗਾਂਧੀ ਦੀ ਅਗਵਾਈ 'ਚ, ਵਿਰੋਧੀ ਧਿਰ ਭਾਰਤ ਦੇ ਚੋਣ ਕਮਿਸ਼ਨ ਨੂੰ ਘੇਰਨ ਦੀ ਕੋਸ਼ਿਸ਼ ਕਰ ਰਹੀ ਹੈ। ਜਿੱਥੇ ਕਾਂਗਰਸ ਅਤੇ ਹੋਰ ਪਾਰਟੀਆਂ ਬਿਹਾਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਦਾ ਵਿਰੋਧ ਕਰ ਰਹੀਆਂ ਹਨ, ਉੱਥੇ ਰਾਹੁਲ ਗਾਂਧੀ ਨੇ ਚੋਣ ਕਮਿਸ਼ਨ 'ਤੇ 2024 ਦੀਆਂ ਲੋਕ ਸਭਾ ਚੋਣਾਂ ਦੌਰਾਨ ਭਾਜਪਾ ਨਾਲ ਮਿਲ ਕੇ ਵੋਟ ਚੋਰੀ ਕਰਨ ਦਾ ਦੋਸ਼ ਲਾਇਆ ਹੈ। ਉਨ੍ਹਾਂ ਕਰਨਾਟਕ ਦੇ ਮਹਾਦੇਵਪੁਰਾ ਵਿਧਾਨ ਸਭਾ ਹਲਕੇ ਦੀ ਮਿਸਾਲ ਦਿੱਤੀ ਹੈ, ਜਿੱਥੇ ਕਥਿਤ ਤੌਰ 'ਤੇ ਲਗਭਗ ਇੱਕ ਲੱਖ ਵੋਟਾਂ ਚੋਰੀ ਹੋਈਆਂ, ਜਿਸ ਕਾਰਨ ਕਾਂਗਰਸ ਦੀ ਉੱਥੇ 'ਅਚਾਨਕ' ਹਾਰ ਹੋਈ। ਰਾਹੁਲ ਗਾਂਧੀ ਨੇ ਵੋਟ ਚੋਰੀ ਢੰਗ-ਤਰੀਕਿਆਂ ਦਾ ਵੀ ਵਿਸਥਾਰ ਸਹਿਤ ਜ਼ਿਕਰ ਕੀਤਾ; ਜਿਵੇਂ ਨਕਲੀ ਵੋਟਰ, ਜਾਅਲੀ ਜਾਂ ਗ਼ਲਤ ਪਤੇ, ਇੱਕ ਹੀ ਪਤੇ 'ਤੇ 50-60 ਲੋਕਾਂ ਦਾ ਦਰਜ ਹੋਣਾ ਆਦਿ।

ਇਹ ਦੋਸ਼ ਸਾਡੇ ਲੋਕਤੰਤਰ ਲਈ ਬਹੁਤ ਮਾੜੇ ਹਨ, ਜਿਸ ਦੀਆਂ ਮੁੱਖ ਵਿਸ਼ੇਸ਼ਤਾਵਾਂ ਵਿੱਚੋਂ ਇੱਕ ਆਜ਼ਾਦ ਅਤੇ ਨਿਰਪੱਖ ਚੋਣਾਂ ਹਨ। ਚੋਣ ਕਮਿਸ਼ਨ ਨੇ ਵੀ ਕਈ ਵਾਰ ਪਾਰਦਰਸ਼ੀ ਨਾ ਹੋ ਕੇ ਮਾਮਲੇ ਨੂੰ ਹੋਰ ਗੁੰਝਲਦਾਰ ਬਣਾਇਆ ਹੈ। ਚੋਣ ਕਮਿਸ਼ਨ ਨੇ ਸੁਪਰੀਮ ਕੋਰਟ ਨੂੰ ਦੱਸਿਆ ਹੈ ਕਿ ਉਹ ਬਿਹਾਰ ਦੀਆਂ ਵੋਟਰ ਸੂਚੀਆਂ ਦੇ ਖਰੜੇ ਵਿੱਚ ਸ਼ਾਮਿਲ ਨਾ ਕੀਤੇ ਗਏ ਲਗਭਗ 65 ਲੱਖ ਨਾਂਵਾਂ ਦੀ ਸੂਚੀ ਤਿਆਰ ਜਾਂ ਪ੍ਰਕਾਸ਼ਿਤ ਕਰਨ ਜਾਂ ਉਨ੍ਹਾਂ ਦੇ ਨਾਂ ਸ਼ਾਮਿਲ ਨਾ ਕਰਨ ਦੇ ਕਾਰਨ ਦੱਸਣ ਲਈ ਕਾਨੂੰਨੀ ਤੌਰ 'ਤੇ ਪਾਬੰਦ ਨਹੀਂ। 'ਗੁਆਚੇ' ਵੋਟਰਾਂ ਦੀ ਗਿਣਤੀ ਬਹੁਤ ਜ਼ਿਆਦਾ ਹੈ- ਵਿਸ਼ੇਸ਼ ਸੁਧਾਈ ਤੋਂ ਪਹਿਲਾਂ ਦਰਜ 7.89 ਕਰੋੜ ਵੋਟਰਾਂ ਦਾ ਲਗਭਗ 8 ਪ੍ਰਤੀਸ਼ਤ; ਤੇ ਇਹ ਕਹਿਣ ਨਾਲ ਗੱਲ ਨਹੀਂ ਬਣੇਗੀ ਕਿ ਇਨ੍ਹਾਂ ਵਿੱਚੋਂ ਬਹੁਤਿਆਂ ਦੀ ਮੌਤ ਹੋ ਗਈ ਸੀ, ਉਹ ਪਰਵਾਸ ਕਰ ਗਏ ਸਨ ਜਾਂ ਉਨ੍ਹਾਂ ਦਾ ਪਤਾ ਨਹੀਂ ਲੱਗ ਸਕਿਆ। ਸ਼ੱਕ ਅਤੇ ਅਫ਼ਵਾਹਾਂ ਖ਼ਤਮ ਕਰਨ ਲਈ ਪੂਰੇ ਵੇਰਵੇ ਮੁਹੱਈਆ ਕਰਵਾਉਣੇ ਚਾਹੀਦੇ ਹਨ।

ਇਹ ਵੀ ਹੈਰਾਨੀਜਨਕ ਹੈ ਕਿ ਚੋਣ ਕਮਿਸ਼ਨ ਨੇ ਪੋਲਿੰਗ ਸਟੇਸ਼ਨਾਂ ਦੀ ਸੀਸੀਟੀਵੀ ਫੁਟੇਜ ਸੰਭਾਲਣ ਦੀ ਮਿਆਦ ਘਟਾ ਕੇ ਸਿਰਫ਼ 45 ਦਿਨ ਕਰਨ ਦੇ ਆਪਣੇ ਫ਼ੈਸਲੇ 'ਤੇ ਆਰਟੀਆਈ ਬਿਨੈਕਾਰ ਵੱਲੋਂ ਮੰਗੀ ਜ਼ਰੂਰੀ ਜਾਣਕਾਰੀ ਦੇਣ ਤੋਂ ਇਨਕਾਰ ਕਰ ਦਿੱਤਾ। ਇਸ ਲਈ ਜੋ ਕਾਰਨ ਦੱਸਿਆ ਗਿਆ ਹੈ- ਉਹ ਹੈ ਮਾਮਲੇ ਦਾ ਸੁਪਰੀਮ ਕੋਰਟ ਵਿੱਚ ਵਿਚਾਰ ਅਧੀਨ ਹੋਣਾ ਜੋ ਤਸੱਲੀਬਖਸ਼ ਨਹੀਂ ਹੈ, ਕਿਉਂਕਿ ਕੇਂਦਰੀ ਸੂਚਨਾ ਕਮਿਸ਼ਨ ਨੇ 2017 ਦੇ ਆਪਣੇ ਫ਼ੈਸਲੇ ਵਿੱਚ ਕਿਹਾ ਸੀ ਕਿ 'ਅਦਾਲਤ ਵਿੱਚ ਵਿਚਾਰ ਅਧੀਨ' ਸਥਿਤੀ ਆਪਣੇ ਆਪ 'ਚ ਜਾਣਕਾਰੀ ਰੋਕਣ ਦਾ ਜਾਇਜ਼ ਆਧਾਰ ਨਹੀਂ। ਆਪਣੀ ਭਰੋਸੇਯੋਗਤਾ ਦਾਅ 'ਤੇ ਲੱਗੀ ਹੋਣ ਕਾਰਨ ਚੋਣ ਕਮਿਸ਼ਨ ਲੁਕਣ-ਮੀਟੀ ਨਹੀਂ ਖੇਡ ਸਕਦਾ। ਇਸ ਨੂੰ ਵਿਵਾਦ ਵਾਲੇ ਮੁੱਦਿਆਂ 'ਤੇ ਸਥਿਤੀ ਸਪੱਸ਼ਟ ਕਰਨੀ ਚਾਹੀਦੀ ਹੈ ਅਤੇ ਵਿਰੋਧੀ ਧਿਰ ਦੇ ਦਾਅਵਿਆਂ ਦਾ ਟਾਕਰਾ ਕਰਨ ਲਈ ਠੋਸ ਅੰਕੜੇ ਪੇਸ਼ ਕਰਨੇ ਚਾਹੀਦੇ ਹਨ। ਅਜਿਹਾ ਕਰਨ 'ਚ ਅਸਫਲ ਰਹਿਣਾ 'ਇੱਕ ਰਾਸ਼ਟਰ, ਇੱਕ ਚੋਣ' ਦੇ ਟੀਚੇ ਦੀ ਪ੍ਰਾਪਤੀ ਨੂੰ ਮੁਸ਼ਕਿਲ ਬਣਾ ਸਕਦਾ ਹੈ।

## ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਵੱਲੋਂ ਦੀਨੇਵਾਲ ਤੋਂ ਮੱਥਰੇਵਾਲ ਲਿੰਕ ਸੜਕ ਦਾ ਉਦਘਾਟਨ

**ਖਡੂਰ ਸਾਹਿਬ, 24 ਅਪ੍ਰੈਲ -ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਖਡੂਰ ਸਾਹਿਬ ਦੇ ਵਿਕਾਸ ਨੂੰ ਨਵੀਂ ਰਫ਼ਤਾਰ ਦਿੰਦਿਆਂ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਵੱਲੋਂ ਪਿੰਡ ਦੀਨੇਵਾਲ ਤੋਂ ਮੱਥਰੇਵਾਲ ਤੱਕ ਲਿੰਕ ਸੜਕ, ਪਿੰਡ ਮਲਾਦੀਨਪੁਰ, ਪਿੰਡ ਦੇਊ ਅਤੇ ਪੰਡੋਰੀ ਗੋਲਾ ਦੀ ਫਿਰਨੀ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਇਲਾਕੇ ਦੇ ਵੱਡੀ ਗਿਣਤੀ ਵਿਚ ਇਕੱਠੇ ਹੋਏ ਲੋਕਾਂ ਨੇ ਵਿਧਾਇਕ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਇਸ ਮੌਕੇ ਸੰਬੋਧਨ ਕਰਦਿਆਂ ਮਨਜਿੰਦਰ ਸਿੰਘ ਲਾਲਪੁਰਾ ਨੇ ਕਿਹਾ ਕਿ ਇਹ ਸੜਕਾ ਇਲਾਕੇ ਦੀ ਲੰਮੇ ਸਮੇਂ ਤੋਂ ਚੱਲ ਰਹੀ ਮੰਗ ਸੀ। ਇਹ ਸੜਕਾਂ ਬਣਨ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਆਵਾਜਾਈ ਸੌਖੀ ਹੋਵੇਗੀ।

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨਾਲ ਕੀਤੇ ਹਰੇਕ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ ਅਤੇ ਹਲਕਾ ਖਡੂਰ ਸਾਹਿਬ ਵਿਚ ਵਿਕਾਸ ਦੇ ਕੰਮ ਤੇਜ਼ੀ ਨਾਲ ਜਾਰੀ ਹਨ। ਇਲਾਕੇ ਦੀਆਂ ਹੋਰ ਬੁਨਿਆਦੀ ਸਹੂਲਤਾਂ ਨੂੰ ਵੀ ਮਜ਼ਬੂਤ ਕੀਤਾ ਜਾ ਰਿਹਾ ਹੈ ਤਾਂ ਜੋ ਹਰ ਪਿੰਡ ਤੱਕ ਵਿਕਾਸ ਦੀ ਰੌਸ਼ਨੀ ਪਹੁੰਚ ਸਕੇ।

ਇਸ ਮੌਕੇ ਉਨ੍ਹਾਂ ਲੋਕਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਉਨ੍ਹਾਂ ਦੇ ਜਲਦ ਹੱਲ ਦਾ ਭਰੋਸਾ ਦਿੱਤਾ। ਪਿੰਡ ਵਾਸੀਆਂ ਨੇ ਇਸ ਪ੍ਰਾਜੈਕਟ ਲਈ ਵਿਧਾਇਕ ਲਾਲਪੁਰਾ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸੜਕ ਇਲਾਕੇ ਦੀ ਤਸਵੀਰ ਬਦਲਣ ਵਿੱਚ ਮਦਦਗਾਰ ਸਾਬਤ ਹੋਵੇਗੀ।

ਇਸ ਮੌਕੇ ਵੱਖ-ਵੱਖ ਪਿੰਡਾਂ ਦੇ ਸਰਪੰਚ, ਪੰਚਾਇਤ ਮੈਂਬਰ, ਪਾਰਟੀ ਆਗੂ ਅਤੇ ਇਲਾਕੇ ਦੇ ਮੋਹਤਬਰ ਵਿਅਕਤੀ ਵੱਡੀ ਗਿਣਤੀ ਵਿਚ ਹਾਜ਼ਰ ਸਨ, ਜਿਨ੍ਹਾਂ ਵਿਚ ਸਰਤਾਰ ਸਿੰਘ ਰੱਤੋਕੇ, ਬਲਾਕ ਪ੍ਰਧਾਨ ਪਰਮਵੀਰ ਸਿੰਘ ਹੈਪੀ, ਬਲਾਕ ਪ੍ਰਧਾਨ ਅਮਰੀਕ ਸਿੰਘ ਰਸੂਲਪੁਰ, ਸਰਪੰਚ ਸੁਖਚੈਨ ਸਿੰਘ ਡਾਲੇਕੇ, ਗੁਰਦਿਆਲ ਸਿੰਘ ਰੱਤੋਕੇ, ਸੰਗਠਨ ਇੰਚਾਰਜ ਰਜਿੰਦਰ ਸਿੰਘ ਪੰਨੂ ਆਦਿ ਸ਼ਾਮਲ ਸਨ।

## ਜਨਗਣਨਾ ਦੇ ਪਹਿਲੇ ਗੇੜ ਦੇ ਕੰਮ ਲਈ ਗਿਣਤੀਕਾਰਾਂ ਤੇ ਸੁਪਰਵਾਈਜ਼ਰਾਂ ਦੀਆਂ ਟ੍ਰੇਨਿੰਗਾਂ ਸ਼ੁਰੂ

**ਤਰਨਤਾਰਨ, 27 ਅਪ੍ਰੈਲ -ਕੌਮੀ ਪੱਤ੍ਰਿਕਾ ਬਿਊਰੋ-**

ਜਨਗਣਨਾ ਦੇ ਪਹਿਲੇ ਗੇੜ ਦਾ ਕੰਮ 15 ਮਈ 2026 ਤੋਂ 13 ਜੂਨ 2026 ਤੱਕ ਹੋਣ ਜਾ ਰਿਹਾ ਹੈ। ਇਸ ਕੰਮ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਭਗ 2500 ਗਿਣਤੀਕਾਰ ਅਤੇ ਸੁਪਰਵਾਈਜ਼ਰ ਤਾਇਨਾਤ ਕੀਤੇ ਗਏ ਹਨ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਸੈਂਸਜ਼ ਅਫ਼ਸਰ ਤਰਨ ਤਾਰਨ ਸ੍ਰੀ ਰਾਹੁਲ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਜਨਗਣਨਾ ਵਿਚ ਲੱਗੇ ਅਮਲੇ ਦੀਆਂ ਟ੍ਰੇਨਿੰਗਾਂ ਦਾ ਕੰਮ ਵੱਖ-ਵੱਖ ਚਾਰਜ ਪੱਧਰ 'ਤੇ ਸ਼ੁਰੂ ਹੋ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਜਨਗਣਨਾ ਦੇ ਮਹੱਤਵਪੂਰਨ ਕੰਮ ਨੂੰ ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਮੂਹ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਲੋੜੀਦੇ ਦਿਸ਼ਾ-ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ। ਉਨ੍ਹਾਂ ਹਦਾਇਤ ਕੀਤੀ ਕਿ ਫੀਲਡ ਵਿਜ਼ਿਟ ਦੌਰਾਨ ਆਮ ਨਾਗਰਿਕਾਂ ਨਾਲ ਨਿਮਰ ਭਾਵ ਨਾਲ ਪੇਸ਼ ਆਇਆ ਜਾਵੇ। ਉਨ੍ਹਾਂ ਕਿਹਾ ਕਿ ਰਾਸ਼ਟਰੀ ਮਹੱਤਵ ਦੇ ਇਸ ਕਾਰਜ ਨੂੰ ਪੂਰੀ ਪਾਰਦਰਸ਼ਤਾ ਅਤੇ ਜ਼ਿੰਮੇਵਾਰੀ ਨਾਲ ਨਿਭਾਇਆ ਜਾਵੇ ਤਾਂ ਜੋ ਜਨਗਣਨਾ ਦੇ ਅੰਕੜੇ ਸਹੀ ਅਤੇ ਸਪੱਸ਼ਟ ਪ੍ਰਾਪਤ ਕੀਤੇ ਜਾ ਸਕਣ। ਉਨ੍ਹਾਂ ਕਿਹਾ ਕਿ ਜਨਗਣਨਾ ਦੇ ਕੰਮ ਵਿਚ ਅਣਗਹਿਲੀ ਜਾਂ ਕੰਮ ਵਿਚ ਆਨਾਕਾਨੀ ਕਰਨ ਦੀ ਸੂਰਤ ਵਿਚ ਮਰਦਮਸ਼ੁਮਾਰੀ ਅਧਿਨਿਯਮ 1948 ਤਹਿਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਨੇ ਦੱਸਿਆ ਕਿ ਇਸ ਵਾਰ ਜਨਗਣਨਾ ਦੀ ਪੂਰੀ ਕਾਰਵਾਈ ਹਾਈ-ਟੈੱਕ ਤਰੀਕੇ ਨਾਲ 'ਡਿਜੀਟਲ ਮੋਡ' ਰਾਹੀਂ ਪੂਰੀ ਕੀਤੀ ਜਾਵੇਗੀ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਜਾਣਕਾਰੀ ਦਿੱਤੀ ਕਿ ਆਮ ਲੋਕਾਂ ਦੀ ਸਹੂਲਤ ਲਈ 'ਸਵੈ-ਗਣਨਾ' ਦੀ ਸੁਵਿਧਾ ਵੀ ਮੁਹੱਈਆ ਕਰਵਾਈ ਜਾ ਰਹੀ ਹੈ। ਇਸ ਸਬੰਧੀ ਪੋਰਟਲ 30 ਅਪ੍ਰੈਲ ਤੋਂ 14 ਮਈ 2026 ਤੱਕ ਖੁੱਲ੍ਹੇਗਾ, ਜਿਸ ਰਾਹੀਂ ਕੋਈ ਵੀ ਵਿਅਕਤੀ ਘਰ ਬੈਠੇ ਹੀ ਆਪਣੇ ਪਰਿਵਾਰ ਦੀ ਜਾਣਕਾਰੀ ਆਨਲਾਈਨ ਦਰਜ ਕਰ ਸਕੇਗਾ। ਇਸ ਤੋਂ ਬਾਅਦ ਗਿਣਤੀਕਾਰਾਂ ਵੱਲੋ 15 ਮਈ ਤੋਂ 13 ਜੂਨ ਤੱਕ ਫੀਲਡ ਸਰਵੇ ਸ਼ੁਰੂ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਤਰਨ ਤਾਰਨ ਵਿਚ 35 ਫੀਲਡ ਟ੍ਰੇਨਰਾਂ ਨੂੰ ਪਹਿਲਾਂ ਹੀ ਮਾਸਟਰ ਟ੍ਰੇਨਰਾਂ ਅਤੇ ਜਨਗਣਨਾ ਵਿਭਾਗ ਦੇ ਅਧਿਕਾਰੀਆਂ ਵੱਲੋਂ ਸਿਖਲਾਈ ਦਿੱਤੀ ਜਾ ਚੁੱਕੀ ਹੈ। ਹੁਣ ਅਗਲੇ ਪੜਾਅ ਤਹਿਤ ਵੱਖ-ਵੱਖ ਬੈਚਾਂ ਵਿਚ ਸੈਸ਼ਨ ਆਧਾਰਿਤ ਸਿਖਲਾਈ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਟ੍ਰੇਨਿੰਗ ਬੇਹੱਦ ਮਹੱਤਵਪੂਰਨ ਹੈ ਕਿਉਂਕਿ ਇਹ ਸਿਖਿਆਰਥੀ ਹੀ ਫੀਲਡ ਵਿੱਚ ਜਾ ਕੇ ਘਰ-ਘਰ ਜਨਗਣਨਾ ਸਬੰਧੀ ਮੋਬਾਈਲ ਐਪ ਵਿੱਚ ਡਾਟਾ ਇੰਦਰਾਜ ਕਰਨਗੇ।

## ਸਕੂਲ ਵਿੱਚ ਧਰਤੀ ਦਿਵਸ ਮਨਾਇਆ ਗਿਆ



**ਮਾਛੀਵਾੜਾ ਸਾਹਿਬ, 27 ਅਪ੍ਰੈਲ -ਕੌਮੀ ਪੱਤ੍ਰਿਕਾ ਬਿਊਰੋ-**

ਓਰੀਐਂਟ ਇੰਟਰਨੈਸ਼ਨਲ ਸਕੂਲ ਅਤੇ ਸਪੋਰਟਸ ਅਕੈਡਮੀ ਵਿਖੇ ਉਤਸ਼ਾਹ ਨਾਲ ਧਰਤੀ ਦਿਵਸ ਮਨਾਇਆ ਗਿਆ। ਇਸ ਮੌਕੇ 'ਤੇ ਵਿਦਿਆਰਥੀਆਂ ਨੂੰ ਧਰਤੀ ਅਤੇ ਪਰਿਆਵਰਣ ਦੀ ਸੁਰੱਖਿਆ ਬਾਰੇ ਜਾਣਕਾਰੀ ਦਿੱਤੀ ਗਈ। ਇਸ ਦਾ ਮੁੱਖ ਮਨੋਰਥ ਵਿਦਿਆਰਥੀਆਂ ਨੂੰ ਇਸ ਸਾਲ ਦੇ ਗਲੋਬਲ ਥੀਮ ਧਰਤੀ ਬਚਾਓ, ਜੀਵਨ ਬਚਾਓ ਮੁਤਾਬਿਕ ਵਿਦਿਆਰਥੀਆਂ ਨੇ ਪਲਾਸਟਿਕ ਦੀ ਵਰਤੋਂ ਘੱਟ ਕਰਨ ਸੰਬੰਧੀ ਮੁਹਿੰਮ ਵਿੱਚ ਹਿੱਸਾ ਲਿਆ, ਟਿਕਾਊ ਆਦਤਾਂ ਅਪਣਾਉਣ ਅਤੇ ਧਰਤੀ ਨੂੰ ਹਰਿਆ-ਭਰਿਆ ਬਣਾਉਣ ਦਾ ਵਾਅਦਾ ਕੀਤਾ । ਵਿਦਿਆਰਥੀਆਂ ਨੇ ਦਰੱਖਤ ਲਗਾਉਣ, ਪਾਣੀ ਦੀ ਬਚਤ ਕਰਨ ,ਪ੍ਰਦੂਸ਼ਣ ਘਟਾਉਣ , ਜਲਵਾਯੂ ਪਰਿਵਰਤਨ ਵਰਗੇ ਵਾਤਾਵਰਣ ਸੰਬੰਧੀ ਮੁੱਦਿਆਂ ਤੇ ਚਰਚਾ ਕਰਨ ਲਈ ਅੰਤਰ ਸਕੂਲ ਮੁਕਾਬਲਿਆਂ ਵਿੱਚ ਭਾਗ ਲਿਆ ।

ਇਸ ਮੌਕੇ 'ਤੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਦੀਪਾਲੀ ਨੰਦਾ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਮਿਲ ਕੇ ਧਰਤੀ ਦੀ ਰੱਖਿਆ ਕਰਨੀ ਚਾਹੀਦੀ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼ ਅਤੇ ਸੁੰਦਰ ਪਰਿਆਵਰਣ ਬਚਿਆ ਰਹੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਜੀਵਨ ਵਿੱਚ 'ਥ੍ਰੀ ਆਰ' ਦੀ ਵਰਤੋਂ ਕਰਨ ਦਾ ਪ੍ਰਣ ਕਰਨ ਲਈ ਕਿਹਾ , ਕੂੜਾ ਘਟਾਓ , ਦੁਬਾਰਾ ਵਰਤੋਂ ਕਰੋ ਅਤੇ ਰੀਸਾਈਕਲ ਦੇ ਸਿਧਾਂਤ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ ।

ਅੰਤ ਵਿੱਚ ਸਾਰੇ ਵਿਦਿਆਰਥੀਆਂ ਨੂੰ ਧਰਤੀ ਦੀ ਸੰਭਾਲ ਕਰਨ ਦਾ ਸੰਦੇਸ਼ ਦਿੱਤਾ ਗਿਆ ਅਤੇ ਇਹ ਦਿਨ ਖ਼ੁਸ਼ੀ ਅਤੇ ਉਤਸ਼ਾਹ ਨਾਲ ਮਨਾਇਆ ਗਿਆ।

## ਕੇਂਦਰੀ ਮੰਤਰੀ ਨਾਲ ਮੁਲਾਕਾਤ ਤੋਂ ਬਾਅਦ ਦਾਮਨ ਬਾਜਵਾ ਨੇ ਕੀਤੀ ਪ੍ਰੈਸ ਕਾਨਫਰੰਸ



**ਸੁਨਾਮ,27 ਅਪ੍ਰੈਲ -ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਜਨਤਾ ਪਾਰਟੀ ਦੇ ਆਗੂ ਦਾਮਨ ਬਾਜਵਾ ਨੇ ਕੇਂਦਰੀ ਸੜਕ ਆਵਾਜਾਈ ਅਤੇ ਰਾਸ਼ਟਰੀ ਮਾਰਗ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕਰਕੇ ਭਵਾਨੀਗੜ੍ਹ-ਸੁਨਾਮ-ਭੀਖੀ-ਬੁਢਲਾਡਾ ਸੜਕ ਨੂੰ 4 ਲੇਨ ਕਰਨ ਦੀ ਅਹਿਮ ਮੰਗ ਉਠਾਈ ਹੈ।

ਦਾਮਨ ਬਾਜਵਾ ਨੇ ਕਿਹਾ ਕਿ ਇਹ ਸੜਕ ਇਸ ਵੇਲੇ ਤੰਗ ਹੋਣ ਕਾਰਨ ਇੱਥੇ ਅਕਸਰ ਹਾਦਸੇ ਵਾਪਰਦੇ ਰਹਿੰਦੇ ਹਨ, ਜਿਸ ਨਾਲ ਲੋਕਾਂ ਦੀ ਜਾਨ ਨੂੰ ਖਤਰਾ ਬਣਿਆ ਰਹਿੰਦਾ ਹੈ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਜੋ ਹਿੱਸਾ ਅਜੇ 4 ਲੇਨ ਤੋਂ ਬਾਕੀ ਰਹਿ ਗਿਆ ਹੈ, ਉਸਨੂੰ ਜਲਦੀ ਪੂਰਾ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਆਵਾਜਾਈ ਸੁਚਾਰੂ ਅਤੇ ਸੁਰੱਖਿਅਤ ਬਣ ਸਕੇ।

ਉਨ੍ਹਾਂ ਦੱਸਿਆ ਕਿ ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਜਾਣਕਾਰੀ ਦਿੱਤੀ ਕਿ ਇਹ ਸੜਕ ਸਟੇਟ ਹਾਈਵੇ ਦੇ ਅਧੀਨ ਆਉਂਦੀ ਹੈ, ਇਸ ਲਈ ਕੇਂਦਰ ਸਰਕਾਰ ਵੱਲੋਂ ਇਸਨੂੰ ਤੁਰੰਤ 4 ਲੇਨ ਕਰਨਾ ਸੰਭਵ ਨਹੀਂ ਹੈ ਅਤੇ ਇਸ ਪ੍ਰਕਿਰਿਆ ਵਿੱਚ ਸਮਾਂ ਲੱਗਦਾ ਹੈ।

ਦਾਮਨ ਬਾਜਵਾ ਨੇ ਕਿਹਾ ਕਿ ਇਸ ਸੜਕ ਨੂੰ ਚੌੜਾ ਕਰਨ ਦੀ ਜ਼ਿੰਮੇਵਾਰੀ ਪਹਿਲਾਂ ਸਟੇਟ ਸਰਕਾਰ ਦੀ ਬਣਦੀ ਹੈ ਅਤੇ ਉਹ ਇਸ ਮਾਮਲੇ ਵਿੱਚ ਅਗਵਾਈ ਕਰ ਸਕਦੀ ਹੈ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ, ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਹਰਪਾਲ ਸਿੰਘ ਚੀਮਾਂ ਦਾ ਨਾਮ ਲੈਂਦੇ ਹੋਏ ਕਿਹਾ ਕਿ ਇਹ ਸਾਰੇ ਆਗੂ ਇਸ ਇਲਾਕੇ ਨਾਲ ਸਬੰਧਤ ਹਨ, ਇਸ ਲਈ ਉਹਨਾਂ ਨੂੰ ਲੋਕਾਂ ਦੀ ਇਸ ਮੰਗ ਨੂੰ ਤਰਜੀਹ ਦੇਣੀ ਚਾਹੀਦੀ ਹੈ।

ਅੱਗੇ ਉਨ੍ਹਾਂ ਕਿਹਾ ਕਿ ਜੰਮੂ-ਕਟੜਾ ਰੋਡ, ਜੋ ਘਰਾਚੋਂ ਕੋਲੋਂ ਲੰਘ ਰਿਹਾ ਹੈ, ਉਸਦੀ ਸਭ ਤੋਂ ਵੱਡੀ ਐਗਜ਼ਿਟ ਵੀ ਇਸੇ ਇਲਾਕੇ 'ਚ ਬਣਦੀ ਹੈ। ਜੇ ਇਹ ਸੜਕ 4 ਲੇਨ ਬਣਦੀ ਹੈ ਤਾਂ ਇਲਾਕੇ ਦੀ ਤਰੱਕੀ ਨੂੰ ਵੱਡਾ ਫਾਇਦਾ ਹੋਵੇਗਾ, ਨਹੀਂ ਤਾਂ ਇਲਾਕਾ ਉਨ੍ਹਾਂ ਮੌਕਿਆਂ ਤੋਂ ਵਾਂਝਾ ਰਹਿ ਸਕਦਾ ਹੈ ਜੋ ਇਸਨੂੰ ਮਿਲਣੇ ਚਾਹੀਦੇ ਹਨ।

## ਨਵੀਂ ਖੇਤੀ ਮਸ਼ੀਨਰੀ ਲਈ ਅਰਜ਼ੀਆਂ ਦੀ ਮੰਗ : ਮੁੱਖ ਖੇਤੀਬਾੜੀ ਅ.ਫਸਰ

**ਫਾਜ਼ਿਲਕਾ, 27 ਅਪ੍ਰੈਲ -ਕੌਮੀ ਪੱਤ੍ਰਿਕਾ ਬਿਊਰੋ-**



ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਵੱਲੋਂ ਫ਼ਸਲੀ ਵਿਭਿੰਨਤਾ ਅਤੇ ਨਵੀਂ ਖੇਤੀ ਮਸ਼ੀਨਰੀ ਨੂੰ ਉਤਸ਼ਾਹਿਤ ਕਰਨ ਲਈ ਸੀ.ਡੀ.ਪੀ. ਅਤੇ ਸਮੈਮ ਸਕੀਮ ਸਾਲ 2026-27 ਦੌਰਾਨ ਖੇਤੀ ਮਸ਼ੀਨਰੀ ਸਬਸਿਡੀ 'ਤੇ ਦੇਣ ਲਈ ਆਨਲਾਈਨ ਅਰਜ਼ੀਆਂ ਦੀ ਮੰਗ ਕੀਤੀ ਹੈ।

ਇਹ ਜਾਣਕਾਰੀ ਦਿੰਦਿਆਂ ਮੁੱਖ ਖੇਤੀਬੜੀ ਅਫਸਰ ਫਾਜਿਲਕਾ ਡਾ. ਹਰਬੰਸ ਸਿੰਘ ਸਿੱਧੂ ਨੇ ਇਸ ਸਕੀਮ ਤਹਿਤ ਵਿਅਕਤੀਗਤ ਕਿਸਾਨ ਕਸਟਮ ਹਾਈਰਿੰਗ ਸੈਂਟਰ ਵਿਖੇ ਸੀ.ਡੀ.ਪੀ ਸਕੀਮ ਹੇਠ ਫ਼ਸਲੀ ਵਿਭਿੰਨਤਾ ਲਈ ਮਸ਼ੀਨਾਂ ਨੂਮੈਟਿਕ ਪਲਾਂਟਰ, ਸੂਗਰਕੇਨ ਹਰਵੇਸਟਰ, ਮੇਜ਼ ਸ਼ੈਲਰ, ਹਾਈ ਕਲੀਰੈਂਸ ਬੂਮ ਸਪਰੇਅਰ, ਮੈਨੂਅਲਪਾਵਰ ਸਪਰੇਅਰ, ਸ਼ੂਗਰਕੇਨ ਪਲਾਂਟਰ, ਇੰਨਫੀਲਡਰ, ਗਰਾਊਂਡਨਟ ਡਿੱਗਰ, ਕਾਟਨ ਪਲਾਂਟਰ ਅਤੇ ਮਲਟੀ ਕਰਾਪ ਥਰੈਸ਼ਰ ਅਤੇ ਪੋਰਟਲ ਦੀ ਸੂਚੀ 'ਚ ਦਰਜ ਮਸ਼ੀਨਾਂ ਲਈ ਆਨਲਾਈਨ ਅਪਲਾਈ ਕੀਤਾ ਜਾ ਸਕਦਾ ਹੈ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਇਨ੍ਹਾਂ ਸਕੀਮਾਂ ਦਾ ਲਾਭ ਲੈਣ ਆਪਣੀ ਅਰਜੀ ਪੋਰਟਲ 'ਤੇ ਆਨਲਾਈਨ 20 ਅਪ੍ਰੈਲ 2026 ਤੋਂ 12 ਮਈ 2026 ਤੱਕ ਦੇ ਸਕਦੇ ਹਨ। ਜੇਕਰ ਫਾਈਲ ਅਪਲਾਈ ਸਬੰਧੀ ਕੋਈ ਸਮੱਸਿਆਂ ਆਉਦੀ ਹੈ ਤਾਂ ਕਿਸਾਨ ਆਪਣੇ ਸਬੰਧਤ ਬਲਾਕ ਖੇਤੀਬਾੜੀ ਦਫ਼ਤਰ ਅਤੇ ਵਧੇਰੇ ਜਾਣਕਾਰੀ ਲਈ ਦਫ਼ਤਰ ਸਹਾਇਕ ਉਨ੍ਹਾਂ ਕਿਹਾ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਵੱਲੋ ਸੀ.ਡੀ.ਪੀ ਸਕੀਮ ਹੇਠ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਵਾਲੀਆਂ ਖੇਤੀ ਮਸ਼ੀਨਾਂ ਅਤੇ ਸਮੈਮ ਸਕੀਮ ਅਧੀਨ ਆਧੁਨਿਕ ਖੇਤੀ ਮਸ਼ੀਨਾਂ ਸਬਸਿਡੀ 'ਤੇ ਮੁਹੱਈਆ ਕਰਵਾਈਆ ਜਾ ਰਹੀਆਂ ਹਨ।

## ਤਰਨ ਤਾਰਨ ਵਿਖੇ ਪੀ.ਐਸ.ਟੈੱਟ ਪ੍ਰੀਖਿਆ ਦੀਆਂ ਤਿਆਰੀਆਂ ਮੁਕੰਮਲ



**ਤਰਨਤਾਰਨ, 27 ਅਪ੍ਰੈਲ -ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹੇ ਵਿੱਚ ਪੀ.ਐਸ.ਟੈੱਟ-1 ਅਤੇ 2 ਫਾਰ ਇਨ ਸਰਵਿਸ ਅਧਿਆਪਕਾਂ ਦੀ ਪ੍ਰੀਖਿਆ ਨੂੰ ਲੈ ਕੇ ਪ੍ਰਸ਼ਾਸਨਿਕ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਸਤਿਨਾਮ ਸਿੰਘ ਬਾਠ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਉਣ ਵਾਲੇ ਐਤਵਾਰ, 26 ਅਪ੍ਰੈਲ ਨੂੰ ਇਹ ਪ੍ਰੀਖਿਆ ਦੋ ਸ਼ਿਫਟਾਂ ਵਿਚ ਕਰਵਾਈ ਜਾਵੇਗੀ।

ਪ੍ਰੀਖਿਆ ਦੇ ਸੁਚਾਰੂ ਸੰਚਾਲਨ ਲਈ ਤਰਨ ਤਾਰਨ ਵਿਚ ਸ੍ਰੀ ਗੁਰੂ ਅਰਜਨ ਦੇਵ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਫ ਐਮੀਨੈਂਸ, ਤਰਨ ਤਾਰਨ ਦੋ ਪ੍ਰੀਖਿਆ ਕੇਂਦਰ ਬਣਾਏ ਗਏ ਹਨ।

ਅਧਿਕਾਰੀਆਂ ਨੇ ਦੱਸਿਆ ਕਿ ਪੀ.ਐਸ.ਟੈੱਟ-1 ਲਈ 841 ਅਤੇ ਪੀ.ਐਸ.ਟੈੱਟ-2 ਲਈ 561 ਇਨ-ਸਰਵਿਸ ਅਧਿਆਪਕ ਪ੍ਰੀਖਿਆ ਵਿਚ ਭਾਗ ਲੈਣਗੇ। ਜ਼ਿਲ੍ਹਾ ਸਿੱਖਿਆ ਅਫ਼ਸਰ ਸਤਿਨਾਮ ਸਿੰਘ ਬਾਠ ਨੇ ਦੱਸਿਆ ਕਿ ਪ੍ਰੀਖਿਆ ਨੂੰ ਪੂਰੀ ਪਾਰਦਰਸ਼ਤਾ ਅਤੇ ਸ਼ਾਂਤਮਈ ਤਰੀਕੇ ਨਾਲ ਨੇਪਰੇ ਚਾੜ੍ਹਨ ਲਈ ਸੁਪਰਡੈਂਟ ਅਤੇ ਡਿਪਟੀ ਸੁਪਰਡੈਂਟ ਸਾਹਿਬਾਨ ਦੀ ਡਿਊਟੀ ਲਗਾ ਦਿੱਤੀ ਗਈ ਹੈ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਪ੍ਰੀਖਿਆ ਕੇਂਦਰਾਂ 'ਤੇ ਸੁਰੱਖਿਆ ਅਤੇ ਹੋਰ ਜ਼ਰੂਰੀ ਪ੍ਰਬੰਧ ਪੁਖ਼ਤਾ ਕਰ ਲਏ ਗਏ ਹਨ, ਤਾਂ ਜੋ ਪ੍ਰੀਖਿਆਰਥੀਆਂ ਨੂੰ ਕੋਈ ਦਿੱਕਤ ਨਾ ਆਵੇ।

ਇਸ ਮੌਕੇ ਸਹਾਇਕ ਨੋਡਲ ਅਫ਼ਸਰ ਅਵਤਾਰ ਸਿੰਘ, ਡੀਲਿੰਗ ਸਹਾਇਕ ਇਕਬਾਲ ਸਿੰਘ, ਸੁਪਰਡੈਂਟ ਸੁਖਵਿੰਦਰ ਕੌਰ ਅਤੇ ਸੀਨੀਅਰ ਸਹਾਇਕ ਆਦੇਸ਼ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਛੱਤ ਦੀ ਉਡੀਕ 'ਚ ਆਂਗਣਵਾੜੀ ਕੇਂਦਰ ਦੀ ਇਮਾਰਤ

**ਦੇਵੀਗੜ੍ਹ, 27 ਅਪ੍ਰੈਲ -ਕੌਮੀ ਪੱਤ੍ਰਿਕਾ ਬਿਊਰੋ-**



ਹਲਕਾ ਸਨੌਰ ਦੇ ਪਿੰਡ ਚੂਹਟ ਦੇ ਆਂਗਣਵਾੜੀ ਕੇਂਦਰ ਦੀ ਇਮਾਰਤ ਅਧੂਰੀ ਹੈ। ਲਗਪਗ ਚਾਰ ਸਾਲ ਪਹਿਲਾਂ ਪਿਛਲੀ ਗ੍ਰਾਮ ਪੰਚਾਇਤ ਵੱਲੋਂ ਸਕੂਲ ਦੇ ਨਾਲ ਲੱਗਦੀ ਜਗ੍ਹਾ 'ਚ ਇਸ ਕੇਂਦਰ ਦੀ ਨਵੀਂ ਇਮਾਰਤ ਦੀ ਉਸਾਰੀ ਸ਼ੁਰੂ ਕੀਤੀ ਗਈ ਸੀ ਜਿਸ ਨੂੰ ਮਗਨਰੇਗਾ ਯੋਜਨਾ ਤਹਿਤ ਤਿਆਰ ਕੀਤਾ ਜਾ ਰਿਹਾ ਸੀ।

ਹਾਲਾਂਕਿ ਦੋ ਸਾਲ ਪਹਿਲਾਂ ਇਸ ਇਮਾਰਤ ਦਾ ਢਾਂਚਾ ਲਗਭਗ ਤਿਆਰ ਹੋ ਗਿਆ ਸੀ ਪਰ ਹਾਲੇ ਤੱਕ ਇਸ 'ਤੇ ਲੈਂਟਰ ਨਹੀਂ ਪਾਇਆ ਗਿਆ। ਲੰਮੇ ਸਮੇਂ ਤੱਕ ਅਧੂਰੀ ਰਹਿਣ ਕਾਰਨ ਇਮਾਰਤ ਦੀ ਹਾਲਤ ਦਿਨੋਂ-ਦਿਨ ਖਰਾਬ ਹੋ ਰਹੀ ਹੈ ਅਤੇ ਇਹ ਹੌਲੀ-ਹੌਲੀ ਖੰਡਰ ਦਾ ਰੂਪ ਧਾਰਨ ਕਰਦੀ ਜਾ ਰਹੀ ਹੈ। ਪਿੰਡ ਵਾਸੀਆਂ ਨੇ ਮੰਗ ਕੀਤੀ ਕਿ ਸਬੰਧਤ ਵਿਭਾਗ ਅਤੇ ਪ੍ਰਸ਼ਾਸਨ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈ ਕੇ ਜਲਦ ਤੋਂ ਜਲਦ ਇਮਾਰਤ 'ਤੇ ਛੱਤ ਪਾ ਕੇ ਕੰਮ ਮੁਕੰਮਲ ਕਰੇ। ਪਿੰਡ ਦੇ ਸਰਪੰਚ ਜਗਤਾਰ ਸਿੰਘ ਨੇ ਦੱਸਿਆ ਕਿ ਆਂਗਣਵਾੜੀ ਕੇਂਦਰ ਦੀ ਇਮਾਰਤ ਪੰਦਰਵੇਂ ਵਿੱਤ ਕਮਿਸ਼ਨ ਦੇ ਫੰਡ ਨਾਲ ਪਿਛਲੀ ਪੰਚਾਇਤ ਸਮੇਂ ਤੋਂ ਬਣੀ ਸੀ। ਫੰਡਾਂ ਦੀ ਘਾਟ ਕਾਰਨ ਇਸ ਨੂੰ ਪੂਰਾ ਨਹੀਂ ਕੀਤਾ ਜਾ ਸਕਿਆ। ਜਦੋਂ ਫੰਡ ਆਇਆ ਕੰਮ ਮੁਕੰਮਲ ਕਰ ਦਿੱਤਾ ਜਾਵੇ।

## ਟੀਵੀ ਡਿਬੇਟ ਦੌਰਾਨ ਭਾਜਪਾ ਬੁਲਾਰੇ ਨੇ ਖਾਲਿਸਤਾਨੀਆਂ ਨੂੰ ਗੋਲੀ ਮਾਰਨ ਦੀ ਗੱਲ ਕਹਿ ਕੇ ਖੜ੍ਹਾ ਕੀਤਾ ਵਿਵਾਦ

**ਅੰਮ੍ਰਿਤਸਰ, 27 ਅਪ੍ਰੈਲ -ਕੌਮੀ ਪੱਤ੍ਰਿਕਾ ਬਿਊਰੋ-**



ਇੱਕ ਟੀਵੀ ਡਿਬੇਟ ਪ੍ਰੋਗਰਾਮ ਦੌਰਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜਨਰਲ ਸਕੱਤਰ ਪ੍ਰੋਫੈਸਰ ਮਹਿੰਦਰ ਪਾਲ ਸਿੰਘ ਨਾਲ ਗੱਲਬਾਤ ਕਰਦਿਆਂ ਭਾਜਪਾ ਦੇ ਬੁਲਾਰੇ ਰਮਨ ਮਲਿਕ ਵੱਲੋਂ ਖਾਲਿਸਤਾਨੀਆਂ ਨੂੰ ਗੋਲੀ ਮਾਰਨ ਸੰਬੰਧੀ ਦਿੱਤੇ ਗਏ ਬਿਆਨ 'ਤੇ ਵੱਡਾ ਵਿਵਾਦ ਖੜ੍ਹਾ ਹੋ ਗਿਆ ਹੈ। ਇਸ ਮਾਮਲੇ 'ਤੇ ਪ੍ਰਤੀਕਿਰਿਆ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਨੇ ਭਾਜਪਾ ਦੀ ਕੜੀ ਆਲੋਚਨਾ ਕੀਤੀ ਹੈ।ਇਮਾਨ ਸਿੰਘ ਮਾਨ ਨੇ ਕਿਹਾ ਕਿ ਕਿਸੇ ਵੀ ਰਾਜਨੀਤਿਕ ਪਾਰਟੀ ਦੇ ਬੁਲਾਰੇ ਵੱਲੋਂ ਇਸ ਤਰ੍ਹਾਂ ਦੇ ਬਿਆਨ ਦੇਣਾ ਲੋਕਤੰਤਰ ਅਤੇ ਕਾਨੂੰਨ ਦੀ ਹਕੂਮਤ ਦੇ ਖਿਲਾਫ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਭਾਜਪਾ ਪਹਿਲਾਂ ਵੀ ਅਜਿਹੀਆਂ ਨੀਤੀਆਂ ਅਤੇ ਕਾਰਵਾਈਆਂ ਨਾਲ ਜੁੜੀ ਰਹੀ ਹੈ ਅਤੇ ਵੱਖ-ਵੱਖ ਦੇਸ਼ਾਂ ਵਿੱਚ ਹੋਈਆਂ ਕੁਝ ਹੱਤਿਆਵਾਂ ਦੇ ਮਾਮਲਿਆਂ ਨੂੰ ਲੈ ਕੇ ਕੇਂਦਰ ਸਰਕਾਰ 'ਤੇ ਸ਼ੱਕ ਜਤਾਇਆ।

ਉਨ੍ਹਾਂ ਇਹ ਵੀ ਕਿਹਾ ਕਿ ਖਾਲਿਸਤਾਨ ਦੀ ਮੰਗ ਕਰਨ ਵਾਲੇ ਲੋਕਾਂ ਨੂੰ ਅਮਨ ਪਸੰਦ ਤਰੀਕੇ ਨਾਲ ਆਪਣੀ ਗੱਲ ਰੱਖਣ ਦਾ ਅਧਿਕਾਰ ਹੈ ਅਤੇ ਉਨ੍ਹਾਂ ਨੂੰ ਦਬਾਉਣ ਦੀ ਕੋਸ਼ਿਸ਼ ਨਹੀਂ ਕੀਤੀ ਜਾਣੀ ਚਾਹੀਦੀ। ਇਮਾਨ ਸਿੰਘ ਮਾਨ ਨੇ ਮੰਗ ਕੀਤੀ ਕਿ ਇਸ ਤਰ੍ਹਾਂ ਦੇ ਵਿਵਾਦਿਤ ਬਿਆਨਾਂ 'ਤੇ ਸੰਬੰਧਤ ਸਿੱਖਾਂ ਨੂੰ ਜਾਗਰੂਕ ਹੋ ਕੇ ਜਵਾਬ ਦੇਣਾ ਚਾਹੀਦਾ ਹੈ।

ਇਸ ਮਾਮਲੇ ਨੂੰ ਲੈ ਕੇ ਸਿਆਸੀ ਮਾਹੌਲ ਵਿੱਚ ਚਰਚਾ ਤੇਜ਼ ਹੋ ਗਈ ਹੈ ਅਤੇ ਵੱਖ-ਵੱਖ ਧਿਰਾਂ ਵੱਲੋਂ ਆਪਣੇ-ਆਪਣੇ ਸਟੈਂਡ ਸਾਹਮਣੇ ਆ ਰਹੇ ਹਨ।

ਉਹਨਾਂ ਨੇ ਕਿਹਾ ਕਿ ਬੀਜੇਪੀ ਪਹਿਲਾਂ ਹੀ ਭਾਰਤ ਵਿੱਚ ਅਤੇ ਭਾਰਤ ਤੋਂ ਬਾਹਰ ਸਿੱਖਾਂ ਦਾ ਸ਼ਿਕਾਰ ਖੇਡ ਰਹੀ ਹੈ। ਰਮਨ ਮਲਕ ਦੇ ਬਿਆਨ ਤੋਂ ਸਿੱਧ ਹੁੰਦਾ ਹੈ ਕਿ ਹਿੰਦੂ ਅੱਤਵਾਦ ਦਾ ਅਸਲੀ ਚਿਹਰਾ ਸਹਾਮਣੇ ਆਇਆ ਹੈ।

## ਕੈਬਨਿਟ ਮੰਤਰੀ ਨੇ ਸਤਲੁਜ ਕੰਢੇ ਚਲ ਰਹੇ ਪ੍ਰਾਜੈਕਟਾਂ ਦਾ ਲਿਆ ਜਾਇਜ਼ਾ

**ਸ੍ਰੀ ਆਨੰਦਪੁਰ ਸਾਹਿਬ, 27 ਅਪ੍ਰੈਲ -ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਲੋਧੀਪੁਰ, ਅਗੰਮਪੁਰ, ਹਰਸਾਬੇਲਾ ਅਤੇ ਅਜੋਲੀ ਖੇਤਰਾਂ ਦਾ ਦੌਰਾ ਕਰਕੇ ਚੱਲ ਰਹੇ ਹੜ੍ਹ-ਰੋਕੂ ਕੰਮਾਂ ਦਾ ਜਾਇਜ਼ਾ ਲਿਆ। ਉਨ੍ਹਾਂ ਸਤਲੁਜ ਦਰਿਆ ਦੇ ਕੰਢੇ ਹੋ ਰਹੇ ਕੰਮਾਂ ਦੀ ਪ੍ਰਗਤੀ ਬਾਰੇ ਅਧਿਕਾਰੀਆਂ ਤੋਂ ਵਿਸਥਾਰ ਨਾਲ ਜਾਣਕਾਰੀ ਪ੍ਰਾਪਤ ਕੀਤੀ ਅਤੇ ਕੰਮਾਂ ਨੂੰ ਸਮੇਂ ਸਿਰ ਪੂਰਾ ਕਰਨ ਦੇ ਨਿਰਦੇਸ਼ ਦਿੱਤੇ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਪਿੰਡ ਲੋਧੀਪੁਰ, ਜੋ ਸਤਲੁਜ ਦਰਿਆ ਦੇ ਖੱਬੇ ਕੰਢੇ ਤੇ ਸਥਿਤ ਹੈ। ਭਵਿੱਖ ਵਿੱਚ ਦਰਿਆ ਦੇ ਕੰਢਿਆਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਸਾਲ 2026 ਵਿੱਚ ਲੋਧੀਪੁਰ ਹੜ੍ਹ ਸੁਰੱਖਿਆ ਪ੍ਰੋਜੈਕਟ ਤਹਿਤ ਕੁੱਲ 1700 ਫੁੱਟ ਲੰਬਾਈ ਵਿੱਚ ਕੰਮ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਚਰਨ ਗੰਗਾ ਨਦੀ ਉੱਤੇ 300 ਫੁੱਟ ਦੀ ਪੁਨਰ ਨਿਰਮਾਣ ਅਤੇ ਸਤਲੁਜ ਦਰਿਆ ਉੱਤੇ 1400 ਫੁੱਟ ਰਿਵੇਟਮੈਂਟ ਨਾਲ ਨਾਲ 13 ਸਟੱਡ ਬਣਾਉਣ ਦਾ ਕੰਮ ਸ਼ਾਮਲ ਹੈ। ਇਸ ਪ੍ਰੋਜੈਕਟ ਦੀ ਕੁੱਲ ਲਾਗਤ ਲਗਭਗ 4.62 ਕਰੋੜ ਰੁਪਏ ਹੈ ਅਤੇ ਇਸ ਨਾਲ ਪਿੰਡ ਲੋਧੀਪੁਰ ਅਤੇ ਬੁਰਜ ਸਮੇਤ ਨਜ਼ਦੀਕੀ ਖੇਤਰਾਂ ਨੂੰ ਹੜ੍ਹਾਂ ਤੋਂ ਬਚਾਅ ਮਿਲੇਗਾ ਅਤੇ ਖੇਤੀਬਾੜੀ ਜ਼ਮੀਨਾਂ ਦੀ ਸੁਰੱਖਿਆ ਨੂੰ ਮਜ਼ਬੂਤੀ ਪ੍ਰਦਾਨ ਕੀਤੀ ਜਾਵੇਗੀਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਅਗੰਮਪੁਰ ਦਾ ਪੁਲ ਬਹੁਤ ਹੀ ਮਹੱਤਵਪੂਰਨ ਹੈ ਕਿਉਂਕਿ ਇਹ ਮਾਲਵਾ/ਪੁਆਧ ਖੇਤਰਾਂ ਨੂੰ ਦੋਆਬਾ ਅਤੇ ਮਾਝੇ ਨਾਲ ਜੋੜਦਾ ਹੈ। ਇਸ ਤੋਂ ਇਲਾਵਾ ਇਹ ਪੁਲ ਧਾਰਮਿਕ ਪੱਖੋਂ ਵੀ ਅਹਿਮ ਹੈ ਕਿਉਂਕਿ ਇਹ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੂੰ ਸ੍ਰੀ ਅਕਾਲ ਤਖਤ ਸਾਹਿਬ ਨਾਲ ਜੋੜਦਾ ਹੈ। ਇਸ ਕਾਰਨ ਇਹ ਸੂਬੇ ਦੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਗਹਿਰਾ ਸਬੰਧ ਰੱਖਦਾ ਹੈ। ਉਨ੍ਹਾਂ ਨੇ ਯਾਦ ਕਰਵਾਇਆ ਕਿ ਸਾਲ 2025 ਦੌਰਾਨ ਅਗੰਮਪੁਰ ਪੁਲ ਨੂੰ ਭਾਰੀ ਖਤਰਾ ਪੈਦਾ ਹੋ ਗਿਆ ਸੀ, ਪਰ ਸਰਕਾਰ ਵੱਲੋਂ ਤੁਰੰਤ ਕੀਤੀਆਂ ਕਾਰਵਾਈਆਂ ਨਾਲ ਇਸਨੂੰ ਸੁਰੱਖਿਅਤ ਰੱਖਿਆ ਗਿਆ। ਇਸ ਤਜਰਬੇ ਤੋਂ ਸਿੱਖ ਲੈਂਦਿਆਂ ਹੁਣ ਪੁਲ ਦੇ ਆਲੇ-ਦੁਆਲੇ ਵਿਸ਼ਾਲ ਪੱਧਰ 'ਤੇ ਹੜ੍ਹ-ਰੋਕੂ ਕੰਮ ਕਰਵਾਏ ਜਾ ਰਹੇ ਹਨ ਤਾਂ ਜੋ ਭਵਿੱਖ ਵਿੱਚ ਕਿਸੇ ਵੀ ਨੁਕਸਾਨ ਤੋਂ ਬਚਾਅ ਕੀਤਾ ਜਾ ਸਕੇ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਸਾਲ ਕੁੱਲ 6570 ਫੁੱਟ (ਤਕਰੀਬਨ 2 ਕਿ.ਮੀ.) ਲੰਬਾਈ ਵਿੱਚ ਹੜ੍ਹ-ਰੋਕੂ ਕੰਮ ਕਰਵਾਏ ਜਾ ਰਹੇ ਹਨ, ਜਿਨ੍ਹਾਂ 'ਤੇ ਤਕਰੀਬਨ 19.72 ਕਰੋੜ ਰੁਪਏ ਖਰਚ ਹੋ ਰਹੇ ਹਨ। ਅਗੰਮਪੁਰ ਸਲਾਈਸ-ਵਨ ਅਤੇ ਪੁਲ ਦੇ ਉਪਰਲੇ ਹਿੱਸੇ ਵਿੱਚ 3920 ਫੁੱਟ ਲੰਬਾਈ ਵਿੱਚ 12.05 ਕਰੋੜ ਰੁਪਏ ਦੀ ਲਾਗਤ ਨਾਲ ਕੰਮ ਜਾਰੀ ਹੈ, ਜਿਸ ਵਿੱਚ 3280 ਫੁੱਟ ਰਿਵੈਟਮੈਂਟ ਅਤੇ 31 ਸਟੱਡਸ ਦੀ ਉਸਾਰੀ ਸ਼ਾਮਲ ਹੈ। ਇਸ ਨਾਲ ਅਗੰਮਪੁਰ ਅਤੇ ਕਰੈਸ਼ਰ ਜੋਨ ਖੇਤਰ ਨੂੰ ਵੱਡਾ ਲਾਭ ਮਿਲੇਗਾ।

ਇਸੇ ਤਰ੍ਹਾਂ ਉਨ੍ਹਾਂ ਦੱਸਿਆ ਕਿ ਹਰਸਾਬੇਲਾ ਵਿਖੇ 2650 ਫੁੱਟ ਲੰਬਾਈ ਵਿੱਚ 7.67 ਕਰੋੜ ਰੁਪਏ ਦੀ ਲਾਗਤ ਨਾਲ ਹੜ੍ਹ-ਰੋਕੂ ਕੰਮ ਕੀਤੇ ਜਾ ਰਹੇ ਹਨ, ਜਿਸ ਵਿੱਚ 2300 ਫੁੱਟ ਰਿਵੈਟਮੈਂਟ ਅਤੇ 23 ਸਟੱਡਸ ਦੀ ਉਸਾਰੀ ਸ਼ਾਮਲ ਹੈ। ਮੰਤਰੀ ਨੇ ਦੁਹਰਾਇਆ ਕਿ ਸਰਕਾਰ ਵੱਲੋਂ ਹੜ੍ਹਾਂ ਤੋਂ ਬਚਾਅ ਲਈ ਪੂਰੀ ਵਚਨਬੱਧਤਾ ਨਾਲ ਕੰਮ ਕੀਤਾ ਜਾ ਰਿਹਾ ਹੈ ਅਤੇ ਸਾਰੇ ਪ੍ਰੋਜੈਕਟ ਉੱਚ ਗੁਣਵੱਤਾ ਨਾਲ ਸਮੇਂ ਸਿਰ ਪੂਰੇ ਕੀਤੇ ਜਾਣਗੇ।ਕੈਬਨਿਟ ਮੰਤਰੀ ਨੇ ਦੱਸਿਆ ਕਿ ਹੜ੍ਹ ਸੁਰੱਖਿਆ ਦੇ ਤਹਿਤ ਅਜੌਲੀ ਵਿਖੇ 1500 ਫੁੱਟ ਰਿਵੈਟਮੈਂਟ ਅਤੇ 14 ਨੰਬਰ ਸਟੱਡ ਬਣਾਉਣ ਦਾ ਕੰਮ ਮਨਜ਼ੂਰ ਕੀਤਾ ਗਿਆ ਹੈ, ਜਿਸ 'ਤੇ ਤਕਰੀਬਨ 3.45 ਕਰੋੜ ਰੁਪਏ ਦੀ ਲਾਗਤ ਆਏਗੀ। ਇਹ ਪ੍ਰੋਜੈਕਟ ਸਤਲੁਜ ਦਰਿਆ ਦੇ ਵਹਾਅ ਨੂੰ ਕਾਬੂ ਕਰਨ ਅਤੇ ਭਵਿੱਖ ਵਿੱਚ ਹੜ੍ਹਾਂ ਤੋਂ ਹੋਣ ਵਾਲੇ ਨੁਕਸਾਨ ਨੂੰ ਘਟਾਉਣ ਲਈ ਮਹੱਤਵਪੂਰਨ ਕਦਮ ਸਾਬਤ ਹੋਵੇਗਾ, ਜਿਸ ਨਾਲ ਅਜੌਲੀ, ਦਬਖੇੜਾ ਅਤੇ ਕਲਿੱਤਰਾ ਪਿੰਡਾਂ ਦੇ ਵਸਨੀਕਾਂ ਅਤੇ ਖੇਤੀਬਾੜੀ ਜ਼ਮੀਨ ਨੂੰ ਵੱਡੀ ਰਾਹਤ ਮਿਲੇਗੀ।

ਮੰਤਰੀ ਗੋਇਲ ਨੇ ਦੱਸਿਆ ਕਿ ਨਜ਼ਾਇਜ਼ ਮਾਇਨਿੰਗ ਰੋਕਣ ਲਈ ਵੀ ਮਾਡਰਨੀਜੇਸ਼ਨ ਤਹਿਤ ਸਖ਼ਤ ਐਕਸ਼ਨ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ 132 ਪੁਆਇੰਟਾਂ ਤੇ ਕੰਮ ਚੱਲ ਰਿਹਾ ਹੈ ਤੇ ਇਹ 30 ਮਈ ਤੱਕ ਮੁਕੰਮਲ ਹੋ ਜਾਵੇਗਾ। ਉਨ੍ਹਾਂ ਦੱਸਿਆ ਕਿ ਸਾਡੇ ਵਲੋਂ ਲੋਕਾਂ ਦੀ ਭਲਾਈ ਲਈ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਿਰੰਤਰ ਕੰਮ ਕੀਤਾ ਜਾ ਰਿਹਾ ਹੈ।

ਇਸ ਮੌਕੇ ਐਸ.ਡੀ.ਐਮ ਸੁਖਪਾਲ ਸਿੰਘ ਸ੍ਰੀ ਅਨੰਦਪੁਰ ਸਾਹਿਬ, ਡੀਐੱਸਪੀ ਜਸ਼ਨਦੀਪ ਸਿੰਘ, ਚੇਅਰਮੈਨ ਕਮਿੱਕਰ ਸਿੰਘ ਡਾਢੀ, ਚੇਅਰਮੈਨ ਗੁਰਪ੍ਰੀਤ ਸਿੰਘ ਅਰੋੜਾ, ਰਮਨਦੀਪ ਸਿੰਘ ਬੈਂਸ ਸੁ. ਇੰਜੀਨਿਅਰ, ਸੰਦੀਪ ਸਿੰਘ ਮੰਗਤ ਕਾਰਜਕਾਰੀ ਇੰਜੀਨਿਅਰ, ਵਰੁਣ ਐਸ.ਡੀ.ਓ ਰੂਪਨਗਰ ਡਰੇਨੇਜ ਸਬ ਡਵੀਜਨ, ਨਿਸ਼ਾਤ ਗਰਗ ਐਸ.ਡੀ.ਓ ਸ੍ਰੀ ਚਮਕੌਰ ਸਾਹਿਬ ਡਰੇਨੇਜ, ਭਾਵੁਕ ਸ਼ਰਮਾ ਕਾਰਜਕਾਰੀ ਇੰਜੀਨਿਅਰ ਸ੍ਰੀ ਅਨੰਦਪੁਰ ਸਾਹਿਬ, ਨਰਿੰਦਰ ਕੁਮਾਰ ਐਸ.ਡੀ.ਓ ਨੰਗਲ, ਦਿਨੇਸ਼ ਗੁਪਤਾ ਐਸ.ਡੀ.ਓ ਸ੍ਰੀ ਅਨੰਦਪੁਰ ਸਾਹਿਬ, ਗੁਰਜੀਤ ਸਿੰਘ ਐਸ.ਡੀ.ਓ ਨੂਰਪੁਰ ਬੇਦੀ ਤੇ ਅਧਿਕਾਰੀ ਹਾਜ਼ਰ ਸਨ।

## ਵਿਧਾਇਕ ਸ਼ੈਰੀ ਕਲਸੀ ਨੇ ਸੜਕ ਦਾ ਨੀਂਹ ਪੱਥਰ ਰੱਖਿਆ

**ਬਟਾਲਾ, 27 ਅਪ੍ਰੈਲ -ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਸਰਕਾਰ ਵਲੋਂ ਸੂਬੇ ਅੰਦਰ ਚਹੁਪੱਖੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਸਦੇ ਚੱਲਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਪਿੰਡ ਰਜਾਦਾ ਤਤਲਾ ਰੋਡ ਤੋਂ ਗੁਰਦੁਆਰਾ ਸਾਹਿਬ ਠੰਡੀ ਖੂਹੀ ਸੜਕ ਦਾ ਨੀਂਹ ਪੱਥਰ ਪਿੰਡ ਵਾਸੀਆਂ ਦੀ ਮੌਜੂਦਗੀ ਵਿੱਚ ਰੱਖਿਆ।

ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਬਟਾਲਾ ਵਿਧਾਨ ਸਭਾ ਹਲਕੇ ਨੂੰ ਵਿਕਾਸ ਪੱਖੋਂ ਮੋਹਰੀ ਹਲਕਾ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਉਹ ਇਸ ਕੰਮ ਲਈ ਦਿਨ ਰਾਤ ਲੱਗੇ ਹੋਏ ਹਨ।ਉਨਾਂ ਨੇ ਕਿਹਾ ਕਿ ਵਿਧਾਨ ਸਭਾ ਹਲਕੇ ਅੰਦਰ ਸਾਫ ਸੁਥਰੀਆਂ ਲਿੰਕ ਸੜਕਾਂ ਦਾ ਜਾਲ ਵਿਛਾਉਣ ਦਾ ਕੰਮ ਤੇਜੀ ਨਾਲ ਚੱਲ ਰਿਹਾ ਹੈ, ਜੋ ਆਉਂਦੇ ਦਿਨਾਂ ਅੰਦਰ ਮੁਕੰਮਲ ਹੋ ਕੇ ਹਲਕੇ ਦੇ ਲੋਕਾਂ ਨੂੰ ਆਵਾਜਾਈ ਲਈ ਬਿਹਤਰ ਸਹੂਲਤਾਂ ਪ੍ਰਦਾਨ ਹੋਣਗੀਆਂ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪਿੰਡਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਜਾ ਰਹੀ ਹੈ ਅਤੇ ਨਵੀਆਂ ਚੁਣੀਆਂ ਪੰਚਾਇਤਾਂ ਰਾਹੀਂ ਪਿੰਡਾਂ ਵਿੱਚ ਪਾਰਦਰਸ਼ੀ ਢੰਗ ਨਾਲ ਕੰਮ ਕਰਵਾਏ ਜਾ ਰਹੇ ਹਨ। ਪਿੰਡਾਂ ਵਿੱਚ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਮੰਤਵ ਨਾਲ ਖੇਡ ਮੈਦਾਨ ਬਣਾਏ ਗਏ ਹਨ।

## ਵਿਧਾਇਕ ਜਿੰਪਾ ਨੇ ਵਾਰਡ ਨੰਬਰ 18 'ਚ 39.67 ਲੱਖ ਰੁਪਏ ਦੀ ਲਾਗਤ ਨਾਲ ਬਣੀ ਸੜਕ ਦਾ ਕੀਤਾ ਉਦਘਾਟਨ

**ਹੁਸ਼ਿਆਰਪੁਰ, 27 ਅਪ੍ਰੈਲ -ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਸਰਕਾਰ ਵੱਲੋਂ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਤੇਜ਼ੀ ਦਿੰਦੇ ਹੋਏ ਅੱਜ ਵਾਰਡ ਨੰਬਰ 18 ਵਿੱਚ ਇੱਕ ਮਹੱਤਵਪੂਰਨ ਸੜਕ ਪ੍ਰੋਜੈਕਟ ਲੋਕਾਂ ਨੂੰ ਸਮਰਪਿਤ ਕੀਤਾ ਗਿਆ। ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਪੁਰਹੀਰਾ ਚੌਕ ਤੋਂ ਗੁਰਦੁਆਰਾ ਸ੍ਰੀ ਜਾਹਰ ਜਹੂਰ ਸਾਹਿਬ ਨੂੰ ਜਾਣ ਵਾਲੀ ਨਵੀਂ ਸੜਕ ਦਾ ਉਦਘਾਟਨ ਕੀਤਾ। ਇਸ ਸੜਕ ਦਾ ਨਿਰਮਾਣ ਲਗਭਗ 39 ਲੱਖ 67 ਹਜ਼ਾਰ ਰੁਪਏ ਦੀ ਲਾਗਤ ਨਾਲ ਕੀਤਾ ਗਿਆ ਹੈ, ਜਿਸ ਨਾਲ ਇਲਾਕੇ ਦੇ ਵਸਨੀਕਾਂ ਨੂੰ ਬਿਹਤਰ ਆਵਾਜਾਈ ਸਹੂਲਤ ਪ੍ਰਾਪਤ ਹੋਵੇਗੀ। ਇਸ ਮੌਕੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਸ਼ਹਿਰ ਦੇ ਹਰ ਵਾਰਡ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਵਾਰਡ ਨੰਬਰ 18 ਦੇ ਨਿਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ, ਕਿਉਂਕਿ ਲੰਮੇ ਸਮੇਂ ਤੋਂ ਇਲਾਕੇ ਦੇ ਲੋਕ ਬਿਹਤਰ ਸੜਕ ਦੀ ਮੰਗ ਕਰ ਰਹੇ ਸਨ। ਹੁਣ ਇਸ ਸੜਕ ਦੇ ਤਿਆਰ ਹੋਣ ਨਾਲ ਗੁਰਦੁਆਰਾ ਸ੍ਰੀ ਜਾਹਰ ਜਹੂਰ ਸਾਹਿਬ ਜਾਣ ਵਾਲੇ ਸ਼ਰਧਾਲੂਆਂ ਅਤੇ ਸਥਾਨਕ ਵਸਨੀਕਾਂ ਨੂੰ ਸੁਗਮ ਆਵਾਜਾਈ ਦਾ ਲਾਭ ਮਿਲੇਗਾ। ਵਿਧਾਇਕ ਜਿੰਪਾ ਨੇ ਕਿਹਾ ਕਿ ਰਾਜ ਸਰਕਾਰ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਲਾਕੇ ਦੇ ਵਿਕਾਸ ਲਈ ਅਜਿਹੇ ਕੰਮ ਜਾਰੀ ਰਹਿਣਗੇ। ਉਨ੍ਹਾਂ ਨੇ ਸਥਾਨਕ ਲੋਕਾਂ ਨੂੰ ਵਿਕਾਸ ਕਾਰਜਾਂ ਵਿੱਚ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਭਰੋਸਾ ਦਿਵਾਇਆ ਕਿ ਸ਼ਹਿਰ ਦੇ ਸਾਰੇ ਵਾਰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਵੀ ਬਿਹਤਰ ਬਣਾਇਆ ਜਾਵੇਗਾ ਉਦਘਾਟਨ ਸਮਾਗਮ ਦੌਰਾਨ ਮੇਅਰ ਸੁਰਿੰਦਰ ਕੁਮਾਰ, ਕੁਸ਼ ਸ਼ਾਰਦਾ, ਹਰਪਾਲ ਸਿੰਘ ਪਾਲਾ, ਹਰਭਜਨ ਸਿੰਘ ਮਾਸਟਰ, ਸਤਵੰਤ ਸਿੰਘ ਸਿਆਣ, ਸੋਨੂ ਸਮੇਤ ਹੋਰ ਪਤਵੰਤੇ ਵਿਅਕਤੀ ਮੌਜੂਦ ਸਨ।

# ਸਿਹਤ ਹੈ ਅਸਲੀ ਖ਼ਜ਼ਾਨਾ...



# ਸਮਾਰਟ ਲੈਂਜ਼



ਯੂਨੀਵਰਸਿਟੀ ਆਫ਼ ਓਟਾਹ ਇਕ ਖ਼ਾਸ ਕਿਸਮ ਦੇ ਗਲਾਸਿਸ 'ਤੇ ਕੰਮ ਕਰ ਰਹੀ ਹੈ, ਜਿਸ ਵਿਚ ਤਰਲ ਕਿਸਮ ਦੇ ਲੈਂਜ਼ਿਜ਼ ਦੀ ਵਰਤੋਂ ਕੀਤੀ ਗਈ ਹੈ। ਇਹ ਲੈਂਜ਼ ਆਪਣੇ ਆਪ ਤੁਹਾਡੇ ਵੱਲੋਂ ਦੇਖੀ ਜਾ ਰਹੀ ਚੀਜ਼ 'ਤੇ ਫੋਕਸ ਕਰ ਸਕਦੇ ਹਨ। ਭਾਵ ਤੁਸੀਂ ਦੂਰ ਤੋਂ ਦੇਖ ਰਹੇ ਹੋ ਜਾਂ ਨੇੜੇ ਤੋਂ, ਇਸ ਨਾਲ ਬਿਨਾਂ ਐਨਕ ਉਤਾਰੇ ਤੁਸੀਂ ਦੋਵੇਂ ਸਥਿਤੀਆਂ 'ਚ ਚੀਜ਼ 'ਤੇ ਫੋਕਸ ਕਰ ਸਕੋਗੇ ਤੇ ਆਸਾਨੀ ਨਾਲ ਦੇਖ ਸਕੋਗੇ। ਜ਼ਿਆਦਾਤਰ ਲੋਕਾਂ ਨੂੰ ਅੱਖਰ ਪੜ੍ਹਨ ਸਮੇਂ ਚਸ਼ਮੇ ਨੂੰ ਵਾਰ-ਵਾਰ ਲਾਹੁਣਾ ਤੇ ਲਗਾਉਣਾ ਪੈਂਦਾ ਹੈ। ਇਸ ਨਵੇਂ ਗਲਾਸ ਨਾਲ ਅਜਿਹਾ ਕਰਨ ਦੀ ਲੋੜ ਨਹੀਂ ਹੋਵੇਗੀ। ਇਹ ਚਸ਼ਮਾ ਇਕ ਵਾਰ ਲਗਾਉਣ 'ਤੇ ਇਹ ਤੁਹਾਡੀ ਨਜ਼ਰ ਮੁਤਾਬਿਕ ਅੱਖਰਾਂ 'ਤੇ ਆਪਣੇ ਆਪ ਫੋਕਸ ਕਰ ਕੇ ਸਪਸ਼ਟ ਰੂਪ ਨਾਲ ਦਿਖਾਏਗਾ। ਮਨੁੱਖੀ ਅੱਖ ਵਿਚ ਇਕ ਲੈਂਜ਼ ਹੁੰਦਾ ਹੈ ਜੋ ਤੁਹਾਡੇ ਵੱਲੋਂ ਦੇਖੀ ਜਾ ਰਹੀ ਚੀਜ਼ ਦੀ ਦੂਰੀ ਨੂੰ ਆਪਣੇ ਆਪ ਅਡਜਸਟ ਕਰ ਲੈਂਦਾ ਹੈ।

ਉਮਰ ਦੇ ਹਿਸਾਬ ਨਾਲ ਨਜ਼ਰ ਵਿਚ ਫਰਕ ਪੈਂਦਾ ਰਹਿੰਦਾ ਹੈ ਜਿਸ ਨਾਲ ਮਨੁੱਖ ਨੂੰ ਉਸੇ ਅਨੁਸਾਰ ਚਸ਼ਮੇ ਦੇ ਲੈਂਜ਼ ਬਦਲਣੇ ਪੈਂਦੇ ਹਨ। ਇਹ ਖ਼ਾਸ ਲੈਂਜ਼ ਗਲਿਸਰੀਨ ਨਾਲ ਬਣਾਇਆ ਗਿਆ ਹੈ ਜਿਸ ਨੂੰ ਦੋ ਲਚਕੀਲੀਆਂ ਝਿੱਲੀਆਂ ਵਿਚਕਾਰ ਇਕ ਸੈਂਡਵਿਚ ਵਾਂਗ ਰੱਖਿਆ ਜਾਂਦਾ ਹੈ ਤੇ ਫਿਰ ਇਸ ਸੈਂਡਵਿਚ ਨੂੰ ਇਲੈਕਟ੍ਰੋਮਕੈਨੀਕਲ ਫਰੇਮ 'ਤੇ ਲਗਾ ਜਾਂਦਾ ਹੈ। ਇਹ ਝਿੱਲੀਆਂ ਫੋਕਸ ਕਰਨ ਲਈ ਮੁੜ ਜਾਂਦੀਆਂ ਹਨ ਜਿਸ ਨਾਲ ਇਹ ਕਿਸੇ ਵੀ ਚੀਜ਼ 'ਤੇ ਆਪਣੇ ਆਪ ਫੋਕਸ ਕਰ ਸਕਦੀਆਂ ਹਨ।

• ਮਨਪ੍ਰੀਤ ਕੌਰ ਵਿਰਦੀ

# ਮੋਟਾਪਾ ਘਟਾਉਂਦਾ ਹੈ ਕਾਲਾ ਨਮਕ



ਸਿਹਤਮੰਦ ਜ਼ਿੰਦਗੀ ਦੇ ਰਾਜ਼ ਸਾਡੇ ਖਾਣ-ਪੀਣ 'ਚ ਲੁਕੇ ਹੁੰਦੇ ਹਨ। ਕਈ ਵਾਰ ਬਹੁਤ ਸਾਧਾਰਨ ਚੀਜ਼ਾਂ ਸਾਡੀ ਸਿਹਤ ਦੀਆਂ ਚੰਗੀਆਂ ਦੋਸਤ ਹੁੰਦੀਆਂ ਹਨ ਪਰ ਸਾਨੂੰ ਉਹਨਾਂ ਬਾਰੇ ਜ਼ਿਆਦਾ ਪਤਾ ਨਹੀਂ ਹੁੰਦਾ। ਅਜਿਹਾ ਹੀ ਇਕ ਦੋਸਤ ਹੈ ਕਾਲੇ ਨਮਕ ਦਾ ਪਾਣੀ। ਰੋਜ਼ਾਨਾ ਸਵੇਰੇ ਕਾਲੇ ਨਮਕ ਦਾ ਪਾਣੀ ਪੀਣ ਨਾਲ ਕਈ ਸਰੀਰਕ ਸਮੱਸਿਆਵਾਂ ਦੂਰ ਹੁੰਦੀਆਂ ਹਨ। ਸਭ ਤੋਂ ਵੱਡਾ ਲਾਭ ਇਹ ਹੈ ਕਿ ਰੋਜ਼ਾਨਾ ਸਵੇਰੇ ਇਹ ਪਾਣੀ ਪੀਣ ਨਾਲ ਤੇਜ਼ੀ ਨਾਲ ਮੋਟਾਪਾ ਘੱਟ ਹੁੰਦਾ ਹੈ। ਇਸ ਤੋਂ ਇਲਾਵਾ ਵੀ ਇਸ ਪਾਣੀ ਦੇ ਬਹੁਤ ਸਾਰੇ ਲਾਭ ਹਨ।

### ਐਂਟੀਬੈਕਟੀਰੀਅਲ

ਕਾਲੇ ਨਮਕ ਦੇ ਪਾਣੀ ਵਿਚ ਲਾਭਦਾਇਕ ਮਿਨਰਲ ਹੋਣ ਕਾਰਨ ਇਹ ਵਧੀਆ ਐਂਟੀਬੈਕਟੀਰੀਅਲ ਦਾ ਕੰਮ ਕਰਦਾ ਹੈ। ਇਹ ਪਾਣੀ ਸਰੀਰ ਨੂੰ ਕਈ ਰੋਗਾਂ ਤੋਂ ਸੁਰੱਖਿਅਤ ਰੱਖਦਾ ਹੈ।

### ਮੋਟਾਪਾ ਹੋਵੇ ਘੱਟ

ਕਾਲੇ ਨਮਕ ਦਾ ਪਾਣੀ ਹਾਜ਼ਮਾ ਠੀਕ ਕਰਕੇ ਵਾਧੂ ਚਰਬੀ ਘਟਾਉਂਦਾ ਹੈ ਜਿਸ ਨਾਲ ਮੋਟਾਪਾ ਤੇਜ਼ੀ ਨਾਲ ਘਟਦਾ ਹੈ। ਇਹ ਪਾਣੀ ਪੇਟ ਵਿਚਲੇ ਕੁਦਰਤੀ ਸਾਲਟ, ਹਾਈਡ੍ਰੋਕਲੋਰਿਕ, ਐਸਿਡ ਅਤੇ ਪ੍ਰੋਟੀਨ ਨੂੰ ਪਚਾਉਣ ਵਾਲੇ ਐਂਜ਼ਾਈਮ ਨੂੰ ਸਰਗਰਮ ਕਰ ਕੇ ਹਾਜ਼ਮਾ ਬਣਾਉਂਦਾ ਹੈ।

### ਨੀਂਦ

ਕਾਲ਼ੇ ਨਮਕ ਦੇ ਪਾਣੀ ਵਿਚ ਮਿਨਰਲ ਕਾਰਟੀਸੋਲ ਅਤੇ ਐਡ੍ਰਨਲਾਈਨ ਵਰਗੇ ਸਟ੍ਰੈਸ ਹਾਰਮੋਨ ਨੂੰ ਘੱਟ ਕਰਦੇ ਹਨ ਜਿਸ ਨਾਲ ਨੀਂਦ ਕਾਫੀ ਚੰਗੀ ਆਉਂਦੀ ਹੈ।

### ਚਮਕਦਾਰ ਚਮੜੀ

ਕਾਲ਼ੇ ਨਮਕ ਦੇ ਪਾਣੀ ਵਿਚ ਮੌਜੂਦ ਕ੍ਰੋਮੀਅਮ ਅਤੇ ਸਲਫਰ ਚਮੜੀ ਨੂੰ ਸਾਫ ਅਤੇ ਕੋਮਲ ਬਣਾਉਂਦੇ ਹਨ। ਇਸ ਨਾਲ ਮੁਹਾਸਿਆਂ ਤੇ ਧੱਬਿਆਂ ਦੀ ਸਮੱਸਿਆ ਦੂਰ ਹੁੰਦੀ ਹੈ।

### ਗਲੇ ਦੀ ਖ਼ਰਾਸ਼

ਨਮਕ ਦੇ ਪਾਣੀ ਵਿਚ ਮੌਜੂਦ ਮਿਨਰਲ ਗਲੇ ਦੀ ਖ਼ਰਾਸ਼ ਦੂਰ ਕਰਦਾ ਹੈ। ਇਹ ਮਿਨਰਲ ਸਰੀਰ ਦੇ ਹਾਨੀਕਾਰਕ ਬੈਕਟੀਰੀਆ ਨੂੰ ਮਾਰਨ ਦਾ ਕੰਮ ਵੀ ਕਰਦੇ ਹਨ।

# ਸਮਾਰਟਫ਼ੋਨ ਆਦਤ ਬਣ ਰਹੀ ਹੈ ਰੋਗ



ਅਜੋਕੀ ਜੀਵਨਸ਼ੈਲੀ ਦੀ ਸਭ ਤੋਂ ਆਮ ਤੇ ਤਾਜ਼ਾ ਤਸਵੀਰ ਇਹ ਹੈ ਕਿ ਅੱਜ ਦੇ ਬੱਚੇ ਟੀਵੀ ਜਾਂ ਸਮਾਰਟਫੋਨ ਤੋਂ ਬਿਨਾ ਨਹੀਂ ਰਹਿ ਸਕਦੇ। ਦੁਨੀਆ ਵਿਚ ਤਕਨੀਕ ਦੀ ਆਦਤ ਇਸ ਹੱਦ ਤਕ ਵਧਦੀ ਜਾ ਰਹੀ ਹੈ ਕਿ ਹੁਣ 13 ਸਾਲ ਤਕ ਦੇ ਬੱਚਿਆਂ ਨੂੰ ਇਸ ਆਦਤ ਤੋਂ ਛੁਟਕਾਰਾ ਦਿਵਾਉਣ ਲਈ ਬਾਕਾਇਦਾ ਇਲਾਜ ਕਰਾਉਣਾ ਪੈ ਰਿਹਾ ਹੈ। ਅਮਰੀਕਾ ਵਿਚ ਇਕ ਅਜਿਹਾ ਇਲਾਜ ਕੇਂਦਰ ਸ਼ੁਰੂ ਵੀ ਹੋ ਗਿਆ ਹੈ ਕਿ ਜਿਸ ਵਿਚ ਸਮਾਰਟਫੋਨ ਅਤੇ ਵੀਡੀਓ ਗੇਮ ਦੀ ਹੱਦੋਂ ਵੱਧ ਵਰਤੋਂ ਕਰਨ ਵਾਲੇ ਬੱਚਿਆਂ ਦਾ ਇਲਾਜ ਕੀਤਾ ਜਾ ਰਿਹਾ ਹੈ। ਸਿਆਟਲ ਨੇੜੇ ਸਥਾਪਿਤ ਕੀਤਾ ਗਿਆ ਇਹ ਕੇਂਦਰ ਬੱਚਿਆਂ ਦੀ ਤਕਨੀਕੀ ਆਦਤ ਛੁਡਵਾਉਣ ਦਾ ਪਹਿਲਾ ਕੇਂਦਰ ਹੈ। ਇਸ ਸਬੰਧੀ ਕੀਤੇ ਗਏ ਅਧਿਐਨ ਵਿਚ ਪਾਇਆ ਗਿਆ ਹੈ ਕਿ ਤਕਨੀਕ ਦੀ ਅੰਤਹੀਣ ਕਾਲਪਨਿਕ ਦੁਨੀਆ ਦੇ ਰੋਮਾਂਚ ਵਿਚ ਸਾਡੇ ਨਿੱਜੀ ਅਤੇ ਪਰਿਵਾਰਕ ਰਿਸ਼ਤੇ ਵਿਗੜ ਰਹੇ ਹਨ।

ਕੇਂਦਰ ਦੇ ਸੰਸਥਾਪਕ ਡਾ. ਹਿਲਾਰੀ ਕੈਸ਼ ਮੁਤਾਬਕ 'ਜਦੋਂ ਅਸੀਂ ਅਜਿਹੇ ਡਿਵਾਈਸ ਬੱਚਿਆਂ ਨੂੰ ਦਿੰਦੇ ਹਾਂ ਤਾਂ ਉਹ ਡਿਵਾਈਸ ਤੋਂ ਨਿਕਲਣ ਵਾਲੀਆਂ ਆਵਾਜ਼ਾਂ ਅਤੇ ਰੋਸ਼ਨੀ ਪ੍ਰਤੀ ਕੁਦਰਤੀ ਆਵਾਜ਼ ਅਤੇ ਰੋਸ਼ਨੀ ਦੇ ਮੁਕਾਬਲੇ ਕਿਤੇ ਵੱਧ ਆਕਰਸ਼ਿਤ ਹੁੰਦੇ ਹਨ। ਇਸ ਕਾਰਨ ਬੱਚਿਆਂ ਵਿਚ ਕੁਦਰਤ ਅਤੇ ਸਮਾਜ ਨਾਲ ਜੁੜਨ ਦੀ ਸੁਭਾਵਿਕਤਾ ਖ਼ਤਮ ਹੋ ਜਾਂਦੀ ਹੈ।' ਤਕਨੀਕੀ ਆਦਤ ਦੇ ਸ਼ਿਕਾਰ ਹੋ ਚੁੱਕੇ ਬੱਚਿਆਂ ਦੇ ਇਲਾਜ ਵਿਚ ਇਕ ਸਾਲ ਤਕ ਦਾ ਸਮਾਂ ਲੱਗ ਰਿਹਾ ਹੈ।

ਭਾਰਤੀ ਬੱਚਿਆਂ ਵਿਚ ਵੀ ਵੱਧ ਰਹੀ ਤਕਨੀਕੀ ਆਦਤ ਨੂੰ ਦੇਖਦਿਆਂ ਲਗਦਾ ਹੈ ਕਿ ਇਥੇ ਵੀ ਅਜਿਹੇ ਕੇਂਦਰ ਸਥਾਪਿਤ ਕਰਨ ਦੀ ਲੋੜ ਜਲਦੀ ਹੀ ਪੈ ਜਾਵੇਗੀ।

### ਬਦਲ ਰਹੀ ਮਾਨਸਿਕਤਾ

ਪਿਛਲੇ ਕੁਝ ਸਾਲਾਂ ਵਿਚ ਬੱਚਿਆਂ ਦੀ ਪੂਰੀ ਮਾਨਸਿਕਤਾ ਬਦਲੀ ਹੈ। ਇਸ ਦਾ ਸਭ ਤੋਂ ਵੱਡਾ ਕਾਰਨ ਹੈ ਬੱਚਿਆਂ ਦੇ ਹੱਥ ਵਿਚ ਆ ਚੁੱਕੇ ਸਮਾਰਟਫੋਨ। ਹੌਲੀ-ਹੌਲੀ ਉਨ੍ਹਾਂ ਦੀਆਂ ਆਦਤਾਂ ਬਦਲ ਰਹੀਆਂ ਹਨ। ਬੱਚੇ ਵੱਡਿਆਂ ਵਾਂਗ ਗੱਲਾਂ ਕਰਦੇ ਹਨ ਤੇ ਵਿਹਾਰ ਵੀ।

ਬ੍ਰਿਟੇਨ ਵਿਚ ਹੋਈ ਇਕ ਸਟੱਡੀ ਮੁਤਾਬਕ 11 ਤੋਂ 12 ਸਾਲ ਦੇ 70 ਫ਼ੀਸਦੀ ਬੱਚੇ ਸਮਾਰਟਫੋਨ ਦੀ ਵਰਤੋਂ ਕਰਦੇ ਹਨ ਅਤੇ ਇਹ ਫ਼ੀਸਦੀ 90 ਤਕ ਪਹੁੰਚ ਜਾਂਦੀ ਹੈ ਜਦੋਂ 14 ਸਾਲ ਦੇ ਬੱਚਿਆਂ ਨੂੰ ਵੀ ਇਸ ਅਧਿਐਨ ਵਿਚ ਸ਼ਾਮਿਲ ਕਰ ਲਿਆ ਜਾਂਦਾ ਹੈ। ਦੂਜੇ ਪਾਸੇ ਜ਼ਿਆਦਾਤਰ ਬੱਚੇ ਦਿਨ ਵਿਚ ਘੱਟੋ ਘੱਟ 150 ਵਾਰ ਸਕ੍ਰੀਨ ਦੇਖਦੇ ਹਨ। ਇਸ ਕਾਰਨ ਬੱਚਿਆਂ ਦਾ ਬਾਗ਼-ਬਗ਼ੀਚੀ, ਆਊਟਡੋਰ ਖੇਡਾਂ ਅਤੇ ਖਿਡੌਣਿਆਂ ਨਾਲੋਂ ਰਿਸ਼ਤਾ ਟੁੱਟ ਗਿਆ ਹੈ। ਹੁਣ ਬੱਚੇ ਸਵੇਰੇ ਉਠਣ ਤੋਂ ਬਾਅਦ ਸਕੂਲ ਦੇ ਬਸਤੇ ਵਿਚ ਕਿਤਾਬਾਂ ਚੈੱਕ ਕਰਨ ਦੀ ਥਾਂ ਸਮਾਰਟਫੋਨ ਚੈੱਕ ਕਰਦੇ ਹਨ।

### ਹਾਵੀ ਹੁੰਦੀ ਤਕਨੀਕ

ਇਨ੍ਹਾਂ ਅੰਕੜਿਆਂ ਤੋਂ ਸਾਫ ਪਤਾ ਲਗਦਾ ਹੈ ਕਿ ਬੱਚਿਆਂ ਦੀ ਤਕਨੀਕ 'ਤੇ ਨਿਰਭਰਤਾ ਵਧਦੀ ਜਾ ਰਹੀ ਹੈ। ਜਿਨ੍ਹਾਂ ਬੱਚਿਆਂ ਕੋਲ ਆਪਣੇ ਸਮਾਰਟਫੋਨ ਨਹੀਂ ਹਨ, ਉਹ ਆਪਣੇ ਦੋਸਤਾਂ ਦੀ ਦੇਖਾ-ਦੇਖੀ ਆਪਣਾ ਮਾਪਿਆਂ ਤੋਂ ਸਮਾਰਟਫੋਨ ਮੰਗ ਰਹੇ ਹਨ।

### ਕਮਜ਼ੋਰ ਰਿਹਾ ਪਰਿਵਾਰਕ ਪਿਆਰ

ਸਮਾਰਟਫੋਨ ਅਤੇ ਇੰਟਰਨੈਟ ਨੇ ਬੱਚਿਆਂ ਦੀ ਕਮਿਊਨੀਕੇਸ਼ਨ ਸਕਿੱਲ ਅਤੇ ਭਾਵਨਾਤਮਕ ਵਿਕਾਸ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਸਮਾਰਟਫੋਨ ਦੀ ਵਰਤੋਂ ਨਾਲ ਬੱਚੇ ਆਧੁਨਿਕ ਅਤੇ ਸਮਾਰਟ ਤਾਂ ਬਣ ਹੀ ਰਹੇ ਹਨ ਸਗੋਂ ਮਾਪਿਆਂ ਨਾਲ ਉਨ੍ਹਾਂ ਦਾ ਸਬੰਧ ਵੀ ਘੱਟ ਹੋ ਰਿਹਾ ਹੈ।

### ਰੇਡੀਏਸ਼ਨ ਦਾ ਦਿਮਾਗ਼ 'ਤੇ ਪ੍ਰਭਾਵ

ਸਮਾਰਟਫੋਨ 'ਚੋਂ ਨਿਕਲਣ ਵਾਲਾ ਰੇਡੀਏਸ਼ਨ ਸਰੀਰ ਲਈ ਬੇਹੱਦ ਨੁਕਸਾਨਦੇਹ ਹੈ। ਇਸ ਦਾ ਸਭ ਤੋਂ ਵੱਧ ਅਸਰ ਦਿਮਾਗ਼ 'ਤੇ ਪੈਂਦਾ ਹੈ ਪਰ ਮਾਪਿਆਂ ਦਾ ਮੰਨਣਾ ਹੈ ਕਿ ਇਸ ਤਕਨੀਕ ਜ਼ਰੀਏ ਉਨ੍ਹਾਂ ਨੂੰ ਬੱਚਿਆਂ ਦੀ ਸੁਰੱਖਿਆ ਪ੍ਰਤੀ ਕੁਝ ਤਸੱਲੀ ਮਿਲੀ ਹੈ ਪਰ ਕਿਤੇ ਇਹ ਤਸੱਲੀ ਉਨ੍ਹਾਂ ਨੂੰ ਬੱਚਿਆਂ ਤੋਂ ਦੂਰ ਲਿਜਾ ਰਹੀ ਹੈ।

### ਗੱਲਬਾਤ 'ਚ ਭਾਵਨਾਵਾਂ ਦੀ ਕਮੀ

ਅਧਿਐਨ ਮੁਤਾਬਕ ਬੱਚੇ ਸਭ ਤੋਂ ਜ਼ਿਆਦਾ ਸਿੱਧੀ ਵਾਰਤਾਲਾਪ ਤੋਂ ਸਿੱਖਦੇ ਹਨ। ਪਰ ਜਦੋਂ ਮਾਪਿਆਂ ਨਾਲ ਹੀ ਇਹ ਰਾਬਤਾ ਨਾ ਰਹੇ ਤਾਂ ਬੱਚੇ ਕਿਵੇਂ ਸਿੱਖ ਸਕਦੇ ਹਨ? ਜਿੱਥੇ ਬੱਚਿਆਂ ਦੀ ਸਿਹਤ ਪ੍ਰਭਾਵਿਤ ਹੋ ਰਹੀ ਹੈ, ਉਥੇ ਖ਼ੁਸ਼ਹਾਲ ਸਮਾਜ ਦੀ ਨੀਂਹ ਵੀ ਖੋਖਲੀ ਹੋ ਰਹੀ ਹੈ।

# ਲੂ ਲੱਗਣ ਤੋਂ ਬਚਾਅ ਲਈ ਗਰਮੀਆਂ 'ਚ ਪੀਓ ਵੱਧ ਪਾਣੀ



ਸਖ਼ਤ ਗਰਮੀ ਸ਼ੁਰੂ ਹੋ ਚੁੱਕੀ ਹੈ। ਇਹਨਾਂ ਮਹੀਨਿਆਂ ਦੌਰਾਨ ਲੂਆਂ ਵੀ ਬਹੁਤ ਵਗਦੀਆਂ ਹਨ। ਸਖ਼ਤ ਗਰਮੀ ਦੇ ਇਨ੍ਹਾਂ ਦਿਨਾਂ ਵਿਚ ਜ਼ਿਆਦਾ ਮਿਹਨਤ ਮੁਸ਼ੱਕਤ ਕਰਨ ਜਾਂ ਸਾਡੀ ਥੋੜ੍ਹੀ ਜਿਹੀ ਲਾਪਰਵਾਹੀ ਨਾਲ ਹੀਟ ਰਿਲੇਟਿਡ ਇੱਲਨੈੱਸ ਭਾਵ ਗਰਮੀ ਦੀ ਥਕਾਵਟ ਜਾਂ ਲੂ ਦਾ ਸ਼ਿਕਾਰ (ਹੀਟ ਸਟ੍ਰੋਕ) ਹੋਣ ਦੀਆਂ ਘਟਨਾਵਾਂ ਅਕਸਰ ਹੀ ਵਾਪਰ ਜਾਂਦੀਆਂ ਹਨ। ਇਹਨਾਂ ਗੰਭੀਰ ਹਾਲਾਤਾਂ ਦੌਰਾਨ ਜੇਕਰ ਪੀੜਤਾਂ ਨੂੰ ਮੌਕੇ 'ਤੇ ਫਸਟ ਏਡ ਜਾਂ ਡਾਕਟਰੀ ਸਹਾਇਤਾ ਨਾ ਮਿਲੇ ਤਾਂ ਗਰਮੀ ਜਾਂ ਲੂ ਦਾ ਪ੍ਰਭਾਵ ਜਾਨਲੇਵਾ ਵੀ ਸਾਬਤ ਹੋ ਸਕਦਾ ਹੈ।

ਜ਼ਿਆਦਾ ਗਰਮੀ ਨਾਲ ਇਨਸਾਨੀ ਸਰੀਰ 'ਤੇ ਵੱਖ-ਵੱਖ ਪ੍ਰਤਿਕ੍ਰਿਆਵਾਂ ਹੁੰਦੀਆਂ ਹਨ। ਸਰੀਰਕ ਤਾਪਮਾਨ ਵੱਧਣ ਕਰਕੇ ਵਿਅਕਤੀ ਵਿਚ ਤਿੰਨ ਕਿਸਮਾਂ ਦੇ ਮੁੱਖ ਰੋਗ ਪੈਦਾ ਹੋ ਸਕਦੇ ਹਨ : ਗਰਮੀ ਦੀ ਥਕਾਵਟ (ਨਿਢਾਲ ਅਤੇ ਬੇਹੋਸ਼ ਹੋਣਾ), ਹੀਟ ਕੰਪਰੈਸ (ਪੱਠਿਆਂ ਵਿਚ ਕੁੜੱਲ ਪੈਣਾ) ਅਤੇ ਸਰੀਰ ਦਾ ਤਾਪਮਾਨ ਬਹੁਤ ਜ਼ਿਆਦਾ ਵੱਧ ਜਾਣਾ ਜਿਸ ਨੂੰ 'ਹੀਟ ਸਟ੍ਰੋਕ' ਵੀ ਕਿਹਾ ਜਾਂਦਾ ਹੈ। ਹੀਟ ਸਟ੍ਰੋਕ ਸਭ ਤੋਂ ਘਾਤਕ ਹੈ ਅਤੇ ਚਿੰਤਾਜਨਕ ਸਥਿਤੀ ਪੈਦਾ ਕਰ ਸਕਦਾ ਹੈ।

ਗਰਮੀ ਤੋਂ ਬਚਣ ਲਈ ਜੇਕਰ ਅਸੀਂ ਥੋੜ੍ਹੀ ਜਿਹੀ ਸਾਵਧਾਨੀ ਵਰਤੀਏ ਤਾਂ ਕਾਫੀ ਹੱਦ ਤਕ ਲੂ ਦੇ ਪ੍ਰਕੋਪ ਤੋਂ ਬਚਿਆ ਜਾ ਸਕਦਾ ਹੈ। ਗਰਮੀ ਵਿਚ ਦੱਬੇ-ਘੁੱਟੇ ਵਾਤਾਵਰਣ ਵਿਚ ਲਗਾਤਾਰ ਸਰੀਰਕ ਕੰਮ ਕਰਦੇ ਰਹਿਣ ਨਾਲ ਗਰਮੀ ਨਾਲ ਥਕੇਵਾਂ ਹੋ ਸਕਦਾ ਹੈ। ਜ਼ਿਆਦਾ ਪਸੀਨਾ ਆਉਣ ਕਾਰਨ ਸਰੀਰ 'ਚ ਲੂਣ, ਪਾਣੀ ਅਤੇ ਤੇਜ਼ਾਬ ਦੀ ਘਾਟ ਹੋ ਜਾਂਦੀ ਹੈ। ਵਿਅਕਤੀ ਬਹੁਤ ਥੱਕਿਆ-ਥੱਕਿਆ ਜਿਹਾ ਮਹਿਸੂਸ ਕਰਦਾ ਹੈ। ਪਿਆਸ ਲੱਗਣੀ, ਕਮਜ਼ੋਰੀ, ਅਤਿ ਦਾ ਥਕੇਵਾਂ, ਚੱਕਰ ਆਉਣੇ, ਪੱਠਿਆਂ ਵਿਚ ਕੜਵੱਲ, ਜੀਅ ਕੱਚਾ ਹੋਣਾ ਜਾਂ ਉਲਟੀ ਆਉਣੀ, ਬੇਚੈਨੀ, ਚਿੜਚਿੜਾਪਣ ਆਮ ਅਲਾਮਤਾਂ ਹਨ। ਰੋਗੀ ਦਾ ਸਰੀਰ ਠੰਡਾ, ਪੀਲਾ ਅਤੇ ਚਿਪਚਿਪਾ ਹੋ ਜਾਂਦਾ ਹੈ। ਕੁਝ ਲੋਕਾਂ ਨੂੰ ਥਕਾਵਟ ਨਾਲ ਬੇਹੋਸ਼ੀ ਵੀ ਛਾ ਜਾਂਦੀ ਹੈ। ਇਸ ਹਾਲਤ ਨੂੰ ਹੀਟ ਐਗਜ਼ਾਸ਼ਨ ਭਾਵ ਗਰਮੀ ਦੀ ਥਕਾਵਟ ਕਿਹਾ ਜਾਂਦਾ ਹੈ।

ਕੁਦਰਤੀ ਤੌਰ 'ਤੇ ਮਨੁੱਖੀ ਸਰੀਰ ਦਾ ਸਾਧਾਰਨ ਤਾਪਮਾਨ 37 ਡਿਗਰੀ ਸੈਂਟੀਗ੍ਰੇਡ ਜਾਂ 98.4 ਡਿਗਰੀ ਫਾਰਨਹੀਟ 'ਤੇ ਕਾਇਮ ਰਹਿੰਦਾ ਹੈ। ਹੀਟ ਸਟ੍ਰੋਕ ਦੀ ਹਾਲਤ ਵਿਚ ਵਿਅਕਤੀ ਦਾ ਸਰੀਰਕ ਤਾਪਮਾਨ ਵੱਧ ਕੇ 41 ਡਿਗਰੀ ਸੈਂਟੀਗ੍ਰੇਡ ਜਾਂ ਇੱਕਦਮ 106 ਡਿਗਰੀ ਫਾਰਨਹੀਟ ਤਕ ਹੋ ਸਕਦਾ ਹੈ। ਪਸੀਨਾ ਆਉਣਾ ਬੰਦ ਹੋ ਜਾਂਦਾ ਹੈ। ਸਿਰ ਦਰਦ, ਚੱਕਰ ਆਉਣੇ, ਬੇਚੈਨੀ, ਝੁੰਜਲਾਹਟ, ਗਸ਼ੀ ਪੈਣੀ, ਡੂੰਘੀ ਸਵਾਸ ਕਿਰਿਆ, ਪੀੜਤ ਦੀ ਚਮੜੀ ਗਰਮ ਅਤੇ ਖੁਸ਼ਕ ਹੋਣਾ, ਬੋਲਣ ਅਤੇ ਤੁਰਨ ਤੋਂ ਅਸਮਰੱਥ ਹੋ ਜਾਣਾ, ਚਿਹਰੇ ਦਾ ਰੰਗ ਲਾਲ ਹੋ ਜਾਣਾ, ਨਬਜ਼ ਅਤੇ ਸਾਹ ਬਹੁਤ ਤੇਜ਼ ਚੱਲਣ ਲੱਗ ਪੈਣੇ ਆਦਿ ਲੱਛਣ ਦਿਖਾਈ ਦਿੰਦੇ ਹਨ। ਜੇ ਵੇਲੇ ਸਿਰ ਇਲਾਜ ਨਾ ਹੋ ਸਕੇ ਤਾਂ ਵਿਅਕਤੀ ਕੌਮਾ ਵਿਚ ਜਾ ਸਕਦਾ ਹੈ ਜਾਂ ਬ੍ਰੇਨ ਹੈਮਰੇਜ ਵਰਗੀ ਗੰਭੀਰ ਸਥਿਤੀ ਉਪਰੰਤ ਮੌਤ ਵੀ ਹੋ ਸਕਦੀ ਹੈ। ਹੀਟ ਸਟ੍ਰੋਕ ਬਹੁਤੀ ਗਰਮੀ ਵਿਚ ਧੁੱਪੇ ਫਿਰਨ ਜਾਂ ਜ਼ਿਆਦਾ ਸਰੀਰਕ ਕੰਮ ਕਰਨ, ਬੁਢਾਪਾ, ਸ਼ਰਾਬੀ ਹਾਲਤ, ਦਿਲ ਅਤੇ ਫੇਫੜਿਆਂ ਦੇ ਰੋਗੀਆਂ ਵਿਚ ਜ਼ਿਆਦਾ ਹੁੰਦਾ ਹੈ। ਗਰਮ ਵਾਤਾਵਰਣ ਵਿਚ ਭਾਰੀ ਕਸਰਤ ਜਾਂ ਸਰੀਰਕ ਕੰਮ ਕਰਨ ਨਾਲ ਪਸੀਨੇ ਰਾਹੀਂ ਬਹੁਤੀ ਮਾਤਰਾ ਵਿਚ ਲੂਣ ਨਿਕਲ ਜਾਣ ਕਰਕੇ ਪੱਠਿਆਂ ਖ਼ਾਸਕਰ ਲੱਤਾਂ ਅਤੇ ਪੇਟ ਦੇ ਪੱਠਿਆਂ ਵਿਚ ਦੁੱਖਦਾਈ ਕੁੜੱਲ ਵੀ ਪੈਂਦੇ ਹਨ। ਸਰੀਰ ਵਿਚ ਲੂਣ ਦੀ ਪੂਰਤੀ ਹੋਣ ਨਾਲ ਇਹ ਸਮੱਸਿਆ ਠੀਕ ਹੁੰਦੀ ਹੈ।

> *ਗਰਮੀਆਂ ਵਿਚ ਸਭ ਤੋਂ ਵੱਡੀ ਸਮੱਸਿਆ ਹੁੰਦੀ ਹੈ ਲੂ ਲੱਗਣਾ। ਗਰਮੀ ਵਿਚ ਜ਼ਿਆਦਾ ਸਰੀਰਕ ਮਸ਼ੱਕਤ, ਪਾਣੀ ਘੱਟ ਪੀਣ ਅਤੇ ਸਰੀਰਕ ਕਮਜ਼ੋਰੀ ਕਾਰਨ ਲੂ ਲੱਗਣ ਦੀ ਸੰਭਾਵਨਾ ਵੱਧ ਹੁੰਦੀ ਹੈ।*

### ਥਕਾਵਟ ਲਈ ਮੁੱਢਲੀ ਮਦਦ

ਗਰਮੀ ਦੀ ਥਕਾਵਟ ਨਾਲ ਹੋਈ ਬੇਹੋਸ਼ੀ ਵਾਲੇ ਪੀੜਤਾਂ ਨੂੰ ਕਿਸੇ ਠੰਢੀ, ਹਵਾਦਾਰ ਅਤੇ ਛਾਂ-ਦਾਰ ਥਾਂ 'ਤੇ ਇਸ ਤਰ੍ਹਾਂ ਲਿਟਾਉਣਾ ਚਾਹੀਦਾ ਹੈ ਕਿ ਉਸ ਦੇ ਪੈਰ ਬਾਕੀ ਸਰੀਰ ਨਾਲੋਂ ਉੱਚੇ ਹੋਣ। ਤੰਗ ਕੱਪੜੇ ਢਿੱਲੇ ਕਰੋ ਅਤੇ ਪਸੀਨਾ ਪੂੰਝ ਦਿਓ। ਬੇਹੋਸ਼ੀ ਦੀ ਹਾਲਤ ਵਿਚ ਮੂੰਹ ਰਾਹੀਂ ਕੋਈ ਵੀ ਤਰਲ ਪਦਾਰਥ ਨਾ ਦਿਓ। ਹੋਸ਼ ਵਿਚ ਆਉਣ 'ਤੇ ਸ਼ਿਕੰਜਵੀ, ਜੂਸ ਜਾਂ ਲੱਸੀ ਵਗੈਰਾ ਦਿੱਤੀ ਜਾ ਸਕਦੀ ਹੈ।

### ਸਾਵਧਾਨੀਆਂ

ਕੜਾਕੇ ਦੀ ਧੁੱਪ 'ਚ ਬਾਹਰ ਨਹੀਂ ਨਿਕਲਣਾ ਚਾਹੀਦਾ। ਨਿਰਜਲੀਕਰਨ ਤੋਂ ਬਚਣ ਲਈ ਤੇਜ਼ ਧੁੱਪ ਵਿਚ ਬਾਹਰ ਨਿਕਲੋ ਤਾਂ ਤਰਲ ਪਦਾਰਥ ਪੀ ਕੇ ਬਾਹਰ ਨਿਕਲੋ। ਪੇਟ ਵਿਚ ਪਾਣੀ ਨਾ ਘਟਣ ਦਿਓ ਕਿਉਂਕਿ ਪਸੀਨੇ ਰਾਹੀਂ ਕਾਫੀ ਮਾਤਰਾ 'ਚ ਪਾਣੀ ਅਤੇ ਨਮਕ ਬਾਹਰ ਆਉਂਦਾ ਹੈ। ਬਹੁਤੀ ਮਾਤਰਾ ਵਿੱਚ ਪਾਣੀ ਪੀਓ। ਹਰ 20 ਮਿੰਟ ਪਿੱਛੋਂ ਇਕ ਗਲਾਸ ਪਾਣੀ ਪੀਓ। ਗਰਮੀਆਂ ਵਿੱਚ ਚਾਹ, ਕਾਫ਼ੀ ਦੀ ਵਰਤੋਂ ਘੱਟ ਜਾਂ ਬੰਦ ਕਰ ਦੇਣਾ ਹੀ ਬਿਹਤਰ ਹੈ। ਇਨ੍ਹੀਂ ਦਿਨੀਂ ਸਾਫ਼ ਪਾਣੀ ਅਤੇ ਹੋਰ ਤਰਲ ਪਦਾਰਥਾਂ ਦੀ ਵਰਤੋਂ ਵੱਧ ਕਰੋ। ਧੁੱਪ 'ਚ ਬਾਹਰ ਜਾਣ ਵੇਲੇ ਚੰਗੀ ਕਿਸਮ ਦੀਆਂ ਐਨਕਾਂ ਦੀ ਵਰਤੋਂ ਕਰੋ। ਸਿਰ ਉੱਪਰ ਤੌਲੀਆ ਜ਼ਰੂਰ ਰੱਖੋ। ਚਮੜੀ 'ਤੇ ਸਨਸਕ੍ਰੀਨ ਕਰੀਮ ਦੀ ਵਰਤੋਂ ਚਮੜੀ ਨੂੰ ਝੁਲਸਣ ਤੋਂ ਬਚਾਉਂਦੀ ਹੈ। ਸਨਬਰਨਜ਼ ਤੋਂ ਬਚਣ ਲਈ ਸਰੀਰ ਦੇ ਜ਼ਿਆਦਾਤਰ ਹਿੱਸੇ ਨੂੰ ਢੱਕ ਕੇ ਰੱਖੋ। ਮੌਸਮ ਦੀ ਤਬਦੀਲੀ ਨਾਲ ਆਪਣੇ ਖਾਣ-ਪੀਣ 'ਚ ਤਬਦੀਲੀ ਕਰੋ। ਜਲਦੀ ਪਚਣ ਵਾਲੇ ਠੰਢੇ ਤਰਲ, ਦਹੀਂ, ਲੱਸੀ, ਸਲਾਦ ਆਦਿ ਦੀ ਵਰਤੋਂ ਕਰੋ। ਤੇਜ਼ ਮਸਾਲੇਦਾਰ, ਗਰਮੀ ਵਾਲੇ ਭੋਜਨ ਨਾ ਖਾਓ। ਬਾਜ਼ਾਰੂ ਗੰਦੇ ਜੂਸ, ਕੁਲਫੀਆਂ, ਫਲਾਂ ਦੀ ਚਾਟ, ਬਾਜ਼ਾਰੂ ਗੰਦੀ ਬਰਫ, ਛਬੀਲਾਂ ਦਾ ਪਾਣੀ ਘੱਟ ਵਰਤੋ, ਕੱਟ ਕੇ ਰੱਖੇ ਨੰਗੇ ਫਲ, ਬੇਹੀਆਂ ਸਬਜ਼ੀਆਂ, ਬੇਹੇ ਬਰੈੱਡ, ਬਿਸਕੁਟ ਕੇਕ ਆਦਿ ਨਾ ਵਰਤੋ। ਸਾਫ਼-ਸੁਥਰੇ, ਹਲਕੇ ਰੰਗ ਦੇ ਖੁੱਲ੍ਹੇ ਅਤੇ ਹਵਾਦਾਰ ਸੂਤੀ ਕੱਪੜੇ ਪਹਿਨਣੇ ਚਾਹੀਦੇ ਹਨ। ਧੁੱਪ 'ਚ ਜਾਣ ਲਈ ਛਤਰੀ ਦੀ ਵਰਤੋਂ ਕਰੋ। ਵਧੇਰੇ ਸਖ਼ਤ ਸਰੀਰਕ ਮੁਸ਼ੱਕਤ ਵਾਲਾ ਕੰਮ ਦਿਨ ਦੇ ਠੰਢੇ ਹਿੱਸੇ ਵਿਚ ਕਰੋ। ਗਰਮੀ ਦੇ ਬਚਾਓ ਬਾਰੇ ਜੇਕਰ ਇਹਨਾਂ ਸੁਝਾਵਾਂ 'ਤੇ ਅਮਲ ਕੀਤਾ ਜਾਵੇ ਤਾਂ ਕਾਫ਼ੀ ਹੱਦ ਤਕ ਇਸ ਦੇ ਭੈੜੇ ਅਸਰਾਂ ਤੋਂ ਬਚਿਆ ਜਾ ਸਕਦਾ ਹੈ।

• ਨਰੇਸ਼ ਪਠਾਣੀਆ
98557-00157

## ਲੂ ਲੱਗਣ 'ਤੇ ਫਸਟ ਏਡ

ਲੂ ਲੱਗਣ ਦੀ ਹਾਲਤ 'ਚ ਮਰੀਜ਼ ਠੰਢੇ ਵਾਤਾਵਰਣ ਵਿੱਚ ਲੈ ਜਾਓ ਅਤੇ ਲਿਟਾਓ। ਧਿਆਨ ਰੱਖੋ ਕਿ ਸਿਰ ਵਾਲਾ ਪਾਸਾ ਸਰੀਰ ਨਾਲੋਂ ਉੱਚਾ ਰਹੇ। ਜੇਕਰ ਪੀੜਤ ਉਛਾਲੀਆਂ ਨਹੀਂ ਕਰ ਰਿਹਾ ਤਾਂ ਉਸਨੂੰ ਪਿੱਠ ਪਰਨੇ ਲਿਟਾ ਦਿਓ। ਜੇ ਉਛਾਲੀਆਂ ਜਾਂ ਦੌਰੇ ਦੀ ਸਥਿਤੀ ਹੈ ਤਾਂ ਉਸਨੂੰ ਵੱਖੀ ਪਰਨੇ ਭਾਵ ਰਿਕਵਰੀ ਪੁਜੀਸ਼ਨ ਵਿੱਚ ਲਿਟਾ ਦਿਓ। ਰੋਗੀ ਦੇ ਤੰਗ ਕੱਪੜੇ ਢਿੱਲੇ ਕਰ ਦਿਓ ਜਾਂ ਉਤਾਰ ਦਿਓ। ਸਿਰ ਅਤੇ ਮੱਥੇ 'ਤੇ ਠੰਢੇ ਪਾਣੀ ਦੇ ਤੌਲੀਏ ਰੱਖੋ। ਪੱਖੇ ਅਤੇ ਕੂਲਰ ਚਲਾ ਦਿਓ ਠੰਢੇ ਪਾਣੀ ਦੀਆਂ ਪੱਟੀਆਂ ਨਾਲ ਸਰੀਰ ਸਪੌਂਜ ਕਰੋ। ਸਰੀਰ 'ਤੇ ਗਿੱਲਾ ਪਤਲਾ ਕੱਪੜਾ ਵੀ ਦਿੱਤਾ ਜਾ ਸਕਦਾ ਹੈ। ਇਹ ਧਿਆਨ ਰੱਖੋ ਕਿ ਪੀੜਤ ਨੂੰ ਬਹੁਤੀ ਠੰਢ ਨਾ ਲੱਗੇ। ਸਰੀਰ ਦਾ ਤਾਪਮਾਨ ਹਰ ਦਸ ਮਿੰਟ ਬਾਅਦ ਜਾਂਚ ਕਰੋ ਅਤੇ ਜਦੋਂ ਇਹ ਤਾਪਮਾਨ 38 ਡਿਗਰੀ ਸੈਂਟੀਗਰੇਡ ਜਾਂ 101 ਡਿਗਰੀ ਫਾਰਨਹੀਟ ਤਕ ਪੁੱਜ ਜਾਵੇ ਤਾਂ ਇਹ ਤਰੀਕਾ ਬੰਦ ਕਰ ਦਿਓ। ਪੀੜਤ ਨੂੰ ਠੰਢੇ ਪਾਣੀ 'ਚ ਥੋੜ੍ਹਾ ਜਿਹਾ ਨਮਕ, ਚੀਨੀ ਅਤੇ ਨਿੰਬੂ ਪਾਕੇ ਸ਼ਿਕੰਜਵੀ ਦਿਓ। ਜੂਸ, ਲੱਸੀ ਵਗੈਰਾ ਵੀ ਦਿੱਤੀ ਜਾ ਸਕਦੀ ਹੈ।



## ਸਿਹਤਮੰਦ ਨਹੀਂ ਫ੍ਰਿਜ ਦਾ ਪਾਣੀ



ਗਰਮੀਆਂ ਦੇ ਦਿਨਾਂ ਵਿਚ ਠੰਢਾ ਪਾਣੀ ਹੀ ਰਾਹਤ ਦਾ ਸਭ ਤੋਂ ਵੱਡਾ ਜ਼ਰੀਆ ਹੈ। ਕਈ ਲੋਕ ਤਾਂ ਫ੍ਰਿਜ ਦਾ ਇਕਦਮ ਠੰਢਾ ਜਾਂ ਚਿਲਡ ਵਾਟਰ ਪੀਣਾ ਪਸੰਦ ਕਰਦੇ ਹਨ ਪਰ ਤੁਹਾਨੂੰ ਦੱਸ ਦੇਈਏ ਕਿ ਫ੍ਰਿਜ ਦਾ ਪਾਣੀ ਪੀਣ ਨਾਲ ਹੇਠ ਲਿਖੇ 5 ਨੁਕਸਾਨ ਵੀ ਹੋ ਸਕਦੇ ਹਨ :

- ਫ੍ਰਿਜ ਵਿਚ ਪਾਣੀ ਬਣਾਉਟੀ ਤਰੀਕੇ ਨਾਲ ਬੇਹੱਦ ਘੱਟ ਤਾਪਮਾਨ 'ਤੇ ਠੰਢਾ ਹੁੰਦਾ ਹੈ, ਜੋ ਨੁਕਸਾਨਦਾਇਕ ਹੈ।
- ਫ੍ਰਿਜ ਦਾ ਇਕਦਮ ਠੰਢਾ ਪਾਣੀ ਪੀਣ ਨਾਲ ਅੰਤੜੀਆਂ ਸੁੰਗੜ ਜਾਂਦੀਆਂ ਹਨ ਜਿਸ ਨਾਲ ਉਹ ਆਪਣਾ ਕੰਮ ਠੀਕ ਢੰਗ ਨਾਲ ਨਹੀਂ ਕਰ ਪਾਉਂਦੀਆਂ। ਨਤੀਜੇ ਵੱਸ ਸਵੇਰੇ ਠੀਕ ਨਾਲ ਪੇਟ ਸਾਫ ਨਹੀਂ ਹੋ ਪਾਉਂਦਾ
- ਇਹ ਪਾਣੀ ਪੀਣ ਨਾਲ ਲੰਬੇ ਸਮੇਂ ਦਾ ਕਬਜ਼ ਹੋ ਸਕਦੀ ਹੈ ਜਿਸ ਨਾਲ ਪੂਰੀ ਸਰੀਰ ਪ੍ਰਣਾਲੀ ਗੜਬੜਾ ਜਾਂਦੀ ਹੈ ਅਤੇ ਕਈ ਤਰ੍ਹਾਂ ਦੀਆਂ ਹੋਰ ਬਿਮਾਰੀਆਂ ਜਨਮ ਲੈਂਦੀਆਂ ਹਨ।
- ਜ਼ਿਆਦਾ ਠੰਢਾ ਪਾਣੀ ਪੀਣ ਨਾਲ ਸਰੀਰ ਦੀਆਂ ਕੋਸ਼ਿਕਾਵਾਂ ਸੁੰਗੜ ਜਾਂਦੀਆਂ ਹਨ ਅਤੇ ਠੀਕ ਢੰਗ ਨਾਲ ਕੰਮ ਨਹੀਂ ਕਰ ਪਾਉਂਦੀਆਂ। ਸਰੀਰ ਦਾ ਮੇਟਾਬਾਲਿਜ਼ਮ ਪ੍ਰਭਾਵਿਤ ਹੁੰਦਾ ਹੈ। ਇਹ ਤੁਹਾਡੀ ਧੜਕਣ ਨੂੰ ਵੀ ਘੱਟ ਕਰ ਸਕਦਾ ਹੈ।
- ਫ੍ਰਿਜ ਦਾ ਪਾਣੀ ਪੀਣ ਨਾਲ ਗਲਾ ਖ਼ਰਾਬ ਹੋਣ ਦੀ ਸੰਭਾਵਨਾ ਰਹਿੰਦੀ ਹੈ। ਇਸ ਨਾਲ ਟਾਂਸਿਲ, ਗਲੇ, ਫੇਫੜੇ ਅਤੇ ਹਾਜ਼ਮੇ ਨਾਲ ਸਬੰਧਿਤ ਰੋਗ ਪਰੇਸ਼ਾਨ ਕਰ ਸਕਦੇ ਹਨ।



> *ਸਫ਼ਾਈ ਦੀ ਘਾਟ ਕਾਰਨ ਭਾਰਤ ਵਿਚ ਹਰ ਸਾਲ ਡੇਂਗੂ ਅਤੇ ਮਲੇਰੀਆ ਕਾਰਨ ਬੇਸ਼ੁਮਾਰ ਮੌਤਾਂ ਹੁੰਦੀਆਂ ਹਨ। ਮੱਛਰਾਂ ਤੋਂ ਬਚਾਅ ਕਰ ਕੇ ਇਸ ਹਮਲੇ ਤੋਂ ਬਚਿਆ ਜਾ ਸਕਦਾ ਹੈ...*

# ਡੇਂਗੂ – ਮਲੇਰੀਆ ਲੱਛਣ, ਸਾਵਧਾਨੀ ਤੇ ਇਲਾਜ



ਸਾਡੇ 100 ਕਰੋੜ ਤੋਂ ਵੱਧ ਆਬਾਦੀ ਵਾਲੇ ਭਾਰਤ ਦੇਸ਼ ਵਿੱਚ ਆਮ ਲੋਕਾਂ ਦੀ ਸਿਹਤ ਭਾਵ ਤੰਦਰੁਸਤੀ ਦੇ ਪੱਧਰ ਦਾ ਅੰਦਾਜ਼ਾ ਇਸ ਗੱਲ ਤੋਂ ਲਾਇਆ ਜਾ ਸਕਦਾ ਹੈ ਕਿ ਸਾਡੇ ਦੇਸ਼ 'ਚ ਸਾਫ਼ ਸਫ਼ਾਈ ਦਾ ਮੰਦਾ ਹਾਲ ਹੈ। ਇਸੇ ਕਾਰਨ ਭਾਰਤ ਨੂੰ ਡੇਂਗੂ ਸਮੇਤ ਹੋਰ ਕਈ ਬਿਮਾਰੀਆਂ ਦੀ ਰਾਜਧਾਨੀ ਮੰਨਿਆ ਜਾਂਦਾ ਹੈ।

ਅਸਲ ਸੱਚ ਤਾਂ ਇਹ ਹੈ ਕਿ ਅਸੀਂ ਕਈ ਭਿਆਨਕ ਬਿਮਾਰੀਆਂ ਦੀ ਮਾਰ ਝੱਲਦੇ ਰਹਿੰਦੇ ਹਾਂ। ਇਹ ਮਾਰ ਬੱਚਿਆ ਨੂੰ ਲੱਗਣ ਵਾਲੇ ਛੂਤ-ਰੋਗ, ਸੋਕੜਾ, ਕੁਪੋਸ਼ਣ, ਟੀ.ਬੀ., ਖ਼ੂਨ ਦੀ ਘਾਟ, ਮਲੇਰੀਆ, ਡੇਂਗੂ, ਹੈਜਾ, ਪੇਚਿਸ਼, ਉਲਟੀਆਂ - ਦਸਤ, ਟਾਈਫਾਈਡ, ਪੋਲੀਓ, ਸਵਾਈਨ ਫਲੂਅ, ਸਾਰਸ ਤਕ ਹੁੰਦੀ ਹੋਈ ਗੰਦੀਆਂ ਬਸਤੀਆਂ 'ਚੋਂ ਤੁਰ ਕੇ ਸਾਰੇ ਦੇਸ਼ ਨੂੰ ਆਪਣੀ ਗ੍ਰਿਫਤ 'ਚ ਲੈਣ ਨੂੰ ਅਹੁਲਦੀ ਪਲੇਗ ਵਰਗੀ ਨਾਮੁਰਾਦ ਬਿਮਾਰੀ ਤਕ ਜਾ ਅੱਪੜਦੀ ਹੈ। ਇੱਥੇ ਇਹ ਜਿਕਰਯੋਗ ਹੈ ਕਿ ਦਿੱਲੀ ਸਮੇਤ ਦੇਸ਼ ਦੇ ਕਈ ਸੂਬਿਆਂ ਵਿੱਚ ਡੇਂਗੂ ਬੁਖ਼ਾਰ ਨੇ ਅੱਜਕੱਲ੍ਹ ਤਾਂਡਵ ਨਾਚ ਸ਼ੁਰੂ ਕੀਤਾ ਹੋਇਆ ਹੈ ਜਿਸ ਕਾਰਨ ਕੀਮਤੀ ਮਨੁੱਖੀ ਜਾਨਾਂ ਅਣਆਈ ਮੌਤ ਦਾ ਸ਼ਿਕਾਰ ਹੋ ਗਈਆਂ ਹਨ। ਪੰਜਾਬ ਸੂਬੇ 'ਚ ਵੀ ਡੇਂਗੂ ਬੁਖ਼ਾਰ ਨੇ ਦਸਤਕ ਦਿੱਤੀ ਹੋਈ ਹੈ, ਜਿਸ ਦੇ ਬਚਾਅ ਲਈ ਹੋਰ ਸਭ ਤਰ੍ਹਾਂ ਦੀਆਂ ਸਾਵਧਾਨੀਆਂ ਆਪਣਾਉਣ ਤੋਂ ਪਹਿਲਾਂ ਮੱਛਰਾਂ ਅਤੇ ਮੱਛਰ ਪੈਦਾ ਹੋਣ ਦੇ ਸਭ ਸਾਧਨਾਂ ਅਤੇ ਸ੍ਰੋਤਾਂ ਦਾ ਖ਼ਾਤਮਾ ਬੇਹੱਦ ਜ਼ਰੂਰੀ ਹੈ ਤਾਂ ਜੋ ਡੇਂਗੂ ਦੇ ਪ੍ਰਕੋਪ ਤੋਂ ਸਹੀ ਅਰਥਾਂ ਵਿਚ ਬਚਿਆ ਜਾ ਸਕੇ। ਇਹ ਸਮੇਂ ਦੀ ਵੱਡੀ ਲੋੜ ਹੈ।

### ਕਾਰਨ

ਮਲੇਰੀਆ ਐਨੋਫਲੀਜ਼ ਨਾਂ ਦੇ ਮਾਦਾ ਮੱਛਰ ਦੇ ਕੱਟਣ ਨਾਲ ਹੁੰਦਾ ਹੈ। ਭਾਵ ਮਲੇਰੀਆ ਪਲਾਜ਼ਮੋਡੀਅਮ ਨਾਂ ਦੇ ਪ੍ਰਜੀਵੀ ਕਾਰਣ ਹੋਣ ਵਾਲਾ ਬੁਖ਼ਾਰ ਹੈ, ਜਿਸ ਦੀਆਂ 125 ਤੋਂ ਵੀ ਵੱਧ ਕਿਸਮਾਂ ਹਨ। ਇਹ ਪਸ਼ੂ-ਪੰਛੀਆਂ ਸਮੇਤ ਹੋਰ ਜਾਨਵਰਾਂ ਅਤੇ ਜੀਵ-ਜੰਤੂਆਂ ਨੂੰ ਆਪਣਾ ਸ਼ਿਕਾਰ ਬਣਾਉਂਦੀਆਂ ਹਨ। ਮਨੁੱਖਾਂ ਵਿਚ ਮਲੇਰੀਆ ਪੈਦਾ ਕਰਨ ਵਾਲੀਆਂ ਸਿਰਫ਼ ਚਾਰ ਕਿਸਮਾਂ ਹਨ- ਪਲਾਜ਼ਮੋਡੀਅਮ ਵਾਈਵੈਕਸ, ਪਲਾਜ਼ਮੋਡੀਅਮ ਫੈਲਸੀਪੇਰਮ, ਪਲਾਜ਼ਮੋਡੀਅਮ ਮਲੇਰੀ ਅਤੇ ਪਲਾਜ਼ਮੋਡੀਅਮ ਓਵੇਲ।

ਡੇਂਗੂ ਇੱਕ ਅਜਿਹਾ ਵਾਇਰਲ ਬੁਖ਼ਾਰ ਹੈ ਜੋ ਐਡੀਜ਼, ਨਾਂ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ। ਇਹ ਬੁਖ਼ਾਰ ਇਕ ਬਿਮਾਰ ਵਿਅਕਤੀ ਤੋਂ ਦੂਸਰੇ ਤੰਦਰੁਸਤ ਵਿਅਕਤੀਆਂ ਵਿਚ ਮੱਛਰ ਦੇ ਕੱਟਣ ਨਾਲ ਪਹੁੰਚ ਜਾਂਦਾ ਹੈ।

### ਲੱਛਣ

ਆਮ ਡੇਂਗੂ ਬੁਖ਼ਾਰ 'ਚ ਖ਼ੂਨ ਵਿਚਲੇ ਪਲੇਟਲੈੱਟ ਸੈੱਲ ਘਟ ਜਾਂਦੇ ਹਨ ਜੋ ਕਿ ਖ਼ੂਨ ਵਗਣ ਤੋਂ ਰੋਕਦੇ ਹਨ। ਡੇਂਗੂ ਦੀ ਹੈਮੋਰੇਜਿਕ ਕਿਸਮ ਹੋ ਜਾਣ ਕਰਕੇ ਚਮੜੀ ਉੱਪਰ ਧੱਬੇ ਪੈਣ ਤੋਂ ਇਲਾਵਾ, ਤੇਜ਼ ਥਕਾਵਟ ਅਤੇ ਜੋੜਾਂ ਸਮੇਤ ਮਾਸ-ਪੇਸ਼ੀਆਂ ਵਿੱਚ ਬਹੁਤ ਜ਼ਿਆਦਾ ਦਰਦ ਹੁੰਦਾ ਹੈ। ਨੱਕ ਵਿਚੋਂ ਖ਼ੂਨ ਵਗਣ ਲਗਦਾ ਹੈ। ਸਿਰਫ਼ ਇਹੀ ਨਹੀਂ, ਪੇਸ਼ਾਬ ਅਤੇ ਪਾਖ਼ਾਨਾ ਰਸਤੇ ਵੀ ਲਹੂ ਵਗਣ ਲਗਦਾ ਹੈ। ਡੇਂਗੂ ਬੁਖ਼ਾਰ ਦੀ ਤੀਜੀ ਕਿਸਮ ਸ਼ੌਕ ਸਿੰਡ੍ਰੋਮ ਹੈ, ਜਿਸ ਕਾਰਣ ਮਰੀਜ਼ ਦੇ ਖ਼ੂਨ ਦਾ ਦਬਾਅ ਲਗਾਤਾਰ ਘਟਦਾ ਜਾਂਦਾ ਹੈ ਖ਼ੂਨ 'ਚੋਂ ਪਲਾਜ਼ਮਾ ਅੱਡ ਹੋ ਜਾਂਦਾ ਹੈ। ਫੇਫੜਿਆਂ ਅਤੇ ਦਿਲ ਦੀ ਕਿਰਿਆਵਾਂ 'ਤੇ ਬਹੁਤ ਹੀ ਬੁਰਾ ਅਸਰ ਪੈ ਜਾਂਦਾ ਹੈ। ਪੇਟ ਅੰਦਰ ਪਾਣੀ ਭਰ ਜਾਂਦਾ ਹੈ।

ਜਿਗਰ ਵੱਧ ਜਾਂਦਾ ਹੈ ਸਰੀਰ ਦੇ ਅੰਗਾਂ ਨੂੰ ਖ਼ੂਨ ਦੀ ਸਪਲਾਈ ਨਾ ਮਿਲਣ ਕਰਕੇ ਸਭ ਅੰਗਾਂ ਦਾ ਆਪਸੀ ਸੰਤੁਲਨ ਬੁਰੀ ਤਰ੍ਹਾਂ ਵਿਗੜ ਜਾਂਦਾ ਹੈ। ਅਖ਼ੀਰ ਵਿਚ ਰੋਗੀ ਮੌਤ ਦੇ ਮੂੰਹ ਵੱਲ ਧੱਕਿਆ ਤੁਰਿਆ ਜਾਂਦਾ ਹੈ। ਇਸ ਲਈ ਜ਼ਰੂਰੀ ਹੈ ਕਿ ਅਜਿਹੀ ਸਥਿਤੀ ਵਿਚ ਮਰੀਜ਼ ਨੂੰ ਹਸਪਤਾਲ ਲਿਜਾਇਆ ਜਾਵੇ ਤਾਂ ਜੋ ਸਮੇਂ ਸਿਰ ਇਲਾਜ ਹੋ ਸਕੇ।

- ਮਲੇਰੀਆ ਅਤੇ ਡੇਂਗੂ ਵਰਗੇ ਲੱਛਣ ਦਿਖਾਈ ਦੇਣ ਤਾਂ ਤੁਰੰਤ ਨੇੜੇ ਦੇ ਸਰਕਾਰੀ ਹਸਪਤਾਲ ਵਿਚ ਜਾ ਕੇ ਕਿਸੇ ਯੋਗ ਤਜਰਬੇਕਾਰ ਡਾਕਟਰ ਤੋਂ ਇਲਾਜ ਕਰਾਓ।
- ਕੋਈ ਵੀ ਬੁਖ਼ਾਰ ਮਲੇਰੀਆ ਜਾਂ ਡੇਂਗੂ ਹੋ ਸਕਦਾ ਹੈ। ਸੋ ਬੁਖ਼ਾਰ ਹੋ ਜਾਣ ਦੀ ਸੂਰਤ ਵਿਚ ਖ਼ੂਨ ਦੀ ਜਾਂਚ ਜ਼ਰੂਰ ਕਰਾਉਣੀ ਚਾਹੀਦੀ ਹੈ।

### ਇਹਤਿਆਤ

ਸਭ ਤੋਂ ਜ਼ਰੂਰੀ ਇਹ ਕਿ ਡੇਂਗੂ ਹੋ ਜਾਣ ਦੀ ਸੂਰਤ ਵਿਚ ਮਰੀਜ਼ ਦਾ ਖਾਣਾ-ਪੀਣਾ ਬੰਦ ਨਾ ਕੀਤਾ ਜਾਵੇ, ਸਗੋਂ ਉਸ ਨੂੰ ਓ.ਆਰ.ਐੱਸ. ਦਾ ਘੋਲ, ਸ਼ਕੰਜਵੀ, ਦੁੱਧ, ਲੱਸੀ ਅਤੇ ਹੋਰ ਤਰਲ ਪਦਾਰਥ ਵੱਧ ਮਾਤਰਾ ਵਿਚ ਦਿੱਤੇ ਜਾਣ। ਇਸ ਬਿਮਾਰੀ ਤੋਂ ਡਰਨ ਜਾਂ ਕਿਸੇ ਵਹਿਮ-ਭਰਮ 'ਚ ਪੈਣ ਦੀ ਬਜਾਏ ਮਾਹਿਰ ਡਾਕਟਰ ਤੋਂ ਇਲਾਜ ਕਰਵਾਓ।

ਮਲੇਰੀਏ ਅਤੇ ਡੇਂਗੂ ਬਾਰੇ ਆਮ ਲੋਕਾਂ ਵਿਚ ਜਾਗਰੂਕਤਾ ਪੈਦਾ ਕਰਨੀ ਭਾਵੇਂ ਸਿਹਤ ਵਿਭਾਗ ਦੇ ਹਿੱਸੇ ਆਉਂਦਾ ਕੰਮ ਹੈ। ਪਰ ਵੱਖ-ਵੱਖ ਸੰਚਾਰ ਮਾਧਿਅਮਾਂ ਸਮੇਤ ਪੰਚਾਇਤਾਂ ਨਗਰ ਪਾਲਿਕਾਵਾਂ, ਸਵੇ-ਸੇਵੀ ਸੰਸਥਾਵਾਂ, ਕੱਲਬਾਂ, ਸਿੱਖਿਆ ਵਿਭਾਗ ਸਮੇਤ ਰਾਜਸੀ ਤੇ ਧਾਰਮਿਕ ਸੰਸਥਾਵਾਂ ਦਾ ਵੀ ਫ਼ਰਜ਼ ਬਣਦਾ ਹੈ ਕਿ ਮਲੇਰੀਆ ਤੇ ਡੇਂਗੂ ਬੁਖ਼ਾਰ ਬਾਰੇ, ਇਸ ਦੇ ਫੈਲਾਅ, ਕਾਰਨਾਂ, ਇਲਾਜ ਅਤੇ ਬਚਾਅ ਬਾਰੇ ਸਮਾਜ ਵਿਚ ਵੱਧ ਤੋਂ ਵੱਧ ਜਾਗਰੂਕਤਾ ਫੈਲਾਈ ਜਾਵੇ। ਸਮੂਹਕ ਹੀਲਿਆਂ ਰਾਹੀਂ ਹੀ ਅਸੀਂ ਇਨ੍ਹਾਂ ਰੋਗਾਂ ਤੋਂ ਮਨੁੱਖਤਾ ਦਾ ਬਚਾਅ ਕਰ ਸਕਦੇ ਹਾਂ।

• ਲਾਲ ਚੰਦ ਸਿੰਘ
75894-27462

### ਵਰਤੋ ਸਾਵਧਾਨੀ

ਐਡੀਸ ਮੱਛਰ ਘਰਾਂ, 'ਚ ਅਤੇ ਆਸੇ ਪਾਸੇ ਸਾਫ ਪਾਣੀ 'ਚ ਪਲਪਦੇ ਹਨ। ਇਹ ਮੱਛਰ ਸਿਰਫ ਦਿਨ ਵੇਲੇ ਹਮਲਾ ਕਰਦੇ ਹਨ। ਮਲੇਰੀਆ ਅਤੇ ਡੇਂਗੂ ਦੇ ਪ੍ਰਕੋਪ ਤੋ ਬਚਾਅ ਲਈ ਜ਼ਰੂਰੀ ਹੈ ਕਿ ਘਰਾਂ 'ਚ ਅਤੇ ਆਸੇ-ਪਾਸੇ ਕਿਤੇ ਵੀ ਕਿਸੇ ਵੀ ਜਗ੍ਹਾ ਜਾਂ ਬਰਤਨਾਂ ਆਦਿ ਵਿਚ ਫਾਲਤੂ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ। ਪਾਣੀ ਦੇ ਸਭ ਸਾਧਨ ਢੱਕ ਕੇ ਰੱਖਣੇ ਚਾਹੀਦੇ ਹਨ। ਹਮੇਸ਼ਾ ਪੂਰਾ ਸਰੀਰ ਢਕਣ ਵਾਲੇ ਕੱਪੜੇ ਪਹਿਨਣੇ ਚਾਹੀਦੇ ਹਨ ਅਤੇ ਸੌਣ ਵੇਲੇ ਮੱਛਰਦਾਨੀਆਂ ਦਾ ਪ੍ਰਯੋਗ ਕਰਨ ਤੋਂ ਇਲਾਵਾ ਮੱਛਰ-ਭਜਾਊ ਕ੍ਰੀਮਾਂ ਅਤੇ ਛਿੜਕਾਅ ਲਈ ਕੀਟਨਾਸ਼ਕ ਆਦਿ ਵੀ ਵਰਤੋਂ ਕੀਤੀ ਜਾ ਸਕਦੀ ਹੈ। ਹਰ ਹੀਲੇ ਮੱਛਰਾਂ ਦੇ ਡੰਗਾਂ ਤੋਂ ਬਚਿਆ ਜਾਵੇ। ਸੌਣ ਵੇਲੇ ਮੱਛਰਦਾਨੀਆਂ ਦੀ ਵਰਤੋਂ ਕਰਨੀ ਛੋਟੇ ਬੱਚਿਆਂ ਲਈ ਅਤੇ ਗਰਭਵਤੀ ਔਰਤਾਂ ਲਈ ਬੇਹੱਦ ਜ਼ਰੂਰੀ ਹੈ।

### ਜਾਗਰੂਕਤਾ

ਡੇਂਗੂ ਦੇ ਜਿਆਦਾਤਰ ਮਾਮਲਿਆਂ 'ਚ ਪਲੇਟਲੈਟੱਸ ਭਾਵ ਸੈੱਲ ਘਟ ਜਾਣੇ ਆਮ ਗੱਲ ਹੈ, ਜੋ ਕਿ ਆਮ ਤੌਰ ਤੇ ਡਾਕਟਰੀ ਇਲਾਜ ਦੌਰਾਨ ਭਾਵ ਦਵਾਈਆਂ ਦੇ ਅਸਰ ਨਾਲ 8 ਤੋਂ 10 ਦਿਨਾਂ ਦੇ ਵਿੱਚ ਮਰੀਜ਼ ਦੇ ਠੀਕ ਹੋਣ ਨਾਲ ਆਪਣੇ ਆਪ ਪੂਰੇ ਹੋ ਜਾਂਦੇ ਹਨ। ਭਾਵੇਂ ਡੇਂਗੂ ਦਾ ਪੱਕਾ ਇਲਾਜ ਨਹੀਂ ਸਗੋਂ ਲੱਛਣਾਂ ਦੇ ਅਧਾਰ 'ਤੇ ਹੀ ਇਸ ਬਿਮਾਰੀ ਦਾ ਇਲਾਜ ਕੀਤਾ ਜਾਂਦਾ ਹੈ।



# ਡੇਅਰੀ ਉੱਦਮ ਸਿਖਲਾਈ ਕੋਰਸ 4 ਮਈ ਤੋਂ ਹੋਵੇਗਾ ਸ਼ੁਰੂ : ਡਿਪਟੀ ਡਾਇਰੈਕਟਰ

**➢ ਸਿਖਲਾਈ ਕੋਰਸ ਲਈ ਉਮੀਦਵਾਰਾਂ ਦੀ ਕਾਊਂਸਲਿੰਗ 27 ਅਪ੍ਰੈਲ ਨੂੰ ➢ ਡੇਅਰੀ ਫਾਰਮਰਾਂ ਨੂੰ ਕੁਸ਼ਲ ਡੇਅਰੀ ਮੈਨੇਜਰ ਬਣਾਉਣ 'ਚ ਚਾਰ ਹ.ਫਤੇ ਦਾ ਕੋਰਸ ਹੋਵੇਗਾ ਸਹਾਈ**

**ਪਟਿਆਲਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਜ਼ਿਲ੍ਹੇ ਵਿੱਚ ਡੇਅਰੀ ਧੰਦੇ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਦੀਆਂ ਸਕੀਮਾਂ ਦਾ ਵੱਧ ਤੋਂ ਵੱਧ ਪ੍ਰਚਾਰ ਕਰਨ ਤਹਿਤ ਡੇਅਰੀ ਧੰਦੇ ਲਈ 4 ਹਫਤਿਆਂ ਦਾ ਵੱਖਰਾ ਡੇਅਰੀ ਉੱਦਮ ਸਿਖਲਾਈ ਕੋਰਸ ਸ਼ੁਰੂ ਕੀਤਾ ਜਾ ਰਿਹਾ ਹੈ।

ਇਹ ਜਾਣਕਾਰੀ ਦਿੰਦਿਆਂ ਡੇਅਰੀ ਵਿਕਾਸ, ਪਟਿਆਲਾ ਦੇ ਡਿਪਟੀ ਡਾਇਰੈਕਟਰ ਦਲਬੀਰ ਕੁਮਾਰ ਨੇ ਦੱਸਿਆ ਕਿ ਡੇਅਰੀ ਵਿਕਾਸ ਵਿਭਾਗ ਪੰਜਾਬ ਦੇ ਡਾਇਰੈਕਟਰ ਵਰਿਆਮ ਸਿੰਘ ਦੀ ਗਤੀਸ਼ੀਲ ਅਗਵਾਈ ਵਿੱਚ ਇਸ ਸਿਖਲਾਈ ਕੋਰਸ ਦੌਰਾਨ ਡੇਅਰੀ ਫਾਰਮਿੰਗ ਸ਼ੁਰੂ ਕਰਨ ਤੋਂ ਪਹਿਲਾ ਧਿਆਨ ਯੋਗ ਗੱਲਾਂ, ਦੁਧਾਰੂ ਪਸ਼ੂਆਂ ਦੀਆਂ ਨਸਲਾਂ, ਨਸਲ ਸੁਧਾਰ ਲਈ ਨਸਲਕਸ਼ੀ, ਬਨਾਵਟੀ ਗਰਭਦਾਨ, ਸਾਰਾ ਸਾਲ ਹਰਾ ਚਾਰਾ ਪੈਦਾ ਕਰਨ ਦੀ ਵਿਉਂਤਬੰਦੀ, ਪਸ਼ੂਆ ਦੀ ਆਮ ਬੀਮਾਰੀਆਂ ਬਾਰੇ, ਦੁੱਧ ਦੀ ਫੈਟ, ਐਸ .ਐਨ ਐਫ ਬਾਰੇ, ਦੁੱਧ ਤੋਂ ਦੁੱਧ ਤੋਂ ਦੁੱਧ ਪਦਾਰਥ ਤਿਆਰ ਕਰਨ ਬਾਰੇ, ਗੰਡੋਇਆਂ ਦੀ ਖਾਦ ਤਿਆਰ ਕਰਨ ਬਾਰੇ, ਸੰਤੁਲਿਤ ਪਸ਼ੂ ਖੁਰਾਕ ਤਿਆਰ ਕਰਨ ਅਤੇ ਵਰਤੋਂ, ਸਾਫ ਦੁੱਧ ਪੈਦਾ ਕਰਨ, ਡੇਅਰੀ ਫਾਰਮਿੰਗ ਦੀ ਆਰਥਿਕਤਾ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਜਾਂਦੀ ਹੈ।

ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ ਮਿਤੀ 4 ਮਈ 2026 ਤੋਂ ਚਾਰ ਹਫਤੇ ਦਾ ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਡੇਅਰੀ ਉੱਦਮ ਸਿਖਲਾਈ ਤੇ ਵਿਸਥਾਰ ਸੇਵਾ ਕੇਂਦਰ, ਬੀਜਾ (ਲੁਧਿਆਣਾ) ਅਤੇ ਸੰਗਰੂਰ ਵਿਖੇ ਸ਼ੁਰੂ ਕੀਤਾ ਜਾ ਰਿਹਾ ਹੈ। ਜਿਸਦੀ ਜਨਰਲ ਜਾਤੀ ਲਈ ਫੀਸ 5000 ਰੁਪਏ ਅਤੇ ਅਨੁਸੂਚਿਤ ਜਾਤੀ ਲਈ 4000 ਰੁਪਏ ਹੈ। ਸਿਖਲਾਈ ਕੋਰਸ ਲਈ ਉਮੀਦਵਾਰਾਂ ਦੀ ਕਾਊਸਲਿੰਗ ਮਿਤੀ 27 ਅਪ੍ਰੈਲ 2026 ਨੂੰ ਸਵੇਰ 10.00 ਵਜੇ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ, ਬੀਜਾ (ਲੁਧਿਆਣਾ) ਅਤੇ ਸੰਗਰੂਰ ਵਿਖੇ ਕੀਤੀ ਜਾਣੀ ਹੈ। ਦਲਬੀਰ ਕੁਮਾਰ ਨੇ ਦੱਸਿਆ ਕਿ ਸਿਖਲਾਈ ਲਈ ਘੱਟੋ ਘੱਟੋ ਯੋਗਤਾ ਦਸਵੀਂ ਪਾਸ ਹੈ ਅਤੇ ਉਮੀਦਵਾਰ ਪੇਂਡੂ ਖੇਤਰ ਨਾਲ ਸਬੰਧ ਰੱਖਦਾ ਹੋਵੇ। ਸਿਖਿਆਰਥੀਆਂ ਲਈ ਟ੍ਰੇਨਿੰਗ ਦੀ ਉਮਰ 18 ਤੋਂ 55 ਸਾਲ ਹੈ ਅਤੇ ਲਾਭਪਾਤਰੀ ਕੋਲ 5 ਜਾਂ 5 ਤੋਂ ਵੱਧ ਦੁਧਾਰੂ ਪਸ਼ੂ ਰੱਖੇ ਹੋਣੇਂ ਚਾਹੀਦੇ ਹਨ . ਲਾਭਪਾਤਰੀ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਪਟਿਆਲਾ, ਕੁਆਟਰ ਨੰ. 313-321, ਬਲਾਕ -1 ,ਘਲੋੜੀ ਗੇਟ, ਪਟਿਆਲਾ ਪਾਸੋ 100 ਰੁਪਏ ਦਾ ਪ੍ਰਾਸਪੈਕਟ ਪ੍ਰਾਪਤ ਕਰਕੇ ਕਾਊਸਲਿੰਗ/ਚੋਣ ਦੀ ਮਿਤੀ ਤੋਂ ਪਹਿਲਾ ਅਪਲਾਈ ਕਰ ਸਕਦੇ ਹਨ, ਵਧੇਰੇ ਜਾਣਕਾਰੀ ਲਈ ਚਾਹਵਾਨ ਫੋਨ ਨੰਬਰ 81461-00543 'ਤੇ ਵੀ ਸੰਪਰਕ ਕਰ ਸਕਦੇ ਹਨ।

# ਕੇਆਈਐਮਟੀ, ਲੁਧਿਆਣਾ ਵਿੱਚ ਯਾਦਾਂ 2026 ਵਿਦਾਇਗੀ ਸਮਾਰੋਹ ਆਯੋਜਿਤ



**ਲੁਧਿਆਣਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਖਾਲਸਾ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਫਾਰ ਵੁਮੈਨ (KIMT) ਵਿੱਚ ਅੰਤਿਮ ਸਾਲ ਦੀਆਂ ਵਿਦਿਆਰਥਣਾਂ ਲਈ ਵਿਦਾਇਗੀ ਸਮਾਰੋਹ ਯਾਦਾਂ 2026 ਆਯੋਜਿਤ ਕੀਤਾ ਗਿਆ।

ਸਮਾਰੋਹ ਦੌਰਾਨ ਵਿਦਿਆਰਥਣਾਂ ਨੇ ਆਪਣੇ ਅਨੁਭਵ ਸਾਂਝੇ ਕਰਦੇ ਹੋਏ ਅਧਿਆਪਕਾਂ ਦਾ ਧੰਨਵਾਦ ਕੀਤਾ।

ਡਾ. ਹਰਪ੍ਰੀਤ ਕੌਰ, ਡਾਇਰੈਕਟਰ ਨੇ ਵਿਦਿਆਰਥਣਾਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਾਲਜ ਨਾਲ ਜੁੜੇ ਰਹਿਣ ਦੀ ਪ੍ਰੇਰਣਾ ਦਿੱਤੀ। ਪ੍ਰੋਗਰਾਮ ਵਿੱਚ ਰੰਗਾਰੰਗ ਪ੍ਰਸਤੁਤੀਆਂ ਅਤੇ ਫੈਸ਼ਨ ਸ਼ੋਅ ਖਾਸ ਆਕਰਸ਼ਣ ਰਹੇ। ਮਿਸ ਫੇਅਰਵੈਲ ਦਾ ਖਿਤਾਬ ਖੁਸ਼ੀ ਧਾਮਾ (MBA) ਨੇ ਜਿੱਤਿਆ, ਜਦਕਿ ਵਿਨਿਕਾ ਅਰੋੜਾ ਪਹਿਲੀ ਅਤੇ ਸੀਰਤ ਦੂਜੀ ਰਨਰ-ਅੱਪ ਰਹੀ। ਹੋਰ ਖਿਤਾਬ ਵੀ ਵਿਦਿਆਰਥਣਾਂ ਨੂੰ ਪ੍ਰਦਾਨ ਕੀਤੇ ਗਏ।

ਅੰਤ ਵਿੱਚ ਵਿਦਿਆਰਥਣਾਂ ਨੂੰ ਉਨ੍ਹਾਂ ਦੇ ਉਜਲੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

# 24 ਅਪ੍ਰੈਲ ਰਾਤ 8 ਵਜੇ ਹੋਵੇਗੀ ਡੀ ਐਮ ਡਬਲਯੂ ਮੌਕ ਡਰਿੱਲ; ਲੋਕ ਕਿਸੇ ਤਰਾਂ ਦੀ ਘਬਰਾਹਟ 'ਚ ਨਾ ਆਉਣ : ਏ ਡੀ ਸੀ



**ਪਟਿਆਲਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਡਿਪਟੀ ਕਮਿਸ਼ਨਰ ਸਿਮਰਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦਸਿਆ ਕਿ ਸਿਵਲ ਡਿਫੈਂਸ ਦੀ ਤਿਆਰੀ ਨੂੰ ਮਜ਼ਬੂਤ ਕਰਨ ਲਈ ਇਕ ਸਰਗਰਮ ਕਦਮ ਵਜੋਂ ਪਟਿਆਲਾ ਦੇ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਅਗਰਵਾਲ ਦੀ ਅਗਵਾਈ ਵਿਚ ਪੰਜਾਬ ਹੋਮ ਗਾਰਡ ਐਂਡ ਸਿਵਿਲ ਡਿਫੈਂਸ ਵਿਭਾਗ ਵੱਲੋਂ 24 ਅਪ੍ਰੈਲ ਰਾਤ 8 ਬਜੇ ਪਟਿਆਲਾ ਦੇ ਡੀ ਐਮ ਡਬਲਿਉ ਏਅਰ ਰੇਡ/ਬਲੈਕਆਊਟ ਮੌਕ ਐਕਸਰਸਾਈਜ਼ ਅਭਿਆਸ ਕਰਵਾਈ ਜਾ ਰਹੀ ਹੈ।

ਓਹਨਾ ਦਸਿਆ ਕਿ ਇਹ ਮੌਕ ਐਕਸਰਸਾਈਜ਼ ਏਅਰ ਰੇਡ ਚੇਤਾਵਨੀ ਸਿਗਨਲ ਨਾਲ ਸ਼ੁਰੂ ਹੋਵੇਗੀ ਜੋ ਸਾਇਰਨ (02 ਮਿੰਟ ਲਈ ਉੱਚੀ-ਨੀਵੀਂ ਪਿੱਚ) ਰਾਹੀਂ ਪ੍ਰਸਾਰਿਤ ਕੀਤੀ ਜਾਵੇਗੀ। ਇਸ ਮੌਕ ਐਕਸਰਸਾਈਜ਼ ਦੌਰਾਨ ਡਿਪਟੀ ਕਮਿਸ਼ਨਰ-ਕਮ-ਕੰਟਰੋਲਰ, ਸਿਵਲ ਡਿਫੈਂਸ ਦੁਆਰਾ ਮੌਕ ਐਕਸਰਸਾਈਜ਼ ਲਈ ਨਿਰਧਾਰਤ ਡੀ ਐਮ ਡਬਲਯੂ ਦੇ ਨਾਲ ਲਗਦੇ ਖੇਤਰ ਚ ਬਲੈਕਆਊਟ ਲਾਗੂ ਕੀਤਾ ਜਾਵੇਗਾ। ਬਲੈਕਆਊਟ ਦੌਰਾਨ ਇਸ ਖੇਤਰ ਦੇ ਆਮ ਲੋਕਾਂ ਦੁਆਰਾ ਸਾਰੀਆਂ ਗੈਰ-ਜ਼ਰੂਰੀ ਲਾਈਟਾਂ ਬੰਦ ਰੱਖੀਆਂ ਜਾਣ। ਉਹਨਾ ਜਨਤਾ ਨੂੰ ਵੀ ਅਪੀਲ ਕੀਤੀ ਕਿ 8 ਬਜੇ ਆਪਣੇ ਘਰ ਕੇ ਸਿਕਉਰਟਿ ਕੈਮਰੇ ਅਤੇ ਇੰਨਵਰਟਰ ਬੰਦ ਰੱਖਣ । ਓਹਨਾ ਇਹ ਵੀ ਕਿਹਾ ਕਿ ਬਲੈਕਆਊਟ ਦੌਰਾਨ ਜ਼ਰੂਰੀ ਸੇਵਾਵਾਂ ਚਾਲੂ ਰਹਿਣਗੀਆਂ।

ਇੱਕ ਵਾਰ ਮੌਕ ਐਕਸਰਸਾਈਜ਼ ਪੂਰੀ ਹੋਣ ਤੋਂ ਬਾਅਦ, ਸਭ ਠੀਕ ਹੈ ਸਿਗਨਲ ਵਜਾਇਆ ਜਾਵੇਗਾ (02 ਮਿੰਟ ਲਈ ਲਗਾਤਾਰ ਉੱਚੀ ਪਿੱਚ ਵਾਲਾ ਸਾਇਰਨ), ਜੋ ਕਿ ਮੌਕ ਐਕਸਰਸਾਈਜ਼ ਦੇ ਸਮਾਪਤ ਹੋਣ ਦਾ ਸੰਕੇਤ ਹੋਵੇਗਾ।

ਸਿਵਿਲ ਡਿਫੈਂਸ ਦੇ ਨੋਡਲ ਅਫ਼ਸਰ ਮੋਹਨਦੀਪ ਸਿੰਘ ਅਤੇ ਚੀਫ਼ ਵਾਰਡਨ ਕੇ ਐਸ ਸੇਖੋਂ ਨੇ ਦਸਿਆ ਕਿ ਇਸ ਮੌਕ ਐਕਸਰਸਾਈਜ਼ ਦੌਰਾਨ ਫਾਇਰ ਰਿਸਪਾਂਸ ਆਪ੍ਰੇਸ਼ਨ, ਸਰਚ ਐਂਡ ਰੈਸਕਿਊ ਆਪ੍ਰੇਸ਼ਨ, ਫਸਟ-ਏਡ ਅਤੇ ਮੈਡੀਕਲ ਸਹਾਇਤਾ, ਜ਼ਖਮੀ ਵਿਅਕਤੀਆਂ ਨੂੰ ਬਾਹਰ ਕੱਢਣ, ਟ੍ਰੈਫਿਕ ਅਤੇ ਭੀੜ ਕੰਟਰੋਲ ਦੇ ਉਪਾਵਾਂ ਦਾ ਅਭਿਆਸ ਕੀਤਾ ਜਾਵੇਗਾ।

ਏ ਡੀ ਸੀ ਨੇ ਆਮ ਜਨਤਾ ਨੂੰ ਅਪੀਲ ਕੀਤੀ ਹੈ ਕਿ ਉਹ ਘਬਰਾਉਣ ਨਾ ਕਿਉਂਕਿ ਇਹ ਸਿਵਲ ਡਿਫੈਂਸ ਦੀਆਂ ਤਿਆਰੀਆਂ ਦੀ ਜਾਂਚ ਕਰਨ ਲਈ ਇੱਕ ਰੁਟੀਨ ਮੌਕ ਡਰਿੱਲ ਹੈ। ਓਹਨਾ ਕਿਹਾ ਕਿ ਅਜਿਹੀਆਂ ਡੀ ਐਮ ਡਬਲਯੂ ਮੌਕ ਡਰਿੱਲ ਪਹਿਲਾਂ ਵੀ ਹੁੰਦੀਆਂ ਰਹੀਆਂ ਹਨ , ਇਹ ਕੇਵਲ ਅਭਿਆਸ ਹੈ ਜੋਂ ਕਿ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਸਿਵਿਲ ਡਿਫੈਂਸ ਵੱਲੋਂ ਹੀ ਕੀਤਾ ਜਾ ਰਿਹਾ ਹੈ।

# ਗੁਰਦੁਆਰਾ ਸਾਹਿਬ 'ਚ ਬੇਅਦਬੀ ਦੀ ਕੋਸ਼ਿਸ਼, ਔਰਤ ਨੂੰ ਸੰਗਤ ਨੇ ਮੌਕੇ 'ਤੇ ਕਾਬੂ ਕਰਕੇ ਕੀਤਾ ਪੁਲਿਸ ਹਵਾਲੇ

**ਲੁਧਿਆਣਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਲੁਧਿਆਣਾ ਦੇ ਸਮਰਾਲਾ ਚੌਕ ਵਿੱਚ ਨਾਨਕਸਰ ਗੁਰਦੁਆਰਾ ਸਾਹਿਬ ਵਿੱਚ ਉਸ ਵੇਲੇ ਹੰਗਾਮਾ ਹੋ ਗਿਆ , ਜਦੋਂ ਇੱਕ ਔਰਤ ਵੱਲੋਂ ਗੁਰਦੁਆਰਾ ਸਾਹਿਬ ਦੇ ਅੰਦਰ ਦਾਖਲ ਹੋ ਕੇ ਬੇਅਦਬੀ ਦੀ ਨੀਅਤ ਨਾਲ ਅਜੀਬ ਹਰਕਤਾਂ ਕੀਤੀਆਂ ਗਈਆਂ ।

ਇਹ ਘਟਨਾ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਸੀ, ਜਿਸ ਨਾਲ ਸੰਗਤ ਵਿੱਚ ਗੁੱਸਾ ਅਤੇ ਚਿੰਤਾ ਦਾ ਮਾਹੌਲ ਬਣ ਗਿਆ। ਮਿਲੀ ਜਾਣਕਾਰੀ ਅਨੁਸਾਰ ਸਮਰਾਲਾ ਚੌਂਕ ਦੀ ਰਹਿਣ ਵਾਲੀ ਔਰਤ ਗੀਤਾ ਗੁਰਦੁਆਰਾ ਸਾਹਿਬ ਦੇ ਅੰਦਰ ਦਾਖਲ ਹੋਈ। ਦੱਸਿਆ ਜਾ ਰਿਹਾ ਹੈ ਕਿ ਉਸ ਨੇ ਸਿਰ ਤੋਂ ਆਪਣੀ ਚੁੰਨੀ ਉਤਾਰ ਲਈ ਅਤੇ ਬੇਅਦਬੀ ਦੀ ਨੀਅਤ ਨਾਲ ਅਜੀਬ ਹਰਕਤਾਂ ਕਰਨ ਲੱਗ ਪਈ। ਮਹਿਲਾ ਦੀਆਂ ਹਰਕਤਾਂ ਵੇਖ ਕੇ ਉੱਥੇ ਮੌਜੂਦ ਸੰਗਤ ਅਤੇ ਸੇਵਾਦਾਰ ਹੈਰਾਨ ਰਹਿ ਗਏ।

ਹਾਲਾਤ ਨੂੰ ਦੇਖਦਿਆਂ ਗੁਰਦੁਆਰਾ ਸਾਹਿਬ ਦੇ ਅੰਦਰ ਮੌਜੂਦ ਸਿੰਘਾਂ ਨੇ ਤੁਰੰਤ ਸਚੇਤਤਾ ਦਿਖਾਉਂਦੇ ਹੋਏ ਔਰਤ ਨੂੰ ਮੌਕੇ 'ਤੇ ਹੀ ਕਾਬੂ ਕਰ ਲਿਆ। ਜਿਸ ਤੋਂ ਬਾਅਦ ਉਸ ਨੂੰ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ, ਤਾਂ ਜੋ ਅਗਲੀ ਕਾਰਵਾਈ ਕੀਤੀ ਜਾ ਸਕੇ।

# ਬੀਜੇਪੀ ਆਗੂ ਸਤਪਾਲ ਪੂਨੀਆ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਕੀਤੀ ਮੁਲਾਕਾਤ



**ਸਨੌਰ,27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਸਨੌਰ ਤੋਂ ਬੀਜੇਪੀ ਦੇ ਸੀਨੀਅਰ ਆਗੂ ਸਤਪਾਲ ਸਿੰਘ ਪੂਨੀਆ ਨੇ ਆਪਣੇ ਸਾਥੀਆਂ ਸਮੇਤ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਮੁਲਾਕਾਤ ਕੀਤੀ। ਸਤਪਾਲ ਪੂਨੀਆ ਨੇ ਕਿਹਾ ਕਿ ਮੁੱਖ ਮੰਤਰੀ ਸੈਣੀ ਵੱਲੋਂ ਉਨ੍ਹਾਂ ਨੂੰ ਵਿਧਾਨ ਸਭਾ ਹਲਕਾ ਸਨੌਰ ਤੋਂ ਬੀਜੇਪੀ ਨੂੰ ਪਿੰਡ ਪੱਧਰ ਤੇ ਮਜਬੂਤ ਕਰਨ ਅਤੇ ਆਪਣੀਆਂ ਰਾਜਸੀ ਗਤੀਵਿਧੀਆਂ ਨੂੰ ਤੇਜ ਕਰਨ ਲਈ ਥਾਪੜਾ ਅਤੇ ਆਸ਼ੀਰਵਾਦ ਦਿੱਤਾ ਤਾਂ ਜ਼ੋ 2027 ਚੋਣਾਂ ਦੌਰਾਨ ਸ਼ਾਨਦਾਰ ਜਿੱਤ ਦਿਵਾਈ ਜਾਵੇ। ਇਸ ਮੌਕੇ ਪੂਨੀਆ ਨੇ ਨੇ ਕਿਹਾ ਕਿ ਮੰਡੀਆਂ ਚ ਕਿਸਾਨਾਂ ਦੀ ਫ਼ਸਲ ਦੀ ਹੋ ਰਹੀ ਬੇਕਦਰੀ ਅਤੇ ਖਰੀਦ ਅਤੇ ਲਿਫਟਿੰਗ ਦੇ ਪ੍ਰਬੰਧ ਠੀਕ ਨਾ ਹੋਣ ਕਰਕੇ ਕਿਸਾਨਾ ਨੂੰ ਮੁਸ਼ਕਿਲਾਂ ਦਾ ਸਾਹਮਣਾਂ ਕਰਨਾ ਪੈ ਰਿਹਾ ਹੈ ਇਸ ਸਤਪਾਲ ਪੂਨੀਆ ਨੇ ਆਪ ਪਾਰਟੀ ਨੂੰ ਜਿੰਮੇਵਾਰ ਠਹਿਰਾਇਆ।

ਪੂਨੀਆ ਨੇ ਸਰਕਾਰ ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਲਈ ਬਣਾਈਆ ਗਈਆਂ ਨੀਤੀਆ ਜਮੀਨੀ ਪੱਧਰ ਤੇ ਲਾਗੂ ਨਹੀ ਹੋ ਰਹੀਆ।

ਉਨ੍ਹਾਂ ਨੇ ਮੰਗ ਕੀਤੀ ਕੀ ਖਰੀਦ ਪ੍ਰੀਕ੍ਰਿਆ ਨੂੰ ਤੇਜ਼ ਕੀਤਾ ਜਾਵੇ ਅਤੇ ਮੰਡੀ ਚ ਜ਼ਰੂਰੀ ਸਹੂਲਤਾਂ ਜਿਵੇਂ ਪੀਣ ਵਾਲਾ ਪਾਣੀ, ਸਾਫ ਸਫਾਈ, ਛਾਂ ਦੀ ਢੁਕਵੀਂ ਵਿਵਸਥਾ, ਯਕੀਨੀ ਬਣਾਈ ਜਾਵੇ। ਇਸ ਅਵਸਰ ਤੇ ਉਨ੍ਹਾਂ ਨਾਲ ਕਈ ਸਥਾਨਕ ਆਗੂ ਤੇ ਵਰਕਰ ਮੌਜੂਦ ਸਨ।

# ਤੱਕੜੀ ਦੇ ਨਿਸ਼ਾਨ ਤੇ ਚੋਣ ਲੜਨ ਨੂੰ ਲੈ ਕੇ ਅਕਾਲੀ ਵਰਕਰਾਂ 'ਚ ਭਾਰੀ ਉਤਸ਼ਾਹ : ਵਾਹਦ, ਖੁਰਾਣਾ

**ਫਗਵਾੜਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ ਮੁਤਾਬਕ ਪੰਜਾਬ ਵਿਧਾਨ-ਸਭਾ ਚੋਣਾਂ ਦੇ ਮੱਦੇਨਜਰ ਹਲਕਾ ਪੱਧਰ ਤੇ 51 ਮੈਂਬਰੀ ਤਾਲਮੇਲ ਕਮੇਟੀਆਂ ਦਾ ਗਠਨ ਕੀਤਾ ਜਾ ਰਿਹਾ ਹੈ। ਜਿਸ ਤਹਿਤ ਸ੍ਰੋਮਣੀ ਅਕਾਲੀ ਦਲ ਹਲਕਾ ਫਗਵਾੜਾ ਸ਼ਹਿਰੀ ਦੇ ਇੰਚਾਰਜ ਸ. ਰਣਜੀਤ ਸਿੰਘ ਖੁਰਾਣਾ ਕੋਰ ਕਮੇਟੀ ਮੈਂਬਰ ਪੰਜਾਬ (ਇੰਡਸਟਰੀ ਵਿੰਗ) ਨੇ 51 ਮੈਂਬਰੀ ਤਾਲਮੇਲ ਕਮੇਟੀ ਫਗਵਾੜਾ ਦੀ ਲਿਸਟ ਜਾਰੀ ਕੀਤੀ। ਇਸ ਮੌਕੇ ਜਿਲ੍ਹਾ ਕਪੂਰਥਲਾ ਸ਼ਹਿਰੀ ਪ੍ਰਧਾਨ ਸ. ਜਰਨੈਲ ਸਿੰਘ ਵਾਹਦ ਵਿਸ਼ੇਸ ਤੌਰ ਤੇ ਮਜੂਦ ਸਨ। ਤੇ ਉੱਨਾਂ ਦੀ ਹਾਜ਼ਰੀ ਵਿੱਚ ਖੁਰਾਣਾ ਨੇ ਦੱਸਿਆ ਕੇ ਇਸ ਕਮੇਟੀ ਵਿੱਚ ਪਾਰਟੀ ਦੇ ਜੁਝਾਰੂ ਵਰਕਰਾਂ ਅਤੇ ਸੀਨੀਅਰ ਅਹੁਦੇਦਾਰਾਂ ਨੂੰ ਸ਼ਾਮਲ ਕੀਤਾ ਗਿਆ ਹੈ। ਜੋ ਸਮੂਹ ਪਾਰਟੀ ਵਰਕਰਾਂ ਅਤੇ ਸਮਰਥਕਾਂ ਵਿੱਚ ਆਉਂਦੀਆਂ ਵਿਧਾਨ-ਸਭਾ ਚੋਣਾਂ ਨੂੰ ਲੈ ਕੇ ਜੋਸ਼ ਦਾ ਸੰਚਾਰ ਕਰਨਗੇ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਫਗਵਾੜਾ ਵਿਧਾਨ-ਸਭਾ ਹਲਕੇ ਵਿੱਚ ਮਜਬੂਤ ਆਧਾਰ ਹੈ। ਕਿਉਂਕਿ ਸ਼੍ਰੋਮਣੀ ਅਕਾਲੀ ਦਲ ਇਸ ਸੀਟ ਤੋਂ ਪਹਿਲੀ ਵਾਰ ਆਪਣੇ ਚੋਣ ਨਿਸ਼ਾਨ 'ਤੱਕੜੀ ਤੇ ਚੋਣ ਲੜਨ ਜਾ ਰਿਹਾ ਹੈ, ਇਸ ਲਈ ਵੋਟਰਾਂ ਤੇ ਸਪੋਰਟਰਾਂ ਵਿੱਚ



ਵਿਸ਼ੇਸ਼ ਉਤਸ਼ਾਹ ਹੈ। ਉਹਨਾਂ ਦੱਸਿਆ ਕਿ 51 ਮੈਂਬਰੀ ਤਾਲਮੇਲ ਕਮੇਟੀ ਵਾਰਡ ਪੱਧਰ 'ਤੇ ਵੋਟਰਾਂ ਨਾਲ ਰਾਬਤਾ ਕਰਕੇ ਸ਼੍ਰੋਮਣੀ ਅਕਾਲੀ ਦਲ ਦੀ ਤਾਕਤ ਵਧਾਉਣ ਦਾ ਕੰਮ ਕਰੇਗੀ। ਇਸ ਦੌਰਾਨ ਜਿਲ੍ਹਾ ਸ਼ਹਿਰੀ ਪ੍ਰਧਾਨ ਸ. ਜਰਨੈਲ ਸਿੰਘ ਵਾਹਦ ਨੇ ਦਾਅਵੇ ਨਾਲ ਕਿਹਾ ਕਿ ਪੰਜਾਬ ਵਿੱਚ ਅਗਲੀ ਸਰਕਾਰ ਸ. ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਦੀ ਬਣੇਗੀ। ਹਲਕਾ ਇੰਚਾਰਜ ਸ. ਰਣਜੀਤ ਸਿੰਘ ਖੁਰਾਣਾ ਵਲੋਂ ਜਾਰੀ ਲਿਸਟ ਅਨੁਸਾਰ ਕਮੇਟੀ ਵਿੱਚ ਸੁਖਵਿੰਦਰ ਸਿੰਘ ਕੰਬੋਜ, ਬੀਬੀ ਸਰਬਜੀਤ ਕੌਰ, ਹਰਵਿੰਦਰ ਸਿੰਘ ਵਾਲੀਆਂ, ਅਵਤਾਰ ਸਿੰਘ ਭੁੰਗਰਨੀ, ਸਰੂਪ ਸਿੰਘ ਖਲਵਾੜਾ, ਬਲਜਿੰਦਰ ਸਿੰਘ ਠੇਕੇਦਾਰ, ਬਹਾਦੁਰ ਸਿੰਘ ਸੰਗਤਪੁਰ, ਅਵਤਾਰ ਸਿੰਘ ਮੰਗੀ, ਪ੍ਰਿਤਪਾਲ ਸਿੰਘ ਮੰਗਾ, ਗੁਰਮੀਤ ਸਿੰਘ ਬਡਵਾਲ, ਬਲਜੀਤ ਸਿੰਘ ਵਾਲੀਆ, ਸੁਖਵੀਰ ਸਿੰਘ ਕਿੰਨੜਾ, ਕੁਲਵਿੰਦਰ ਸਿੰਘ ਕਿੰਦਾ, ਪਰਮਿੰਦਰ ਸਿੰਘ ਜੰਡੂ, ਸਰਬਜੀਤ ਸਿੰਘ ਕਾਕਾ, ਹਰਜੋਤ ਸਿੰਘ ਪਾਹਵਾ, , ਸ਼ਿੰਗਾਰਾ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਝਿਰਮਲ ਸਿੰਘ ਭਿੰਡਰ, ਗੁਰਮੁੱਖ ਸਿੰਘ ਚਾਨਾ, ਗੁਰਦਿਆਲ ਸਿੰਘ ਲੱਖਪੁਰ, ਗਜਵੀਰ ਸਿੰਘ ਵਾਲੀਆ, ਡਾ. ਵਸੀਮ ਅਹਿਮਦ, ਦਲਜੀਤ ਕੌਰ ਬਡਵਾਲ, ਕਮਲਜੀਤ ਕੌਰ ਕੋਸਲਰ, ਜਸਵਿੰਦਰ ਕੌਰ ਕੋਸਲਰ, ਪੁਸ਼ਪਿੰਦਰ ਕੌਰ ਸਾਬਕਾ ਕੋਸਲਰ, ਰਣਜੀਤ ਸਿੰਘ ਸੰਧਲ, ਗੁਰਪ੍ਰੀਤ ਸਿੰਘ ਬੱਗਾ, ਦਵਿੰਦਰ ਸਿੰਘ, ਗਿਆਨ ਸਿੰਘ ਚਾਨਾ, ਗੁਰਮੀਤ ਸਿੰਘ ਰਾਵਲਪਿੰਡੀ, ਮੋਹਣ ਸਿੰਘ ਗਾਂਧੀ, ਹਰਦੀਪ ਸਿੰਘ ਬੇਦੀ, ਸਰਬਜੀਤ ਕੌਰ, ਜਸਵਿੰਦਰ ਸਿੰਘ ਭਗਤਪੁਰਾ, ਰੋਹਿਤ ਪਾਲ, ਹਰਵੇਲ ਸਿੰਘ ਪਾਹਵਾ, ਸੁਰਿੰਦਰ ਸਿੰਘ ਪਾਹਵਾ, ਰਾਜਵੀਰ ਸਿੰਘ ਪਰਮਾਰ, ਗੁਰਸਿਮਰ ਸਿੰਘ, ਨਰਿੰਦਰ ਸਿੰਘ ਗੋਲਡੀ, ਸੁਖਦੀਪ ਸਿੰਘ ਵਾਲੀਆ, ਸੁਖਬੀਰ ਸਿੰਘ ਰਿਟਾਇਰ ਇੰਸਪੈਕਟਰ, ਜਸਵੀਰ ਸਿੰਘ ਉਮਰਾਨੰਗਲ, ਜਸਵਿੰਦਰ ਸਿੰਘ ਬਸਰਾ, ਗੁਲਜ਼ਾਰ ਸਿੰਘ ਬਸਰਾ, ਆਸ਼ੂ ਛਾਬੜਾ, ਪਰਮਜੀਤ ਸਿੰਘ ਆਜ਼ਾਦ, ਪ੍ਰਦੀਪ ਸਿੰਘ, ਵਿਸ਼ੂ ਕੁਮਾਰ, ਅਕਾਸਦੀਪ ਸਿੰਘ ਪਾਹਵਾ, ਕੁਲਦੀਪ ਸਿੰਘ ਬਸਰਾ, ਚਰਨਜੀਤ ਸਿੰਘ ਬਤਰਾ, ਬਰਜਿੰਦਰ ਸਿੰਘ ਪਰਮਾਰ, ਚਰਨਜੀਤ ਕੁਮਾਰ ਸੁਰੇਸ਼, ਅੰਮ੍ਰਿਤ ਚਾਨਾ, ਜਤਿੰਦਰ ਸਿੰਘ ਘੁੱਮਣ, ਗੁਰਬਖਸ਼ ਸਿੰਘ ਪਨੇਸਰ ਨੂੰ ਸ਼ਾਮਲ ਕੀਤਾ ਗਿਆ ਹੈ।

# ਵਿਧਾਇਕ ਅਮਰਗੜ੍ਹ ਵੱਲੋਂ ਸਿੱਖਿਆ ਕ੍ਰਾਂਤੀ 2.0 ਤਹਿਤ ਅਮਰਗੜ੍ਹ ਹਲਕੇ ਵਿੱਚ ਕਰੀਬ 61 ਲੱਖ ਦੇ ਵਿਕਾਸ ਕਾਰਜਾਂ ਦਾ ਉਦਘਾਟਨ

**ਮਲੇਰਕੋਟਲਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਤੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਸਿੱਖਿਆ ਕ੍ਰਾਂਤੀ 2.0 ਦੇ ਤਹਿਤ ਵਿਧਾਨ ਸਭਾ ਹਲਕਾ ਅਮਰਗੜ੍ਹ ਵਿੱਚ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਡੇ ਪੱਧਰ 'ਤੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ।



ਇਸੇ ਕੜੀ ਤਹਿਤ ਵਿਧਾਇਕ ਅਮਰਗੜ੍ਹ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਵੱਲੋਂ ਪਿੰਡ ਖਾਨਪੁਰ, ਦੁੱਗਰੀ, ਹਥੋਆ, ਹੈਦਰ ਨਗਰ, ਬਾਦਸ਼ਾਹਪੁਰ ਅਤੇ ਸਰੋਦ ਦੇ ਸਰਕਾਰੀ ਸਕੂਲਾਂ ਵਿੱਚ ਲਗਭਗ 60 ਲੱਖ 96 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ।

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖਾਨਪੁਰ ਵਿਖੇ 10 ਲੱਖ 98 ਹਜ਼ਾਰ ਰੁਪਏ ਦੀ ਲਾਗਤ ਨਾਲ ਸਾਇੰਸ ਲੈਬ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਥੋਆ ਵਿਖੇ 07 ਲੱਖ 51 ਹਜ਼ਾਰ ਰੁਪਏ ਦੀ ਲਾਗਤ ਨਾਲ ਉਸਾਰੇ ਗਏ ਕਲਾਸ ਰੂਮ, ਸਰਕਾਰੀ ਹਾਈ ਸਕੂਲ ਦੁੱਗਰੀ ਵਿਖੇ 10 ਲੱਖ 98 ਹਜ਼ਾਰ ਰੁਪਏ ਨਾਲ ਸਾਇੰਸ ਲੈਬ, ਸਰਕਾਰੀ ਹਾਈ ਸਕੂਲ ਸਰੋਦ ਵਿਖੇ 10 ਲੱਖ 98 ਹਜ਼ਾਰ ਰੁਪਏ ਨਾਲ ਸਾਇੰਸ ਲੈਬ, ਸਰਕਾਰੀ ਮਿਡਲ ਸਕੂਲ ਹੈਦਰ ਨਗਰ ਵਿਖੇ 13 ਲੱਖ ਰੁਪਏ ਦੀ ਲਾਗਤ ਨਾਲ ਉਸਾਰੀ ਗਈ ਚਾਰਦੀਵਾਰੀ ਅਤੇ ਸਰਕਾਰੀ ਮਿਡਲ ਸਕੂਲ ਬਾਦਸ਼ਾਹਪੁਰ ਵਿਖੇ 07 ਲੱਖ 51 ਹਜ਼ਾਰ ਰੁਪਏ ਦੀ ਲਾਗਤ ਨਾਲ ਉਸਾਰੇ ਗਏ ਕਲਾਸ ਰੂਮ ਦਾ ਉਦਘਾਟਨ ਕੀਤਾ ਗਿਆ।

ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਕਰਕੇ ਪੰਜਾਬ ਦਾ ਚਹੁੰਮੁਖੀ ਵਿਕਾਸ ਸੰਭਵ ਹੋਇਆ ਹੈ ਅਤੇ ਇਸੇ ਸੋਚ ਕਰਕੇ ਸੂਬੇ ਵਿੱਚ ਸਿੱਖਿਆ ਖੇਤਰ ਵਿੱਚ ਬੇਮਿਸਾਲ ਤਰੱਕੀ ਹੋ ਰਹੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਸਰਕਾਰੀ ਸਕੂਲਾਂ ਨੂੰ ਵੀ ਪ੍ਰਾਈਵੇਟ ਸਕੂਲਾਂ ਦੀ ਤਰ੍ਹਾਂ ਆਧੁਨਿਕ ਸਹੂਲਤਾਂ ਨਾਲ ਲੈਸ ਕਰਕੇ ਵਿਦਿਆਰਥੀਆਂ ਨੂੰ ਉੱਚ ਪੱਧਰੀ ਸਿੱਖਿਆ ਮੁਹੱਈਆ ਕਰਵਾਈ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਇਹ ਨਿਵੇਕਲੇ ਉਪਰਾਲੇ ਵਿਦਿਆਰਥੀਆਂ ਦੇ ਭਵਿੱਖ ਨੂੰ ਨਵੀਂ ਦਿਸ਼ਾ ਦੇਣ ਵਿੱਚ ਮਦਦਗਾਰ ਸਾਬਤ ਹੋਣਗੇ ਅਤੇ ਪਿੰਡਾਂ ਦੇ ਬੱਚਿਆਂ ਨੂੰ ਵੀ ਸ਼ਹਿਰੀ ਸਕੂਲਾਂ ਦੇ ਪੱਧਰ ਦੀ ਸਿੱਖਿਆ ਪ੍ਰਾਪਤ ਹੋਵੇਗੀ। ਉਨ੍ਹਾਂ ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਇਹਨਾਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਵਿਦਿਆਰਥੀਆਂ ਤੱਕ ਪਹੁੰਚਾਇਆ ਜਾਵੇ ਤਾਂ ਜੋ ਸਿੱਖਿਆ ਦਾ ਮਿਆਰ ਹੋਰ ਉੱਚਾ ਹੋ ਸਕੇ।

# ਬਲਜੀਤ ਸਿੰਘ ਢਿੱਲੋਂ ਦਾ ਕਹਾਣੀ ਸੰਗ੍ਰਹਿ 'ਮਜ਼ਬੂਰੀ ਦੀਆਂ ਜ਼ੰਜੀਰਾਂ' 26 ਅਪ੍ਰੈਲ ਨੂੰ ਹੋਵੇਗਾ ਲੋਕ ਅਰਪਣ

**ਲੁਧਿਆਣਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਨਾਮਵਰ ਕਾਲਮਨਵੀਸ਼ ਸ੍ਰ. ਬਲਜੀਤ ਸਿੰਘ ਢਿੱਲੋਂ ਦੀ ਦੂਜੀ ਕਹਾਣੀ ਸੰਗ੍ਰਹਿ 'ਮਜ਼ਬੂਰੀ ਦੀਆਂ ਜ਼ੰਜੀਰਾਂ' ਐਤਵਾਰ, 26 ਅਪ੍ਰੈਲ ਨੂੰ ਦੁਪਹਿਰ 2:00 ਵਜੇ ਜਵੱਦੀ ਟਕਸਾਲ ਵਿਖੇ ਵਿਸ਼ੇਸ਼ ਸਮਾਰੋਹ ਦੌਰਾਨ ਲੋਕ ਅਰਪਣ ਕੀਤੀ ਜਾਵੇਗੀ। ਇਸ ਸੰਬੰਧੀ ਕਿਤਾਬ ਦੇ ਪ੍ਰਕਾਸ਼ਕ ਸ੍ਰ. ਗੁਰਦੀਪ ਸਿੰਘ ਮੁੰਡਾਹਰ ਵਲੋਂ ਜਾਰੀ ਜਾਣਕਾਰੀ ਅਨੁਸਾਰ ਇਹ ਸਮਾਰੋਹ ਜਵੱਦੀ ਟਕਸਾਲ ਦੇ ਮੁਖੀ ਮਹਾਂਪੁਰਖ ਸੰਤ ਬਾਬਾ ਅਮੀਰ ਸਿੰਘ ਜੀ ਦੀ ਸਰਪ੍ਰਸਤੀ ਹੇਠ ਆਯੋਜਿਤ ਕੀਤਾ ਜਾ ਰਿਹਾ ਹੈ, ਜਿਸ ਦੌਰਾਨ ਧਰਮ, ਭਾਸ਼ਾ, ਸਿੱਖਿਆ ਅਤੇ ਸਾਹਿਤ ਨਾਲ ਸੰਬੰਧਿਤ ਪ੍ਰਮੁੱਖ ਸ਼ਖਸੀਅਤਾਂ ਦੇ ਮੁਬਾਰਕ ਹੱਥਾਂ ਨਾਲ ਕਿਤਾਬ ਦਾ ਲੋਕ ਅਰਪਣ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਕਹਾਣੀ ਸੰਗ੍ਰਹਿ ਵਿੱਚ ਸ਼ਾਮਲ ਕਹਾਣੀਆਂ ਮਾਂ ਬੋਲੀ, ਮਾਂ ਧਰਤੀ, ਮਾਤਾ-ਪਿਤਾ ਪ੍ਰਤੀ ਆਦਰ ਅਤੇ ਸਮਰਪਣ, ਇਨਸਾਫ ਦੀ ਭਾਵਨਾ, ਸਮਾਜਿਕ ਸੂਝ-ਬੂਝ ਅਤੇ ਬੇਸਮਝੀ ਵਰਗੇ ਅਹਿਮ ਵਿਸ਼ਿਆਂ ਨੂੰ ਛੂਹਦੀਆਂ ਹਨ, ਜੋ ਪਾਠਕਾਂ ਨੂੰ ਗਹਿਰਾਈ ਨਾਲ ਪ੍ਰਭਾਵਿਤ ਕਰਨਗੀਆਂ। .

ਮੁੰਡਾਹਰ ਨੇ ਹੋਰ ਦੱਸਿਆ ਕਿ ਸ੍ਰ. ਬਲਜੀਤ ਸਿੰਘ ਢਿੱਲੋਂ ਇਸ ਤੋਂ ਪਹਿਲਾਂ ਵੀ 'ਨਾਮ', 'ਆਨ ਸ਼ਾਨ ਦੀ ਪ੍ਰਤੀਕ ਦਸਤਾਰ', 'ਉੱਜੜਦਾ ਪੰਜਾਬ', 'ਬਾਪੂ ਦੀ ਸੇਵਾ' ਅਤੇ '50 ਸਾਲ ਪਹਿਲਾਂ' ਵਰਗੀਆਂ ਪ੍ਰਸਿੱਧ ਕਿਤਾਬਾਂ ਦੇ ਨਾਲ ਨਾਲ ਵੱਖ-ਵੱਖ ਸਮਾਜਿਕ ਅਤੇ ਸਾਹਿਤਕ ਮਸਲਿਆਂ 'ਤੇ ਕਾਲਮ ਲਿਖ ਕੇ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੀ ਨਿਰੰਤਰ ਸੇਵਾ ਕਰਦੇ ਆ ਰਹੇ ਹਨ।

# ਉੱਤਰਾਖੰਡ 'ਚ ਭਿਆਨਕ ਸੜਕ ਹਾਦਸਾ: ਅੰਤਿਮ ਸੰਸਕਾਰ ਤੋਂ ਪਰਤ ਰਹੇ 8 ਲੋਕਾਂ ਦੀ ਮੌਤ

**ਉੱਤਰਾਖੰਡ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਉੱਤਰਾਖੰਡ ਦੇ ਟਿਹਰੀ ਜ਼ਿਲ੍ਹੇ ਅਧੀਨ ਪੈਂਦੇ ਚੰਬਾ ਖੇਤਰ ਵਿੱਚ ਵਾਪਰੇ ਇੱਕ ਭਿਆਨਕ ਸੜਕ ਹਾਦਸੇ ਦੌਰਾਨ ਅੱਠ ਵਿਅਕਤੀਆਂ ਦੀ ਮੌਤ ਹੋ ਗਈ ਹੈ। ਇਹ ਹਾਦਸਾ ਚੰਬਾ-ਕੋਟੀ ਮਾਰਗ 'ਤੇ ਉਸ ਵੇਲੇ ਵਾਪਰਿਆ ਜਦੋਂ ਇੱਕ ਬੋਲੈਰੋ ਕੈਂਪਰ ਗੱਡੀ ਬੇਕਾਬੂ ਹੋ ਕੇ ਡੂੰਘੀ ਖੱਡ ਵਿੱਚ ਜਾ ਡਿੱਗੀ। ਹਾਦਸੇ ਦੌਰਾਨ ਦੋ ਵਿਅਕਤੀਆਂ ਨੂੰ ਸੁਰੱਖਿਅਤ ਬਚਾ ਲਿਆ ਗਿਆ ਹੈ।



ਜਾਣਕਾਰੀ ਅਨੁਸਾਰ ਬੋਲੈਰੋ ਗੱਡੀ (ਯੂਕੇ 09 ਟੀਏ 1799) ਰਿਸ਼ੀਕੇਸ਼ ਤੋਂ ਘੰਸਾਲੀ ਵੱਲ ਜਾ ਰਹੀ ਸੀ। ਟਿਹਰੀ ਦੀ ਐੱਸ.ਐੱਸ.ਪੀ. ਸ਼ਵੇਤਾ ਚੌਬੇ ਨੇ ਦੱਸਿਆ ਕਿ ਗੱਡੀ ਸਵਾਰ ਹਰਿਦੁਆਰ ਵਿੱਚ ਇੱਕ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋ ਕੇ ਵਾਪਸ ਪਰਤ ਰਹੇ ਸਨ। ਦੁਖਦਾਇਕ ਪਹਿਲੂ ਇਹ ਰਿਹਾ ਕਿ ਜਿਸ ਵਿਅਕਤੀ ਦਾ ਅੰਤਿਮ ਸੰਸਕਾਰ ਕਰਕੇ ਇਹ ਲੋਕ ਮੁੜ ਰਹੇ ਸਨ, ਉਸ ਦਾ ਪੁੱਤਰ ਵੀ ਮ੍ਰਿਤਕਾਂ ਵਿੱਚ ਸ਼ਾਮਲ ਹੈ।

ਸੂਬੇ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਇਸ ਮੰਦਭਾਗੀ ਘਟਨਾ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਪੀੜਤ ਪਰਿਵਾਰਾਂ ਨਾਲ ਹਮਦਰਦੀ ਜ਼ਾਹਿਰ ਕਰਦਿਆਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਹੈ ਕਿ ਜ਼ਖਮੀਆਂ ਨੂੰ ਤੁਰੰਤ ਬਿਹਤਰ ਇਲਾਜ ਮੁਹੱਈਆ ਕਰਵਾਇਆ ਜਾਵੇ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਰਾਹਤ ਅਤੇ ਬਚਾਅ ਕਾਰਜਾਂ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਵੀ ਜਾਰੀ ਕੀਤੇ ਹਨ।

# ਸਿਵਲ ਡਿਫੈਂਸ ਵੱਲੋਂ ਕੀਤੀ ਜਾਵੇਗੀ ਮੋਕ ਡਰਿੱਲ- ਵਧੀਕ ਡਿਪਟੀ ਕਮਿਸ਼ਨਰ

**ਮਲੇਰਕੋਟਲਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਗ੍ਰਹਿ ਮੰਤਰਾਲਾ, ਭਾਰਤ ਸਰਕਾਰ, ਨਵੀਂ ਦਿੱਲੀ ਦੇ ਨਿਰਦੇਸ਼ਾਂ ਤਹਿਤ ਅਨੁਸਾਰ ਅੱਜ ਰਾਤ ਰਾਤ 8 ਵਜੇ ਅਰਿਹੰਤ ਸਪਿਨਿੰਗ ਮਿਲਜ਼ ਰਿਹਾਇਸੀ ਖੇਤਰਾਂ ਵਿਖੇ ਸਿਵਲ ਡਿਫੈਂਸ ਏਅਰ ਰੇਡ/ ਬਲੈਕਆਊਟ ਮੌਕ ਐਕਸਰਸਾਈਜ਼ ਕਰਵਾਈ ਜਾ ਰਹੀ ਹੈ। ਇਹ ਮੌਕ ਐਕਸਰਸਾਈਜ਼ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਸਿਵਲ ਡਿਫੈਂਸ ਦੀ ਤਿਆਰੀ ਦੀ ਜਾਂਚ ਕਰਨ ਲਈ ਕੀਤੀ ਜਾ ਰਹੀ ਹੈ।

ਵਧੀਕ ਡਿਪਟੀ ਕਮਿਸ਼ਨਰ ਰਾਜਦੀਪ ਸਿੰਘ ਬਰਾੜ ਨੇ ਅਗੇਤੇ ਪ੍ਰਬੰਧਾ ਲਈ ਸੱਦੀ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦੱਸਿਆ ਕਿ ਇਹ ਮੌਕ ਐਕਸਰਸਾਈਜ਼ ਡੀ.ਜੀ.ਪੀ. ਕਮ ਕਮਾਡੈਂਟ ਜਨਰਲ ਪੰਜਾਬ ਹੋਮ ਗਾਰਡਸ ਐਂਡ ਡਾਇਰੈਕਟਰ,ਸਿਵਲ ਡਿਫੈਂਸ ਪੰਜਾਬ ਅਤੇ ਜ਼ਿਲ੍ਹਾ ਸਿਵਲ ਪ੍ਰਸਾਸ਼ਨ ਦੇ ਸਹਿਯੋਗ ਨਾਲ ਕਰਵਾਈ ਜਾ ਰਹੀਂ ਹੈ।

ਮੌਕ ਐਕਸਰਸਾਈਜ਼ ਏਅਰ ਰੇਡ ਚੇਤਾਵਨੀ ਸਿਗਨਲ ਨਾਲ ਸ਼ੁਰੂ ਹੋਵੇਗੀ, ਜੋ ਸਾਇਰਨਾਂ ਵਜਾ ਕੇ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਹ ਮੋਕ ਡਰਿੱਲ ਅਰਿਹੰਤ ਸਪਿਨਿੰਗ ਮਿਲਜ਼ ਦੇ ਰਿਹਾਇਸੀ ਖੇਤਰ ਵਿਖੇ ਹੋਵੇਗੀ ਅਤੇ ਬਿਜਲੀ ਵਿਭਾਗ ਵੱਲੋਂ ਕੇਵਲ ਇਸੇ ਹੀ ਇਲਾਕੇ ਦੀਆਂ ਲਾਈਟਾਂ ਨੂੰ ਕੁਝ ਸਮੇਂ ਲਈ ਬੰਦ ਕੀਤਾ ਜਾਵੇਗਾ ਸਗੋਂ ਸ਼ਹਿਰ ਦੀ ਬਿਜਲੀ ਸਪਲਾਈ ਬੰਦ ਕੀਤੀ ਜਾਵੇਗੀ । ਉਨ੍ਹਾਂ ਦੱਸਿਆ ਕਿ ਨਿਸ਼ਚਤ ਸਥਾਨ 'ਤੇ ਬਲੈਕਆਊਟ ਦੌਰਾਨ ਨਿਰਧਾਰਤ ਖੇਤਰਾਂ ਵਿੱਚ ਆਮ ਜਨਤਾ ਵੱਲੋਂ ਸਾਰੀ ਗੈਰ-ਜ਼ਰੂਰੀ ਬੱਤੀਆਂ ਬੰਦ ਕੀਤੀਆਂ ਜਾਣ। ਹਾਲਾਂਕਿ, ਜ਼ਰੂਰੀ ਸੇਵਾਵਾਂ ਇਸ ਦੌਰਾਨ ਚੱਲਦੀਆਂ ਰਹਿਣਗੀਆਂ। ਉਨ੍ਹਾਂ ਹੋਰ ਦੱਸਿਆ ਕਿ ਇਹ ਡ੍ਰਿਲ ਇੱਕ ਅਲਾਰਮ ਨਾਲ ਸ਼ੁਰੂ ਹੋਵੇਗੀ ਅਤੇ ਇਸ ਵਿੱਚ ਪੰਜਾਬ ਹੋਮ ਗਾਰਡਜ਼ ਅਤੇ ਸਿਵਲ ਡਿਫੈਂਸ, ਫਾਇਰ ਬ੍ਰਿਗੇਡ, ਜ਼ਿਲ੍ਹਾ ਪ੍ਰਸ਼ਾਸਨ, ਨਗਰ ਨਿਗਮ, ਪੁਲਿਸ, ਸਿਹਤ ਵਿਭਾਗ, ਅਤੇ ਐਨ.ਸੀ.ਸੀ ਸਮੇਤ ਕਈ ਏਜੰਸੀਆਂ ਦੇ ਤਾਲਮੇਲ ਵਾਲੇ ਯਤਨ ਸ਼ਾਮਲ ਹੋਣਗੇ।

# ਸਕੂਲੀ ਬੱਚਿਆਂ ਦੀ ਸੁਰੱਖਿਆ ਸੰਬੰਧੀ ਜ਼ਿਲ੍ਹਾ ਟਾਸਕ ਫੋਰਸ ਵੱਲੋਂ ਵਿਸ਼ੇਸ਼ ਚੈਕਿੰਗ, 10 ਸਕੂਲੀ ਬੱਸਾਂ ਦੇ ਚਲਾਨ



**ਸੁਨਾਮ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪ੍ਰਸ਼ਾਸਨ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਪ੍ਰਦੀਪ ਸਿੰਘ ਗਿੱਲ ਦੀਆਂ ਹਦਾਇਤਾਂ ਅਨੁਸਾਰ, ਸੁਨਾਮ ਬਲਾਕ ਅੰਦਰ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਟਾਸਕ ਫੋਰਸ ਵੱਲੋਂ ਵੱਖ-ਵੱਖ ਸਕੂਲਾਂ ਵਿੱਚ ਵਿਸ਼ੇਸ਼ ਚੈਕਿੰਗ ਅਭਿਆਨ ਚਲਾਇਆ ਗਿਆ।

ਇਸ ਅਭਿਆਨ ਦੌਰਾਨ ਸਕੂਲੀ ਬੱਸਾਂ, ਡਰਾਈਵਰਾਂ ਦੇ ਲਾਜ਼ਮੀ ਦਸਤਾਵੇਜ਼ ਅਤੇ ਸਕੂਲ ਪ੍ਰਬੰਧਨ ਵੱਲੋਂ ਬੱਚਿਆਂ ਦੀ ਸੁਰੱਖਿਆ ਲਈ ਕੀਤੀਆਂ ਵਿਵਸਥਾਵਾਂ ਦੀ ਵਿਸਥਾਰਪੂਰਵਕ ਜਾਂਚ ਕੀਤੀ ਗਈ। ਕੁੱਲ 10 ਸਕੂਲੀ ਬੱਸਾਂ ਦੇ ਚਲਾਨ ਕੱਟੇ ਗਏ। ਇਹ ਚਲਾਨ ਰਜਿਸਟ੍ਰੇਸ਼ਨ ਦੀ ਕਮੀ, ਫਿਟਨੈੱਸ ਅਤੇ ਇਨਸ਼ੋਰੈਂਸ ਸਰਟੀਫਿਕੇਟ ਦੀ ਅਣਉਪਲਬਧਤਾ, ਡਰਾਈਵਰਾਂ ਦੀ ਹਾਜ਼ਰੀ ਰਿਕਾਰਡ ਵਿੱਚ ਕਮੀਆਂ, ਨਿਯਮਾਂ ਅਨੁਸਾਰ ਯੂਨੀਫਾਰਮ ਦੀ ਪਾਲਣਾ ਨਾ ਹੋਣਾ, ਫਾਇਰ ਸਿਲੈਂਡਰ, ਫ਼ਸਟ ਏਡ ਬਾਕਸ, ਲੇਡੀ ਕੰਡਕਟਰ ਨਾ ਹੋਣਾ ਅਤੇ ਹੋਰ ਸੁਰੱਖਿਆ ਮਾਪਦੰਡਾਂ ਦੀ ਉਲੰਘਣਾ ਕਾਰਨ ਜਾਰੀ ਕੀਤੇ ਗਏ।

ਇਸ ਚੈਕਿੰਗ ਮੁਹਿੰਮ ਨੂੰ ਸਫਲਤਾਪੂਰਵਕ ਅੰਜਾਮ ਦੇਣ ਲਈ ਟਾਸਕ ਫੋਰਸ ਦੇ ਮੈਂਬਰਾਂ ਪੁਲਿਸ ਤੋਂ ਨਿਰਭੈ ਸਿੰਘ ਤੇ ਦਾਨ ਸਿੰਘ, ਸਿੱਖਿਆ ਵਿਭਾਗ ਤੋਂ ਗੁਰਜਿੰਦਰ ਸਿੰਘ, ਡੀ.ਸੀ.ਪੀ.ਯੂ. ਨਿਰਮਲ ਕੌਰ ਤੇ ਰੁਪਿੰਦਰ ਸਿੰਘ ਵੱਲੋਂ ਸਾਂਝੇ ਤੌਰ 'ਤੇ ਕਾਰਵਾਈ ਕੀਤੀ ਗਈ। ਟਾਸਕ ਫੋਰਸ ਵੱਲੋਂ ਸੰਬੰਧਿਤ ਸਕੂਲ ਪ੍ਰਬੰਧਕਾਂ ਅਤੇ ਬੱਸ ਚਾਲਕਾਂ ਨੂੰ ਸਖ਼ਤ ਨਿਰਦੇਸ਼ ਜਾਰੀ ਕੀਤੇ ਗਏ ਕਿ ਸਕੂਲੀ ਬੱਚਿਆਂ ਦੀ ਸੁਰੱਖਿਆ ਸੰਬੰਧੀ ਜਾਰੀ ਹਦਾਇਤਾਂ ਅਤੇ ਮਾਪਦੰਡਾਂ ਦੀ ਪੂਰੀ ਤਰ੍ਹਾਂ ਪਾਲਣਾ ਯਕੀਨੀ ਬਣਾਈ ਜਾਵੇ। ਇਸ ਤੋਂ ਇਲਾਵਾ ਭਵਿੱਖ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਪਾਈ ਜਾਣ ਦੀ ਸੂਰਤ ਵਿੱਚ ਕਾਨੂੰਨੀ ਕਾਰਵਾਈ ਕਰਨ ਬਾਰੇ ਵੀ ਚੇਤਾਵਨੀ ਦਿੱਤੀ ਗਈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਪਸ਼ਟ ਕੀਤਾ ਗਿਆ ਕਿ ਸਕੂਲੀ ਬੱਚਿਆਂ ਦੀ ਸੁਰੱਖਿਆ ਪ੍ਰਤੀ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਇਸ ਤਰ੍ਹਾਂ ਦੇ ਚੈਕਿੰਗ ਅਭਿਆਨ ਅਗਾਂਹ ਵੀ ਨਿਰੰਤਰ ਜਾਰੀ ਰਹਿਣਗੀਆਂ।

# ਖੂਨਦਾਨ ਸੇਵਾ ਵਿਚ ਪਟਿਆਲਵੀਆਂ ਦਾ ਵੱਡਮੁੱਲਾ ਯੋਗਦਾਨ: ਡਾ. ਅਗਰਵਾਲ




**ਪਟਿਆਲਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜਿਲ੍ਹੇ ਦੇ ਨਵ-ਨਿਯੁਕਤ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂੰ ਅਗਰਵਾਲ ਨੂੰ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਫੁੱਲਾਂ ਦੇ ਬੁੱਕੇ ਦੇ ਕੇ ਸਨਮਾਨਤ ਕੀਤਾ ਗਿਆ।

ਇਸ ਮੌਕੇ ਮਿਸ਼ਨ ਦੇ ਮੋਢੀ ਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ, ਸੀਨੀਅਰ ਆਗੂ ਜਥੇਦਾਰ ਕਰਨ ਸਿੰਘ ਜੌਲੀ, ਯੂਥ ਆਗੂ ਹਰਮੀਤ ਸਿੰਘ ਬਡੂੰਗਰ, ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ, ਠੇਕੇਦਾਰ ਗੁਰਬਚਨ ਸਿੰਘ, ਅਮਿਤ ਦੂਬੇ ਤੇ ਹਰਮਿੰਦਰ ਸਿੰਘ ਢੀਂਡਸਾ ਵੀ ਹਾਜ਼ਰ ਸਨ। ਇਸ ਮੌਕੇ ਹਰਦੀਪ ਸਿੰਘ ਸਨੌਰ ਨੇ ਡਿਪਟੀ ਕਮਿਸ਼ਨਰ-ਕਮ-ਚੇਅਰਮੈਨ ਪਟਿਆਲਾ ਡਿਸਟ੍ਰਿਕਟ ਬਲੱਡ ਟਰਾਂਸਫਿਊਜ਼ਨ ਕੌਂਸਲ ਡਾ. ਅਗਰਵਾਲ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਗਰੁੱਪ ਵੱਲੋਂ ਪਿਛਲੇ 20 ਸਾਲਾਂ ਤੋਂ ਖੂਨਦਾਨ ਸੇਵਾ ਕੀਤੀ ਜਾ ਰਹੀ ਹੈ ਅਤੇ ਪਿਛਲੇ 14 ਸਾਲਾਂ ਤੋਂ ਹਰ ਮਹੀਨੇ ਦੀ 5 ਅਤੇ 20 ਤਰੀਕ ਨੂੰ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਸੈਂਟਰ ਵਿਚ ਖੂਨਦਾਨ ਕੈਂਪ ਲਗਾਇਆ ਜਾਂਦਾ ਹੈ। ਇਸੇ ਲੜੀ ਤਹਿਤ 5 ਮਈ ਨੂੰ 15ਵੇਂ ਸਾਲ ਦੀ ਸ਼ੁਰੂਆਤ ਮੌਕੇ ਵਲੰਟੀਅਰਾਂ ਨੂੰ ਆਸ਼ੀਰਵਾਦ ਦੇਣ ਲਈ ਸੱਦਾ-ਪੱਤਰ ਵੀ ਸੌਂਪਿਆ, ਜਿਸ ਤੇ ਡਾ. ਅਗਰਵਾਲ ਨੇ ਆਉਣ ਦੀ ਹਰ ਸੰਭਵ ਕੋਸ਼ਿਸ਼ ਕਰਨ ਦਾ ਭਰੋਸਾ ਦਿਵਾਇਆ ਅਤੇ ਕਿਹਾ ਕਿ ਖੂਨਦਾਨ ਸੇਵਾ ਵਿਚ ਪਟਿਆਲਵੀਆਂ ਦਾ ਵੱਡਮੁੱਲਾ ਯੋਗਦਾਨ ਹੈ, ਕਿਉਂਕਿ ਇਹ ਇੱਕ ਅਜਿਹਾ ਦਾਨ ਹੈ ਜੋ ਕਿਸੇ ਮਰੀਜ਼ ਦੀ ਜਾਨ ਬਚਾ ਸਕਦਾ ਹੈ।

# ਸੀ ਟੀ ਯੂਨੀਵਰਸਿਟੀ ਵੱਲੋਂ 24 ਘੰਟਿਆਂ ਦਾ ਰਾਸ਼ਟਰੀ ਹੈਕਾਥਾਨ ਕੋਡ ਕ੍ਰਾਫਟਰ 3.0 ਸਫਲਤਾਪੂਰਵਕ ਆਯੋਜਿਤ




**ਲੁਧਿਆਣਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀ ਟੀ ਯੂਨੀਵਰਸਿਟੀ ਦੇ ਇੰਜੀਨੀਅਰਿੰਗ ਅਤੇ ਟੈਕਨੋਲੋਜੀ ਸਕੂਲ ਵੱਲੋਂ 24 ਘੰਟਿਆਂ ਦਾ ਰਾਸ਼ਟਰੀ ਹੈਕਾਥਾਨ ਕੋਡ ਕ੍ਰਾਫਟਰ 3.0 ਸਫਲਤਾਪੂਰਵਕ ਕਰਵਾਇਆ ਗਿਆ, ਜਿਸ ਵਿੱਚ ਦੇਸ਼ ਭਰ ਤੋਂ 150 ਤੋਂ ਵੱਧ ਟੀਮਾਂ ਨੇ ਹਿੱਸਾ ਲਿਆ। ਸਮਾਗਮ ਨੇ ਨਵੀਂ ਸੋਚ, ਤਕਨੀਕੀ ਕਾਬਲੀਅਤ ਅਤੇ ਸਮੱਸਿਆ ਹੱਲ ਕਰਨ ਦੀ ਯੋਗਤਾ ਨੂੰ ਉਤਸ਼ਾਹਿਤ ਕਰਨ ਲਈ ਮਹੱਤਵਪੂਰਨ ਮੰਚ ਮੁਹੱਈਆ ਕਰਵਾਇਆ। ਇਸ ਦੌਰਾਨ ਭਾਗੀਦਾਰਾਂ ਨੇ ਅਸਲ ਜ਼ਿੰਦਗੀ ਦੀਆਂ ਚੁਣੌਤੀਆਂ ਲਈ ਨਵੇਂ ਹੱਲ ਪੇਸ਼ ਕੀਤੇ। ਮੁੱਖ ਮਹਿਮਾਨ ਡਾ. ਸਤੀਸ਼ ਕੁਮਾਰ ਨੇ ਖੋਜ ਆਧਾਰਿਤ ਨਵੀਨਤਾ ਅਤੇ ਉਦਯੋਗ-ਸਿੱਖਿਆ ਸਾਂਝ ਦੇ ਮਹੱਤਵ 'ਤੇ ਜ਼ੋਰ ਦਿੱਤਾ। ਹੈਕਾਥਾਨ ਨੂੰ ਆਈਬੀਐਮ ਅਤੇ ਜੀਡੀਜੀ ਜਲੰਧਰ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ, ਜਿੱਥੇ 20 ਤੋਂ ਵੱਧ ਮਾਹਿਰਾਂ ਨੇ ਪ੍ਰੋਜੈਕਟਾਂ ਦਾ ਮੁਲਾਂਕਣ ਕੀਤਾ। ਮੁਕਾਬਲੇ ਦੇ ਜੇਤੂਆਂ ਵਿੱਚ ਚੰਡੀਗੜ੍ਹ ਯੂਨੀਵਰਸਿਟੀ ਪਹਿਲੇ, ਪੰਜਾਬ ਯੂਨੀਵਰਸਿਟੀ ਦੂਜੇ ਅਤੇ ਸੀਓਈਆਰ ਯੂਨੀਵਰਸਿਟੀ ਤੀਜੇ ਸਥਾਨ 'ਤੇ ਰਹੇ।

ਯੂਨੀਵਰਸਿਟੀ ਪ੍ਰਬੰਧਨ ਨੇ ਕਿਹਾ ਕਿ ਅਜੇਹੇ ਉਪਰਾਲੇ ਵਿਦਿਆਰਥੀਆਂ ਵਿੱਚ ਰਚਨਾਤਮਕਤਾ, ਟੀਮ ਵਰਕ ਅਤੇ ਤਕਨੀਕੀ ਹੁਨਰ ਨੂੰ ਨਿਖਾਰਦੇ ਹਨ ਅਤੇ ਭਵਿੱਖ ਦੇ ਟੈਕਨੋਲੋਜੀ ਮਾਹਿਰ ਤਿਆਰ ਕਰਨ ਵਿੱਚ ਮਦਦਗਾਰ ਸਾਬਤ ਹੁੰਦੇ ਹਨ।

# ਗਰਮੀਆਂ 'ਚ ਰੋਜ਼ ਕਰੋ ਤਰਬੂਜ਼ ਦੀ ਵਰਤੋਂ, ਪਾਣੀ ਦੀ ਘਾਟ ਸਣੇ ਹੋਣਗੀਆਂ ਸਰੀਰ ਦੀਆਂ ਕਈ ਸਮੱਸਿਆਵਾਂ ਦੂਰ

ਗਰਮੀਆਂ ਦੀ ਸ਼ੁਰੂਆਤ ਹੋ ਚੁੱਕੀ ਹੈ ਅਜਿਹੇ 'ਚ ਸਾਨੂੰ ਸਾਰਿਆਂ ਨੂੰ ਸਿਹਤਮੰਦ ਰਹਿਣ ਲਈ ਆਪਣੇ ਖਾਣ-ਪੀਣ ਦਾ ਖ਼ਾਸ ਧਿਆਨ ਰੱਖਣਾ ਹੋਵੇਗਾ। ਇਨ੍ਹੀਂ ਦਿਨੀਂ ਰਸ ਭਰੇ ਫ਼ਲ ਸਾਡੀ ਸਿਹਤ ਲਈ ਕਾਫ਼ੀ ਲਾਹੇਵੰਦ ਹੁੰਦੇ ਹਨ। ਅੱਜ ਅਸੀਂ ਤੁਹਾਨੂੰ ਜ਼ਿਆਦਾ ਗਰਮੀ 'ਚ ਤਰਬੂਜ਼ ਦਾ ਫ਼ਲ ਖਾਣ ਨਾਲ ਹੋਣ ਵਾਲੇ ਫ਼ਾਇਦਿਆਂ ਬਾਰੇ ਦੱਸਾਂਗੇ। ਤਰਬੂਜ਼ 'ਚ ਵਿਟਾਮਿਨ ਸੀ ਅਤੇ ਏ ਪਾਇਆ ਜਾਂਦਾ ਹੈ। ਜੋ ਲੋਕ ਇਨ੍ਹਾਂ ਦਿਨਾਂ 'ਚ ਆਪਣਾ ਮੋਟਾਪਾ ਘੱਟ ਕਰਨਾ ਚਾਹੁੰਦੇ ਹਨ ਉਹ ਤਰਬੂਜ਼ ਦੀ ਵਰਤੋਂ ਜ਼ਰੂਰ ਕਰਨ ਕਿਉਂਕਿ ਇਸ 'ਚ ਢੇਰ ਸਾਰਾ ਪਾਣੀ ਅਤੇ ਫ਼ਾਈਬਰ ਹੁੰਦਾ ਹੈ ਜੋ ਭੁੱਖ ਨੂੰ ਮਿਟਾਉਂਦਾ ਹੈ ਅਤੇ ਪੋਸ਼ਣ ਦਿੰਦਾ ਹੈ ਤਾਂ ਆਓ ਜਾਣਦੇ ਹਾਂ ਤਰਬੂਜ਼ ਖਾਣ ਨਾਲ ਸਿਹਤ ਨੂੰ ਹੋਣ ਵਾਲੇ ਲਾਭ.....

**ਅਸਥਮਾ ਤੋਂ ਰਾਹਤ**

ਤਰਬੂਜ਼ ਖਾਣ ਨਾਲ ਸਾਡੇ ਸਰੀਰ 'ਚ ਕਿਸੇ ਵੀ ਤਰ੍ਹਾਂ ਦੇ ਪੋਸ਼ਕ ਦੀ ਘਾਟ ਨਹੀਂ ਹੁੰਦੀ ਇਸ ਲਈ ਗਰਮੀਆਂ 'ਚ ਹਰ ਰੋਜ਼ ਇਕ ਕੱਪ ਤਰਬੂਜ਼ ਦੀ ਵਰਤੋਂ ਜ਼ਰੂਰ ਕਰਨੀ ਚਾਹੀਦੀ। ਅਜਿਹੇ 'ਚ ਅਸਥਮਾ ਦੀ ਪ੍ਰੇਸ਼ਾਨੀ ਤੋਂ ਬਚਣ ਲਈ ਵਿਟਾਮਿਨ ਸੀ ਯੁਕਤ ਭੋਜਨ ਨਾ ਕਰੋ।

**ਕੈਂਸਰ**

ਤਰਬੂਜ਼ ਨਾਲ ਕੈਂਸਰ ਤੋਂ ਬਚਿਆ ਜਾ ਸਕਦਾ ਹੈ ਕਿਉਂਕਿ ਇਸ 'ਚ ਲਾਈਕੋਪਿਨ ਪਾਇਆ ਜਾਂਦਾ ਹੈ ਅਤੇ ਇਹ ਐਂਟੀ-ਆਕਸੀਡੈਂਟ ਦਾ ਬਹੁਤ ਚੰਗਾ ਸਰੋਤ ਹੈ।

**ਬਲੱਡ ਪ੍ਰੈਸ਼ਰ**

ਹਰ ਰੋਜ਼ ਇਕ ਕੱਪ ਤਰਬੂਜ਼ ਖਾਣ ਨਾਲ ਹਾਈ ਬਲੱਡ ਪ੍ਰੈਸ਼ਰ ਦੀ ਸਮੱਸਿਆ ਘੱਟ ਹੋ ਸਕਦੀ ਹੈ। ਇਸ ਨੂੰ ਖਾਣ ਨਾਲ ਧਮਣੀਆਂ ਵੀ ਚੰਗੀ ਤਰ੍ਹਾਂ ਕੰਮ ਕਰਦੀਆਂ ਹਨ।

**ਹੱਥਾਂ ਅਤੇ ਪੈਰਾਂ ਦੀ ਸੋਜ ਕਰੇ ਘੱਟ**

ਹੱਥਾਂ ਅਤੇ ਪੈਰਾਂ ਦੀ ਸੋਜ ਨੂੰ ਘੱਟ ਕਰਨ ਲਈ ਰੋਜ਼ ਤਰਬੂਜ਼ ਦੀ ਵਰਤੋਂ ਕਰੋ ਕਿਉਂਕਿ ਇਸ 'ਚ ਕੋਲੀਨ ਪਾਇਆ ਜਾਂਦਾ ਹੈ। ਇਸ ਨੂੰ ਖਾਣ ਨਾਲ ਮੋਟਾਪਾ ਘੱਟ ਹੁੰਦਾ ਹੈ। ਪੂਰੀ ਨੀਂਦ ਮਿਲਦੀ ਹੈ ਅਤੇ ਯਾਦਦਾਸ਼ਤ ਤੇਜ਼ ਹੁੰਦੀ ਹੈ।



**ਚਮੜੀ ਅਤੇ ਵਾਲ਼ਾਂ ਲਈ ਲਾਹੇਵੰਦ**

ਰੋਜ਼ ਤਰਬੂਜ਼ ਖਾਣ ਨਾਲ ਵਾਲ਼ਾਂ ਨੂੰ ਨਮੀ ਮਿਲਦੀ ਹੈ ਕਿਉਂਕਿ ਇਸ 'ਚ ਵਿਟਾਮਿਨ ਏ ਹੁੰਦਾ ਹੈ ਜੋ ਵਾਲ਼ਾਂ ਲਈ ਲਾਹੇਵੰਦ ਹੈ। ਤਰਬੂਜ਼ ਦੀ ਰੋਜ਼ ਵਰਤੋਂ ਕਰਨ ਨਾਲ ਚਮੜੀ 'ਚ ਕਸਾਵ ਆਉਂਦਾ ਹੈ।

ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਰੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਬਰਾਊਨ ਚਾਵਲ ਖਾਣ ਦੇ ਨੇ ਇਹ ਪੰਜ ਫ਼ਾਇਦੇ

ਜੋ ਲੋਕ ਭੋਜਨ 'ਚ ਚਾਵਲ ਖਾਣਾ ਪਸੰਦ ਕਰਦੇ ਹਨ, ਪਰ ਭਾਰ ਵਧਣ ਦੇ ਡਰ ਤੋਂ ਖਾ ਨਹੀਂ ਪਾਉਂਦੇ, ਉਨ੍ਹਾਂ ਲਈ ਬਰਾਊਨ ਰਾਈਸ ਬਹੁਤ ਹੀ ਫ਼ਾਇਦੇਮੰਦ ਹਨ। ਸਫ਼ੈਦ ਚਾਵਲਾਂ ਦੀ ਤੁਲਨਾ 'ਚ ਬਰਾਊਨ ਚਾਵਲਾਂ 'ਚ ਪੋਸ਼ਟਿਕ ਤੱਤ ਜ਼ਿਆਦਾ ਹੁੰਦੇ ਹਨ। ਇਸ 'ਚ ਭਰਪੂਰ ਮਾਤਰਾ 'ਚ ਮੈਂਗਨੀਜ਼, ਫ਼ਾਸਫ਼ੋਰਸ, ਸਿਲੇਨਿਅਮ ਅਤੇ ਤਾਂਬਾ ਪਾਇਆ ਜਾਂਦਾ ਹੈ। ਇਹ ਕੋਲੈਸਟਰੋਲ ਨੂੰ ਘੱਟ ਕਰਦੇ ਹਨ ਅਤੇ ਵਾਧੂ ਫ਼ੈਟ ਨੂੰ ਸ਼ਰੀਰ 'ਚ ਜੰਮਣ ਤੋਂ ਰੋਕਦੇ ਹਨ। ਆਓ ਜਾਣਦੇ ਹਾਂ ਇਨ੍ਹਾਂ ਦੇ ਫ਼ਾਇਦਿਆਂ ਬਾਰੇ।

ਭਾਰ ਘੱਟ ਕਰਨ: ਜੇਕਰ ਤੁਸੀਂ ਆਪਣਾ ਭਾਰ ਘੱਟ ਕਰਨਾ ਚਾਹੁੰਦੇ ਹੋ ਤਾਂ ਆਪਣੀ ਖ਼ੁਰਾਕ 'ਚ ਬਰਾਊਨ ਰਾਈਸ ਨੂੰ ਸ਼ਾਮਲ ਕਰੋ ਕਿਉਂਕਿ ਇਨ੍ਹਾਂ 'ਚ ਕੈਲੋਰੀਜ਼ ਘੱਟ ਹੁੰਦੀਆਂ ਹਨ। ਇਨ੍ਹਾਂ 'ਚ ਫ਼ਾਈਬਰ ਦੀ ਕਾਫ਼ੀ ਮਾਤਰਾ ਪਾਈ ਜਾਂਦੀ ਹੈ ਅਤੇ ਥੋੜ੍ਹਾ ਜਿਹਾ ਖਾਣ 'ਤੇ ਤੁਹਾਡਾ ਪੇਟ ਭਰ ਜਾਂਦਾ ਹੈ।



ਕੋਲੈਸਟਰੋਲ ਘਟਾਉਣ: ਕੋਲੈਸਟਰੋਲ ਦੀ ਮਾਤਰਾ ਵੱਧ ਜਾਣ 'ਤੇ ਦਿਲ ਦੀ ਬੀਮਾਰੀ ਹੋਣ ਦਾ ਖ਼ਤਰਾ ਰਹਿੰਦਾ ਹੈ, ਪਰ ਬਰਾਊਨ ਚਾਵਲ ਖਾਣ ਦਾ ਸਭ ਤੋਂ ਵੱਡਾ ਫ਼ਾਇਦਾ ਇਹ ਹੈ ਕਿ ਇਹ ਕੋਲੈਸਟਰੋਲ ਨੂੰ ਘੱਟ ਕਰਦੇ ਹਨ ਅਤੇ ਅਣਚਾਹੀ ਫ਼ੈਟ ਨੂੰ ਸ਼ਰੀਰ 'ਚ ਜਮ੍ਹਾ ਨਹੀਂ ਹੋਣ ਦਿੰਦੇ।

ਹੱਡੀਆਂ ਨੂੰ ਮਜ਼ਬੂਤ ਰੱਖਣ: ਮੈਗਨੀਜ਼ੀਅਮ ਅਤੇ ਕੈਲਸ਼ੀਅਮ ਨਾਲ ਭਰਪੂਰ ਹੋਣ ਦੇ ਕਾਰਨ ਬਰਾਊਨ ਚਾਵਲ ਹੱਡੀਆਂ ਨੂੰ ਮਜ਼ਬੂਤ ਕਰਦੇ ਹਨ।

ਸ਼ੂਗਰ ਤੋਂ ਬਚਾਅ: ਚਾਵਲਾਂ 'ਚ ਸ਼ੂਗਰ ਦੀ ਮਾਤਰਾ ਜ਼ਿਆਦਾ ਹੁੰਦੀ ਹੈ ਜਿਸ ਕਾਰਨ ਸ਼ੂਗਰ ਦੇ ਰੋਗੀਆਂ ਨੂੰ ਇਨ੍ਹਾਂ ਤੋਂ ਦੂਰੀ ਬਣਾ ਕੇ ਰੱਖਣ ਲਈ ਕਿਹਾ ਜਾਂਦਾ ਹੈ, ਪਰ ਬਰਾਊਨ ਰਾਈਸ ਖਾਣ ਨਾਲ ਖ਼ੂਨ 'ਚ ਸ਼ੂਗਰ ਦਾ ਪੱਧਰ ਨਹੀਂ ਵਧਦਾ ਅਤੇ ਸ਼ੂਗਰ ਦੇ ਰੋਗੀ ਵੀ ਖਾ ਸਕਦੇ ਹਨ।

ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਰੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਬਹੁਤ ਲਾਭਕਾਰੀ ਹੈ ਦਲੀਆ

ਦਲੀਆ ਪੌਸ਼ਟਿਕਤਾ ਨਾਲ ਭਰਿਆ ਬੇਹੱਦ ਸਿੰਪਲ ਨਾਸ਼ਤਾ ਹੈ। ਸਾਬਤ ਕਣਕ ਨਾਲ ਬਣੇ ਦਲੀਏ 'ਚ ਫ਼ਾਈਬਰ ਦੇ ਨਾਲ-ਨਾਲ ਹੋਰ ਵੀ ਬਹੁਤ ਸਾਰੇ ਜ਼ਰੂਰੀ ਤੱਤ ਹੁੰਦੇ ਹਨ ਜੋ ਸ਼ਰੀਰ 'ਚ ਪੌਸ਼ਟਿਕ ਤਤਾਂ ਦੀ ਕਮੀ ਨੂੰ ਪੂਰਾ ਕਰਦੇ ਹਨ। ਇਸ ਨੂੰ ਪਚਾਉਣਾ ਬੇਹੱਦ ਆਸਾਨ ਹੈ ਅਤੇ ਇਸ ਤੋਂ ਇਲਾਵਾ ਇਸ ਦੇ ਗੁਣ ਸਿਹਤ ਲਈ ਵੀ ਲਾਭਕਾਰੀ ਮੰਨੇ ਜਾਂਦੇ ਹਨ। ਅੱਜਕੱਲ੍ਹ ਲੋਅ ਕੈਲੋਰੀ ਦਲੀਏ ਦਾ ਸੇਵਨ ਕਰਨ ਨਾਲ ਸਾਰਾ ਦਿਨ ਸ਼ਰੀਰ 'ਚ ਸਫ਼ੂਰਤੀ ਬਣੀ ਰਹਿੰਦੀ ਹੈ। ਇਸ ਤੋਂ ਇਲਾਵਾ ਸ਼ਰੀਰ 'ਚ ਪੋਸ਼ਕ ਤਤਾਂ ਦੀ ਕਮੀ ਨੂੰ ਪੂਰਾ ਕਰਨ ਲਈ ਨਾਸ਼ਤੇ 'ਚ ਖਾਦਾ ਗਿਆ ਦਲੀਆ ਬਹੁਤ ਹੀ ਫ਼ਾਇਦੇਮੰਦ ਸਾਬਿਤ ਹੁੰਦਾ ਹੈ। ਇਸ ਹਫ਼ਤੇ ਅਸੀਂ ਤੁਹਾਨੂੰ ਦਲੀਆ ਖਾਣ ਨਾਲ ਸ਼ਰੀਰ ਨੂੰ ਹੋਣ ਵਾਲੇ ਫ਼ਾਇਦਿਆਂ ਬਾਰੇ ਦੱਸਣ ਜਾ ਰਹੇ ਹਾਂ ...

ਡਾਇਬਿਟੀਜ਼ 'ਚ ਲਾਭਕਾਰੀ: ਮੈਗਨੀਜ਼ੀਅਮ ਨਾਲ ਭਰਪੂਰ ਦਲੀਆ ਸ਼ਰੀਰ 'ਚ ਲਗਭਗ 300 ਤਰ੍ਹਾਂ ਦੇ ਐਨਜ਼ਾਈਮਜ਼ ਬਣਾਉਂਦਾ ਹੈ। ਇਹ ਐਨਜ਼ਾਈਮਜ਼ ਇਨਸੁਲਿਨ ਬਣਾਉਣ 'ਚ ਬਹੁਤ ਹੀ ਫ਼ਾਇਦੇਮੰਦ ਹੁੰਦੇ ਹਨ। ਇਸ ਤੋਂ ਇਲਾਵਾ ਇਹ ਬਲੱਡ ਤਕ ਗਲੂਕੋਜ਼ ਦੀ ਜ਼ਰੂਰੀ ਮਾਤਰਾ ਪਹੁੰਚਾਉਣ ਦਾ ਵੀ ਕੰਮ ਕਰਦੇ ਹਨ। ਰੋਜ਼ਾਨਾ ਦਲੀਆ ਖਾਣਾ ਨਾਲ ਟਾਈਪ-2 ਦੀ ਬੀਮਾਰੀ ਕੰਟਰੋਲ 'ਚ ਹੋ ਜਾਂਦੀ ਹੈ।

ਐਨਰਜੀ ਨਾਲ ਭਰਪੂਰ: ਦਿਨ 'ਚ ਇੱਕ ਵਾਰ ਇੱਕ ਕੌਲੀ ਦਲੀਏ ਦਾ ਸੇਵਨ ਜ਼ਰੂਰ ਕਰਨਾ ਚਾਹੀਦਾ ਹੈ। ਇਸ ਨਾਲ ਪੂਰਾ ਦਿਨ ਸ਼ਰੀਰ 'ਚ ਊਰਜਾ ਬਣੀ ਰਹਿੰਦੀ ਹੈ ਅਤੇ ਮਟੈਬਲਿਜ਼ਮ ਵੀ ਬਿਹਤਰ ਰਹਿੰਦਾ ਹੈ। ਨਾਸ਼ਤੇ 'ਚ ਦਲੀਆ ਖਾਣਾ ਸਭ ਤੋਂ ਚੰਗਾ ਰਹਿੰਦਾ ਹੈ ਅਤੇ ਇਸ ਦਾ ਜ਼ਿਆਦਾ ਫ਼ਾਇਦਾ ਮਿਲਦਾ ਹੈ।

ਮੋਟਾਪਾ ਘਟਾਏ: ਸਵੇਰ ਦੇ ਸਮੇਂ ਦਲੀਆ ਖਾਣ ਨਾਲ ਬਹੁਤ ਸਮੇਂ ਤਕ ਭੁੱਖ ਨਹੀਂ ਲੱਗਦੀ। ਸ਼ਰੀਰ ਨੂੰ ਭਰਪੂਰ ਐਨਰਜੀ ਮਿਲਦੀ ਹੈ ਅਤੇ ਮੋਟਾਪਾ ਵੀ ਘੱਟ ਹੁੰਦਾ ਹੈ।

ਜ਼ਹਿਰੀਲੇ ਪਦਾਰਥਾਂ ਨੂੰ ਬਾਹਰ ਕੱਢੇ: ਸ਼ਰੀਰ ਦੇ ਜ਼ਹਿਰੀਲੇ ਪਦਾਰਥਾਂ ਨੂੰ ਬਾਹਰ ਕੱਢਣਾ ਬਹੁਤ ਜ਼ਰੂਰੀ ਹੁੰਦਾ ਹੈ। ਦਲੀਏ ਦੇ ਐਂਟੀਔਕਸੀਡੈਂਟਸ ਨਾਲ ਭਰਪੂਰ ਗੁਣ ਸ਼ਰੀਰ 'ਚੋਂ ਜ਼ਹਿਰੀਲੇ ਪਦਾਰਥਾਂ ਨੂੰ ਬਾਹਰ ਕੱਢ ਕੇ ਫ਼ੁਰਤੀ ਲਿਆਉਂਦੇ ਹਨ।

ਬੀਮਾਰੀਆਂ ਨੂੰ ਦੂਰ ਕਰੇ: ਸਵੇਰ ਦੇ ਸਮੇਂ ਹੈਲਦੀ ਨਾਸ਼ਤਾ ਕਰਨਾ ਬਹੁਤ ਜ਼ਰੂਰੀ ਹੈ। ਇਸ ਨਾਲ ਕਮਜ਼ੋਰੀ ਦੂਰ ਹੁੰਦੀ ਹੈ ਅਤੇ ਸਾਰਾ ਦਿਨ ਐਨਰਜੀ ਵੀ ਬਣੀ ਰਹਿੰਦੀ ਹੈ ਅਤੇ ਇਸ 'ਚ ਮੌਜੂਦ ਆਇਰਨ ਖ਼ੂਨ ਦੀ ਕਮੀ ਨੂੰ ਪੂਰਾ ਕਰਨ ਦਾ ਕੰਮ ਕਰਦਾ ਹੈ। ਇਸ ਦੇ ਨਾਲ ਪੇਟ ਵੀ ਦਰੁਸਤ ਰਹਿੰਦਾ ਹੈ।

ਬ੍ਰੈਸਟ ਕੈਂਸਰ ਤੋਂ ਬਚਾਅ: ਬ੍ਰੈਸਟ ਕੈਂਸਰ ਦੀ ਬੀਮਾਰੀ ਦੇ ਮਾਮਲੇ ਵੀ ਅੱਜਕੱਲ੍ਹ ਆਮ ਸੁਣਨ ਨੂੰ ਮਿਲ ਰਹੇ ਹਨ। ਇਹ ਔਰਤਾਂ 'ਚ ਹੋਣ ਵਾਲੀ ਸਭ ਤੋਂ ਵੱਡੀਆਂ ਸਮੱਸਿਆਵਾਂ 'ਚੋਂ ਇੱਕ ਹੈ। ਇਸ ਤੋਂ ਬਚਣ ਲਈ ਸਾਬਤ ਅਨਾਜ ਦਾ ਸੇਵਨ ਫ਼ਾਇਦੇਮੰਦ ਹੁੰਦਾ ਹੈ। ਸ਼ੋਧ 'ਚ ਵੀ ਇਹ ਗੱਲ ਸਾਬਿਤ ਹੋ ਚੁਕੀ ਹੈ ਕਿ ਫ਼ਾਈਬਰ ਨਾਲ ਭਰਪੂਰ ਦਲੀਆ ਬ੍ਰੈਸਟ ਕੈਂਸਰ ਦੇ ਖ਼ਤਰੇ ਨੂੰ ਘੱਟ ਕਰ ਦਿੰਦਾ ਹੈ।

ਖ਼ੂਨ ਦੀ ਕਮੀ ਨੂੰ ਦੂਰ ਕਰੇ: ਸ਼ਰੀਰ 'ਚ ਆਇਰਨ ਦੀ ਕਮੀ ਹੋਣ ਨਾਲ ਖ਼ੂਨ ਦਾ ਪੱਧਰ ਵੀ ਘੱਟ ਹੋ ਜਾਂਦਾ ਹੈ, ਜਿਸ ਨਾਲ ਕਮਜ਼ੋਰੀ ਅਤੇ ਥਕਾਵਟ ਹੋਣ ਲੱਗਦੀ ਹੈ। ਦਲੀਆ ਆਇਰਨ ਦਾ ਬਹੁਤ ਚੰਗਾ ਸਰੋਤ ਹੈ। ਇਹ ਖ਼ੂਨ ਦੀ ਮਾਤਰਾ ਨੂੰ ਬੈਲੈਂਸ ਕਰ ਕੇ ਰੱਖਦਾ ਹੈ। ਇਸ ਤੋਂ ਇਲਾਵਾ ਇਸ ਨਾਲ ਮਟੈਬਲਿਜ਼ਮ ਵੀ ਵਧਣ ਲੱਗਦਾ ਹੈ।

ਕੋਲੈਸਟਰੋਲ ਨੂੰ ਕੰਟਰੋਲ ਕਰੇ: ਦਲੀਆ ਬਹੁਤ ਹੀ ਲਾਭਕਾਰੀ ਨਾਸ਼ਤਾ ਹੈ। ਇਸ 'ਚ ਘੁਲਣਸ਼ੀਲ ਅਤੇ ਅਘੁਲਣਸ਼ੀਲ ਦੋਹਾਂ ਤਰ੍ਹਾਂ ਦੇ ਫ਼ਾਈਬਰਜ਼ ਹੁੰਦੇ ਹਨ ਜੋ ਸ਼ਰੀਰ 'ਚ ਕੋਲੈਸਟਰੋਲ ਨੂੰ ਕੰਟਰੋਲ ਕਰਨ ਦਾ ਕੰਮ ਕਰਦੇ ਹਨ।



ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਰੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ।

ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ।

ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਸ਼ੂਗਰ ਦੇ ਮਰੀਜ਼ਾਂ ਲਈ ਲਾਹੇਵੰਦ ਹੈ ਚੁਕੰਦਰ

ਅਕਸਰ ਚੁਕੰਦਰ ਦੀ ਵਰਤੋਂ ਸਲਾਦ ਅਤੇ ਜੂਸ 'ਚ ਕੀਤੀ ਜਾਂਦੀ ਹੈ। ਇਹ ਲਾਲ ਰੰਗ ਦਾ ਫ਼ਲ ਸਰੀਰ ਲਈ ਬਹੁਤ ਹੀ ਲਾਹੇਵੰਦ ਹੁੰਦਾ ਹੈ। ਇਸ ਨਾਲ ਬਲੱਡ ਸ਼ੂਗਰ ਕੰਟਰੋਲ 'ਚ ਰਹਿੰਦੀ ਹੈ। ਆਯੁਰਵੈਦਿਕ ਮਾਹਿਰ ਦੱਸਦੇ ਹਨ ਕਿ ਚੁਕੰਦਰ ਅਜਿਹੀ ਵਸਤੂ ਹੈ, ਜਿਸ ਨੂੰ ਖਾਣ ਨਾਲ ਸਭ ਤੋਂ ਜ਼ਿਆਦਾ ਫ਼ਾਇਦੇ ਹੁੰਦੇ ਹਨ ਪਰ ਇਸ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕੀਤਾ ਜਾਂਦਾ ਹੈ। ਇਕੱਲਾ ਚੁਕੰਦਰ ਹੀ ਨਹੀਂ ਇਸ ਦੇ ਪੱਤੇ ਵੀ ਓਨੇ ਹੀ ਸਿਹਤਮੰਦ ਹੁੰਦੇ ਹਨ। ਚੁਕੰਦਰ ਦੇ ਪੱਤੇ ਖਾਣ ਨਾਲ ਸਰੀਰ 'ਚ ਕਦੇ ਖ਼ੂਨ ਦੀ ਘਾਟ ਨਹੀਂ ਹੁੰਦੀ। ਅੱਜ ਅਸੀਂ ਤੁਹਾਨੂੰ ਚੁਕੰਦਰ ਖਾਣ ਨਾਲ ਸਰੀਰ ਨੂੰ ਹੋਣ ਵਾਲੇ ਫ਼ਾਇਦਿਆਂ ਬਾਰੇ ਦੱਸਣ ਜਾ ਰਹੇ ਹਾਂ ਆਓ ਜਾਣਦੇ ਹਾਂ ਇਸ ਦੇ ਫ਼ਾਇਦਿਆਂ ਬਾਰੇ...

ਚੁਕੰਦਰ ਵਿਚ ਪਾਇਆ ਜਾਣ ਵਾਲਾ ਇਕ ਤੱਤ ਅਲਜ਼ਾਈਮਰ ਰੋਕਣ 'ਚ ਮਦਦ ਕਰ ਸਕਦਾ ਹੈ। ਇਸ ਤੱਤ ਦੀ ਵਜ੍ਹਾ ਨਾਲ ਚੁਕੰਦਰ ਦਾ ਰੰਗ ਲਾਲ ਹੁੰਦਾ ਹੈ। ਇਸ ਤੋਂ ਅਲਜ਼ਾਈਮਰ ਰੋਗ ਦੀ ਦਵਾਈ ਵਿਕਸਿਤ ਕੀਤੀ ਜਾ ਸਕਦੀ ਹੈ। ਜਾਂਚ ਦੇ ਤੱਤਾਂ ਤੋਂ ਪਤਾ ਚੱਲਦਾ ਹੈ ਕਿ ਚੁਕੰਦਰ ਦੇ ਰਸ 'ਚ ਬੀਟਾਨੀਨ ਤੱਤ ਪਾਇਆ ਜਾਂਦਾ ਹੈ, ਜੋ ਦਿਮਾਗ 'ਚ Misfolded protein ਦੇ ਢੇਰ ਨੂੰ ਮੱਧਮ ਕਰ ਸਕਦਾ ਹੈ।

ਰੋਗ ਪ੍ਰਤੀਰੋਧਕ ਸਮਰੱਥਾ ਵਧਾਏ

ਚੁਕੰਦਰ 'ਚ ਭਰਪੂਰ ਮਾਤਰਾ 'ਚ ਵਿਟਾਮਿਨ ਸੀ ਅਤੇ ਫ਼ਾਈਬਰ ਮੌਜੂਦ ਹੁੰਦਾ ਹੈ, ਜੋ ਕਿ ਸਰੀਰ ਦੀ ਰੋਗਾਂ ਨਾਲ ਲੜਨ ਦੀ ਸਮਰੱਥਾ ਵਧਾਉਂਦਾ ਹੈ।



ਹੱਡੀਆਂ ਅਤੇ ਗੁਰਦੇ ਲਈ ਫ਼ਾਇਦੇਮੰਦ

ਚੁਕੰਦਰ 'ਚ ਮੌਜੂਦ ਖਣਿਜ ਤੱਤ ਜਿਵੇਂ ਪੋਟਾਸ਼ੀਅਮ ਅਤੇ ਮੈਗਨੀਜ਼ ਮਾਸਪੇਸ਼ੀਆਂ, ਹੱਡੀਆਂ, ਜਿਗਰ ਅਤੇ ਗੁਰਦੇ ਲਈ ਲਾਭਕਾਰੀ ਹੁੰਦੇ ਹਨ।

ਖ਼ੂਨ ਦਾ ਸੰਚਾਰ

ਨਿਯਮਿਤ ਤੌਰ 'ਤੇ ਚੁਕੰਦਰ ਖਾਣ ਨਾਲ ਸਰੀਰ 'ਚ ਖ਼ੂਨ ਦਾ ਸੰਚਾਰ ਸੁਚਾਰੂ ਰਹਿੰਦਾ ਹੈ।

ਬਲੱਡ ਪ੍ਰੈਸ਼ਰ ਨੂੰ ਕਰੇ ਕੰਟਰੋਲ

ਚੁਕੰਦਰ 'ਚ ਕੁਦਰਤੀ ਨਾਈਟ੍ਰੇਟ ਹੁੰਦੇ ਹਨ ਜੋ ਸਰੀਰ 'ਚ ਪਹੁੰਚ ਕੇ ਨਾਈਟ੍ਰਿਕ ਆਕਸਾਈਡ 'ਚ ਬਦਲ ਜਾਂਦੇ ਹਨ। ਇਹ ਨਾਈਟ੍ਰਿਕ ਆਕਸਾਈਡ ਬੀ. ਪੀ. ਨੂੰ ਕੰਟਰੋਲ 'ਚ ਰੱਖਦੇ ਹਨ।

ਕੈਂਸਰ ਤੋਂ ਬਚਾਏ

ਚੁਕੰਦਰ 'ਚ ਫ਼ਾਈਟੋਨਿਊਟਰੀਅਨਸ ਵੀ ਪਾਏ ਜਾਂਦੇ ਹਨ ਜੋ ਕਿ ਕੈਂਸਰ ਕੋਸ਼ਕਾਵਾਂ ਨੂੰ ਸਰੀਰ 'ਚ ਬਣਨ ਤੋਂ ਰੋਕਦੇ ਹਨ। ਚੁਕੰਦਰ ਦਾ ਗਾੜ੍ਹਾ ਰੰਗ ਵੀ ਇਸੇ ਕਾਰਨ ਹੁੰਦਾ ਹੈ।

ਗਰਭਵਤੀ ਔਰਤਾਂ ਲਈ ਲਾਭਕਾਰੀ

ਚੁਕੰਦਰ 'ਚ ਉੱਚ ਮਾਤਰਾ 'ਚ ਫ਼ੋਲਿਕ ਐਸਿਡ ਹੁੰਦਾ ਹੈ ਜੋ ਕਿ ਗਰਭਵਤੀ ਔਰਤਾਂ ਲਈ ਲਾਭਕਾਰੀ ਹੁੰਦਾ ਹੈ।ਇਸ ਨਾਲ ਔਰਤ ਦੇ ਢਿੱਡ 'ਚ ਪੱਲ ਰਹੇ ਬੱਚੇ ਦੀ ਰੀੜ ਦੀ ਹੱਡੀ ਬਣਾਉਣ 'ਚ ਮਦਦ ਮਿਲਦੀ ਹੈ।

ਸ਼ੂਗਰ ਕੰਟਰੋਲ ਕਰੇ

ਚੁਕੰਦਰ ਖਾਣ ਨਾਲ ਸ਼ੂਗਰ ਕੰਟਰੋਲ 'ਚ ਰਹਿੰਦੀ ਹੈ। ਸ਼ੂਗਰ ਦੇ ਮਰੀਜ ਨੂੰ ਰੋਜ਼ਾਨਾ ਇਸ ਦੀ ਵਰਤੋਂ ਕਰਨੀ ਚਾਹੀਦੀ ਹੈ।

ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਰੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਸਿਹਤ ਲਈ ਬੜਾ ਫ਼ਾਇਦੇਮੰਦ ਹੈ ਲੀਚੀ ਦੀ ਤਰ੍ਹਾਂ ਦਿਸਣ ਵਾਲਾ ਇਹ ਫ਼ਲ

ਲੀਚੀ ਦੀ ਤਰ੍ਹਾਂ ਦਿਸਣ ਵਾਲਾ ਇਹ ਫ਼ਲ ਰਾਮਬੁਤਾਨ ਨਾ ਸਿਰਫ਼ ਖਾਣ ਵਿਚ ਸਗੋਂ ਸਿਹਤ ਦੇ ਲਿਹਾਜ ਨਾਲ ਵੀ ਬੜਾ ਫ਼ਾਇਦੇਮੰਦ ਹੈ। ਇਸ ਵਿਚ ਬਹੁਤ ਸਾਰਾ ਫ਼ਾਈਬਰ, ਵਿਟਾਮਿਨ, ਆਇਰਨ ਅਤੇ ਜਿੰਕ ਹੁੰਦਾ ਹੈ। ਇਹ ਫ਼ਲ ਭਾਰਤ ਵਿਚ ਕੇਰਲ, ਕਰਨਾਟਕ ਅਤੇ ਤਾਮਿਲਨਾਡੂ ਵਰਗੇ ਦੱਖਣੀ ਸੂਬਿਆਂ ਵਿਚ ਆਸਾਨੀ ਨਾਲ ਪਾਇਆ ਜਾ ਸਕਦਾ ਹੈ। ਇਹ ਫ਼ਲ ਹਲਕਾ ਮਿੱਠਾ ਤੇ ਖੱਟਾ ਹੁੰਦਾ ਹੈ।



ਇਹ ਫ਼ਲ ਭਾਵੇਂ ਹੀ ਦਿਸਣ ਵਿਚ ਕਿੰਨਾ ਵੀ ਛੋਟਾ ਹੈ ਪਰ ਇਸ ਵਿਟਾਮਿਨ ਸੀ ਦੀ ਮਾਤਰਾ ਕਾਫ਼ੀ ਹੁੰਦੀ ਹੈ। ਇਸ ਨੂੰ ਖਾਣ ਨਾਲ ਇਮਿਊਨਿਟੀ ਵਧਦੀ ਹੈ ਅਤੇ ਸਰੀਰ ਤੋਂ ਜ਼ਹਿਰੀਲੇ ਪਦਾਰਥ ਬਾਹਰ ਨਿਕਲਦੇ ਹਨ।

ਕਿਹਾ ਜਾਂਦਾ ਹੈ ਕਿ 100 ਗ੍ਰਾਮ ਰਾਮਬੁਤਾਨ ਵਿਚ ਲਗਭਗ 84 ਕੈਲੋਰਾਈ ਪਾਈ ਜਾਂਦੀਆਂ ਹਨ। 100 ਗ੍ਰਾਮ ਵਿਚ 40 ਫ਼ੀਸਦੀ ਵਿਟਾਮਿਨ ਸੀ ਹੁੰਦਾ ਹੈ, ਜਿਸ ਦੀ ਤੁਹਾਨੂੰ ਰੋਜ਼ਾਨਾ ਜ਼ਰੂਰਤ ਹੁੰਦੀ ਹੈ ਅਤੇ ਲਗਭਗ 28 ਫ਼ੀਸਦੀ ਆਇਰਨ ਹੁੰਦਾ ਹੈ। ਇਹੀ ਨਹੀਂ ਇਸ ਵਿਚ ਤਾਂਬਾ ਵੀ ਹੁੰਦਾ ਹੈ। ਇਸ ਫ਼ਲ ਦਾ ਇਸਤੇਮਾਲ ਪ੍ਰਾਚੀਨ ਕਾਲ ਤੋਂ ਹੀ ਰੋਗਾਣੂਨਾਸ਼ਕ ਗੁਣਾਂ ਲਈ ਕੀਤਾ ਜਾਂਦਾ ਰਿਹਾ ਹੈ। ਇਹ ਫ਼ਲ ਜ਼ਖਮ ਭਰਨ ਵਿਚ ਤੇਜ਼ੀ ਲਿਆਉਂਦਾ ਹੈ। ਇਹ ਰੋਗਾਣੂਨਾਸ਼ਕ ਤੇ ਐਂਟੀਸੈਪਟਿਕ ਗੁਣਾਂ ਨਾਲ ਭਰਪੂਰ ਹੈ। ਰਾਮਬੁਤਾਨ ਦਾ ਨਾਂ ਇਹ ਫ਼ਲ ਹਾਈ ਬਲੱਡ ਪ੍ਰੈਸ਼ਰ ਨੂੰ ਘੱਟ ਕਰਨ ਵਿਚ ਵੀ ਮਦਦ ਕਰਦਾ ਹੈ ਅਤੇ ਕੋਲੇਸਟ੍ਰਾਲ ਦੇ ਪੱਧਰ ਨੂੰ ਘੱਟ ਕਰਦਾ ਹੈ।

ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਰੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਖ਼ੁਰਾਕ 'ਚ ਜ਼ਰੂਰ ਸ਼ਾਮਲ ਕਰੋ ਚੀਕੂ, ਖੰਘ ਦੇ ਨਾਲ-ਨਾਲ ਇਨ੍ਹਾਂ ਸਮੱਸਿਆਵਾਂ ਤੋਂ ਵੀ ਮਿਲੇਗੀ ਰਾਹਤ

ਚੀਕੂ ਇਕ ਅਜਿਹਾ ਫ਼ਲ ਹੈ ਜੋ ਹਰ ਮੌਸਮ 'ਚ ਆਸਾਨੀ ਨਾਲ ਮਿਲ ਜਾਂਦਾ ਹੈ। ਚੀਕੂ 'ਚ ਵਿਟਾਮਿਨ ਏ ਅਤੇ ਵਿਟਾਮਿਨ ਸੀ ਹੁੰਦਾ ਹੈ। ਇਸ ਦੇ ਨਾਲ ਹੀ ਇਸ ਫ਼ਲ 'ਚ ਗਲੂਕੋਜ਼ ਵੀ ਹੁੰਦਾ ਹੈ। ਇਹ ਸੁਆਦ ਹੋਣ ਦੇ ਨਾਲ-ਨਾਲ ਸਰੀਰ ਨੂੰ ਵੀ ਬਹੁਤ ਫ਼ਾਇਦੇ ਦਿੰਦਾ ਹੈ। ਅੱਜ ਅਸੀਂ ਤੁਹਾਨੂੰ ਚੀਕੂ ਖਾਣ ਫ਼ਾਇਦਿਆਂ ਬਾਰੇ ਦੱਸਣ ਜਾ ਰਹੇ ਹਾਂ।

ਅੱਖਾਂ ਲਈ ਲਾਭਕਾਰੀ

ਚੀਕੂ 'ਚ ਵਿਟਾਮਿਨ ਏ ਹੁੰਦਾ ਹੈ, ਜੋ ਬੁਢੇਪੇ 'ਚ ਹੋਣ ਵਾਲੀਆਂ ਅੱਖਾਂ ਦੀਆਂ ਸਮੱਸਿਆ ਨੂੰ ਦੂਰ ਰੱਖਦਾ ਹੈ।

ਊਰਜਾ ਦਾ ਸਰੋਤ

ਚੀਕੂ 'ਚ ਗਲੂਕੋਜ਼ ਕਾਫ਼ੀ ਮਾਤਰਾ 'ਚ ਹੁੰਦਾ ਹੈ ਜੋ ਸਰੀਰ ਨੂੰ ਤੁਰੰਤ ਊਰਜਾ ਪ੍ਰਦਾਨ ਕਰਦਾ ਹੈ। ਜੋ ਲੋਕ ਰੋਜ਼ਾਨਾ ਕਸਰਤ ਕਰਦੇ ਹਨ ਉਨ੍ਹਾਂ ਨੂੰ ਊਰਜਾ ਦੀ ਬੇਹੱਦ ਲੋੜ ਹੁੰਦੀ ਹੈ ਇਸ ਲਈ ਅਜਿਹੇ ਲੋਕਾਂ ਨੂੰ ਰੋਜ਼ਾਨਾ ਚੀਕੂ ਖਾਣੇ ਚਾਹੀਦੇ ਹਨ।

ਕੈਂਸਰ ਤੋਂ ਬਚਾਉਂਦਾ ਹੈ

ਚੀਕੂ 'ਚ ਵਿਟਾਮਿਨ ਏ, ਵਿਟਾਮਿਨ ਬੀ, ਐਂਟੀ-ਆਕਸੀਡੈਂਟ, ਫ਼ਾਈਬਰ ਅਤੇ ਹੋਰ ਪੋਸ਼ਕ ਤੱਤ ਪਾਏ ਜਾਂਦੇ ਹਨ, ਜੋ ਕੈਂਸਰ ਰੋਗ ਤੋਂ ਬਚਾਉਂਦੇ ਹਨ।

ਹੱਡੀਆਂ ਲਈ ਗੁਣਕਾਰੀ

ਚੀਕੂ ਕੈਲਸ਼ੀਅਮ, ਫ਼ਾਸਫ਼ੋਰਸ ਅਤੇ ਆਇਰਨ ਨਾਲ ਭਰਪੂਰ ਹੁੰਦਾ ਹੈ, ਜੋ ਹੱਡੀਆਂ ਲਈ ਲਾਹੇਵੰਦ ਹੁੰਦੇ ਹਨ। ਇਸ ਲਈ ਚੀਕੂ ਦੀ ਵਰਤੋਂ ਕਰਨ ਨਾਲ ਹੱਡੀਆਂ ਮਜ਼ਬੂਤ ਹੁੰਦੀਆਂ ਹਨ।

ਗਰਭ ਅਵਸਥਾ ਦੌਰਾਨ ਲਾਭਕਾਰੀ

ਚੀਕੂ 'ਚ ਕਾਰਬੋਹਾਈਡ੍ਰੇਟਸ ਅਤੇ ਹੋਰ ਲੋੜੀਂਦੇ ਪੋਸ਼ਕ ਤੱਤ ਪਾਏ ਜਾਂਦੇ ਹਨ , ਜਿਸ ਕਾਰਨ ਇਹ ਗਰਭਵਤੀ ਔਰਤਾਂ ਅਤੇ ਦੁੱਧ ਪਿਲਾਉਣ ਵਾਲੀਆਂ ਮਾਂਵਾਂ ਲਈ ਲਾਭਕਾਰੀ ਹੁੰਦਾ ਹੈ।

ਦਸਤ ਤੋਂ ਰਾਹਤ

ਚੀਕੂ 'ਚ ਐਂਟੀ-ਡਾਇਰੀਅਲ ਗੁਣ ਹੁੰਦੇ ਹਨ। ਪਾਣੀ 'ਚ ਚੀਕੂ ਨੂੰ ਉਬਾਲ ਕੇ ਬਣਾਏ ਗਏ ਕਾੜ੍ਹੇ ਨੂੰ ਪੀਣ ਨਾਲ ਦਸਤ ਤੋਂ ਰਾਹਤ ਮਿਲਦੀ ਹੈ। ਇਹ ਬਾਵਾਸੀਰ ਤੋਂ ਵੀ ਰਾਹਤ ਦਿਵਾਉਂਦਾ ਹੈ।

ਮਾਨਸਿਕ ਸਿਹਤ

ਚੀਕੂ ਦਿਮਾਗ ਨੂੰ ਸ਼ਾਂਤ ਰੱਖਣ 'ਚ ਮਦਦ ਕਰਦਾ ਹੈ। ਇਹ ਦਿਮਾਗ ਦੀਆਂ ਨਾੜੀਆਂ ਨੂੰ ਸ਼ਾਂਤ ਅਤੇ ਤਣਾਅ ਨੂੰ ਘੱਟ ਕਰਦਾ ਹੈ। ਇਸ ਲਈ ਇਹ ਅਨੀਂਦਰਾ, ਚਿੰਤਾ ਤੋਂ ਪੀੜਤ ਵਿਅਕਤੀਆਂ ਲਈ ਲਾਭਕਾਰੀ ਹੁੰਦਾ ਹੈ।





ਸਰਦੀ ਅਤੇ ਖੰਘ

ਚੀਕੂ 'ਚ ਪਾਏ ਜਾਣ ਵਾਲੇ ਤੱਤ ਖੰਘ ਅਤੇ ਬਲਗਮ ਦੂਰ ਕਰਦੇ ਹਨ।

ਗੁਰਦੇ ਦੀ ਪੱਥਰੀ

ਚੀਕੂ ਦੇ ਬੀਜ ਨੂੰ ਪੀਸ ਕੇ ਖਾਣ ਨਾਲ ਗੁਰਦੇ ਦੀ ਪੱਥਰੀ ਪੇਸ਼ਾਬ ਰਾਹੀਂ ਬਾਹਰ ਨਿਕਲ ਜਾਂਦੀ ਹੈ। ਇਸ ਦੇ ਨਾਲ ਹੀ ਇਹ ਗੁਰਦੇ ਦੀਆਂ ਬੀਮਾਰੀਆਂ ਤੋਂ ਵੀ ਬਚਾਉਂਦਾ ਹੈ।

ਭਾਰ ਘਟਾਉਣ 'ਚ ਸਹਾਈ

ਚੀਕੂ ਭਾਰ ਘਟਾਉਣ 'ਚ ਮਦਦ ਕਰਦਾ ਹੈ। ਇਹ ਗੈਸਟ੍ਰਿਕ ਐਂਜਾਈਮਾਂ ਨੂੰ ਖਤਮ ਕਰ ਕੇ ਪਾਚਨ ਤੰਤਰ ਨੂੰ ਮਜ਼ਬੂਤ ਕਰ ਮੋਟਾਪੇ ਤੋਂ ਬਚਾਉਂਦਾ ਹੈ।

ਚਮਕਦਾਰ ਚਮੜੀ

ਚੀਕੂ ਚਮੜੀ ਦੀ ਚਮਕ ਬਣਾਈ ਰੱਖਣ 'ਚ ਬਹੁਤ ਮਦਦ ਕਰਦਾ ਹੈ। ਇਸ 'ਚ ਪਾਇਆ ਜਾਣ ਵਾਲਾ ਵਿਟਾਮਿਨ ਈ ਚਮੜੀ ਨੂੰ ਨਮੀ ਦਿੰਦਾ ਹੈ, ਜਿਸ ਨਾਲ ਚਮੜੀ ਸਿਹਤਮੰਦ ਅਤੇ ਸੁੰਦਰ ਹੋ ਜਾਂਦੀ ਹੈ।

ਵਾਲ਼ਾਂ ਲਈ ਗੁਣਕਾਰੀ

ਚੀਕੂ ਦੇ ਬੀਜਾਂ ਤੋਂ ਕੱਢਿਆ ਗਿਆ ਤੇਲ ਵਾਲ਼ਾਂ ਨੂੰ ਮਾਇਸਚੁਰਾਈਜ਼ ਅਤੇ ਮੁਲਾਇਮ ਕਰ ਕੇ ਇਨ੍ਹਾਂ ਨੂੰ ਨਵੀਂ ਚਮਕ ਦਿੰਦਾ ਹੈ। ਇਹ ਘੁੰਗਰਾਲੇ ਵਾਲ਼ਾਂ ਲਈ ਬਹੁਤ ਵਧੀਆ ਮੰਨਿਆ ਜਾਂਦਾ ਹੈ। ਇਹ ਤੇਲ ਸਿਰ ਨੂੰ ਪੋਸ਼ਣ ਦਿੰਦਾ ਹੈ, ਜਿਸ ਨਾਲ ਵਾਲ਼ਾਂ ਦੇ ਝੜਨ ਦੀ ਸਮੱਸਿਆ ਦੂਰ ਹੁੰਦੀ ਹੈ।

ਸਿਕਰੀ ਦੂਰ ਕਰੇ

ਚੀਕੂ ਦੇ ਬੀਜਾਂ ਦਾ ਪੇਸਟ ਬਣਾਓ ਅਤੇ ਉਸ 'ਚ ਅਰੰਡੀ ਦਾ ਤੇਲ ਮਿਲਾ ਲਓ। ਇਸ ਮਿਸ਼ਰਣ ਨੂੰ ਸਿਰ ਦੀ ਚਮੜੀ 'ਤੇ ਲਗਾਓ ਅਤੇ ਅਗਲੇ ਦਿਨ ਧੋ ਲਓ। ਇਸ ਤਰ੍ਹਾਂ ਤੁਹਾਡੇ ਵਾਲ਼ ਚਮਕਦਾਰ ਅਤੇ ਸਿਕਰੀ ਰਹਿਤ ਹੋ ਜਾਣਗੇ।

ਝੁਰੜੀਆਂ ਘੱਟ ਕਰੇ

ਚੀਕੂ 'ਚ ਪਾਏ ਜਾਣ ਵਾਲੇ ਐਂਟੀ-ਆਕਸੀਡੈਂਟ ਵੱਧਦੀ ਉਮਰ ਦੇ ਨਿਸ਼ਾਨਾਂ ਅਤੇ ਝੁਰੜੀਆਂ ਨੂੰ ਘੱਟ ਕਰਦੇ ਹਨ।

ਫ਼ੰਗਸ

ਚੀਕੂ ਦੇ ਪੌਦੇ ਦਾ ਦੁਧੀਆ ਰਸ ਚਮੜੀ 'ਤੇ ਹੋਣ ਵਾਲੀ ਫ਼ੰਗਸ ਨੂੰ ਦੂਰ ਕਰਨ ਲਈ ਵਰਤਿਆ ਜਾ ਸਕਦਾ ਹੈ।

ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਰੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਖ਼ੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਭਗਤਾਂਵਾਲਾ ਦਾਣਾ ਮੰਡੀ ਵਿੱਚ ਕਣਕ ਦੀ ਚੱਲ ਰਹੀ ਖ਼ਰੀਦ ਦਾ ਜਾਇਜ਼ਾ ਲਿਆ



**ਚੰਡੀਗੜ੍ਹ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਖ਼ੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਅੰਮ੍ਰਿਤਸਰ ਦੀ ਭਗਤਾਂਵਾਲਾ ਦਾਣਾ ਮੰਡੀ ਵਿੱਚ ਕਣਕ ਦੀ ਚੱਲ ਰਹੀ ਖ਼ਰੀਦ ਦਾ ਜਾਇਜ਼ਾ ਲਿਆ। ਆਪਣੇ ਦੌਰੇ ਦੌਰਾਨ ਉਨ੍ਹਾਂ ਨੇ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨਾਲ ਗੱਲਬਾਤ ਕਰਕੇ ਮੰਡੀ ਵਿੱਚ ਚੱਲ ਰਹੀ ਕਣਕ ਦੀ ਖ਼ਰੀਦ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਉਨ੍ਹਾਂ ਨਾਲ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਦੱਖਣੀ ਦੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ, ਅੰਮ੍ਰਿਤਸਰ ਕੇਂਦਰੀ ਦੇ ਵਿਧਾਇਕ ਡਾ. ਅਜੇ ਗੁਪਤਾ, ਪਨਸਪ ਦੇ ਚੇਅਰਮੈਨ ਸ੍ਰੀ ਪ੍ਰਭਬੀਰ ਸਿੰਘ ਬਰਾੜ, ਵਧੀਕ ਡਿਪਟੀ ਕਮਿਸ਼ਨਰ ਜਨਰਲ ਸ੍ਰੀ ਰੋਹਿਤ ਗੁਪਤਾ, ਐੱਸ.ਡੀ.ਐੱਮ.-1 ਸ੍ਰੀਮਤੀ ਅਲਕਾ ਕਾਲੀਆ, ਚੇਅਰਮੈਨ ਮਾਰਕਿਟ ਕਮੇਟੀ ਅੰਮ੍ਰਿਤਸਰ ਬਲਜੀਤ ਸਿੰਘ, ਜ਼ਿਲ੍ਹਾ ਮੰਡੀ ਅਫ਼ਸਰ ਸ. ਰਮਨਦੀਪ ਸਿੰਘ ਥਿੰਦ, ਡੀ.ਐੱਫ.ਐੱਸ.ਸੀ. ਸ੍ਰੀਮਤੀ ਹਰਵੀਨ ਕੌਰ ਅਤੇ ਖ਼ਰੀਦ ਏਜੰਸੀਆਂ ਦੇ ਅਧਿਕਾਰੀ ਵੀ ਹਾਜ਼ਰ ਸਨ।

ਭਗਤਾਂਵਾਲਾ ਮੰਡੀ ਵਿੱਚ ਕਣਕ ਦੀ ਖ਼ਰੀਦ ਦਾ ਜਾਇਜ਼ਾ ਲੈਣ ਉਪਰੰਤ ਮਾਰਕਿਟ ਕਮੇਟੀ ਦਫ਼ਤਰ ਅੰਮ੍ਰਿਤਸਰ ਵਿਖੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਪੂਰੇ ਭਾਅ ਉੱਪਰ ਖ਼ਰੀਦਣ ਲਈ ਵਚਨਬੱਧ ਹੈ ਅਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।

ਕੈਬਨਿਟ ਮੰਤਰੀ ਸ੍ਰੀ ਕਟਾਰੂਚੱਕ ਨੇ ਕਿਹਾ ਕਿ ਇਸ ਵਾਰ ਪੰਜਾਬ ਨੂੰ ਕੇਂਦਰੀ ਅੰਨ ਭੰਡਾਰ ਲਈ 122 ਲੱਖ ਮੀਟ੍ਰਿਕ ਟਨ ਦਾ ਟੀਚਾ ਮਿਲਿਆ ਹੈ ਅਤੇ ਖ਼ਰਾਬ ਮੌਸਮ ਦੇ ਬਾਵਜੂਦ ਵੀ ਪੰਜਾਬ ਇਸ ਟੀਚੇ ਨੂੰ ਪੂਰਾ ਕਰੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਸਾਰੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਉਹ ਖੁਦ ਮੰਡੀਆਂ ਵਿੱਚ ਜਾ ਕੇ ਖਰੀਦ ਪ੍ਰਬੰਦਾਂ ਦਾ ਜਾਇਜ਼ਾ ਲੈ ਰਹੇ ਹਨ। ਉਨ੍ਹਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਸੂਬੇ ਦੀਆਂ ਮੰਡੀਆਂ 'ਚ 61 ਲੱਖ ਮੀਟਰਿਕ ਟਨ ਕਣਕ ਦੀ ਆਮਦ ਹੋਈ ਹੈ, ਜਿਸ ਵਿੱਚੋਂ ਲਗਭਗ 57 ਲੱਖ ਮੀਟਰਿਕ ਟਨ ਦੀ ਖ਼ਰੀਦ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ 24 ਘੰਟਿਆਂ ਦੇ ਵਿੱਚ ਕਿਸਾਨਾਂ ਦੇ ਖਾਤਿਆਂ ਵਿੱਚ ਕਣਕ ਦੀ ਅਦਾਇਗੀ ਕੀਤੀ ਜਾ ਰਹੀ ਹੈ ਅਤੇ ਬੀਤੀ ਸ਼ਾਮ ਤੱਕ 7109 ਕਰੋੜ ਰੁਪਏ ਦੀ ਅਦਾਇਗੀ ਕਿਸਾਨਾਂ ਨੂੰ ਕੀਤੀ ਜਾ ਚੁੱਕੀ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਖਰੀਦ ਏਜੰਸੀਆਂ ਨੂੰ ਖਰੀਦੀ ਗਈ ਕਣਕ ਦੀ ਲਿਫਟਿੰਗ ਕਰਨ ਦੀਆਂ ਹਦਾਇਤਾਂ ਵੀ ਦਿੱਤੀਆਂ ਗਈਆਂ ਹਨ।

ਉਨ੍ਹਾਂ ਕਿਹਾ ਕਿ ਮੰਡੀਆਂ 'ਚ ਆਏ ਅਨਾਜ ਨੂੰ ਮੌਸਮ ਦੀ ਮਾਰ ਤੋਂ ਬਚਾਉਣ ਲਈ ਸਾਰੀਆਂ ਏਜੰਸੀਆਂ ਅਤੇ ਆੜ੍ਹਤੀਆਂ ਨੂੰ ਤਰਪਾਲਾਂ ਅਤੇ ਕਰੇਟਾਂ ਦੇ ਸਮੁੱਚੇ ਪ੍ਰਬੰਧ ਕਰਕੇ ਰੱਖਣ ਲਈ ਕਿਹਾ ਗਿਆ ਹੈ। ਕੈਬਨਿਟ ਮੰਤਰੀ ਸ੍ਰੀ ਕਟਾਰੂਚੱਕ ਨੇ ਖ਼ਰੀਦ ਕਾਰਜਾਂ ਨਾਲ ਜੁੜੇ ਸਮੂਹ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਕੀਤੀਆਂ ਕਿ ਮੰਡੀਆਂ 'ਚ ਕੋਈ ਵੀ ਢਿੱਲ-ਮੱਠ ਨਾ ਆਵੇ ਅਤੇ ਕਿਸੇ ਵੀ ਕਿਸਾਨ ਜਾਂ ਆੜ੍ਹਤੀ ਨੂੰ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਮੰਡੀਆਂ ਵਿੱਚ ਕਿਸਾਨਾਂ ਦੀ ਫਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਵਚਨਬੱਧ ਹੈ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਰੋਹਿਤ ਗੁਪਤਾ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹਾ ਅੰਮ੍ਰਿਤਸਰ ਦੀਆਂ ਮੰਡੀਆਂ ਵਿੱਚ 264603 ਮੀਟ੍ਰਿਕ ਟਨ ਕਣਕ ਦੀ ਫਸਲ ਪਹੁੰਚ ਚੁੱਕੀ ਹੈ, ਜਿਸ ਵਿੱਚੋਂ 241535 ਮੀਟ੍ਰਿਕ ਟਨ ਕਣਕ ਦੀ ਫਸਲ ਖ਼ਰੀਦੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਕਿਸਾਨਾਂ ਨੂੰ 24 ਘੰਟੇ ਦੇ ਵਿੱਚ ਫਸਲ ਦੀ ਅਦਾਇਗੀ ਕੀਤੀ ਜਾ ਰਹੀ ਹੈ।

# ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ : ਚਾਰ ਵਿਧਾਨ ਸਭਾ ਹਲਕਿਆਂ ਵਿੱਚ 6 ਮਈ ਤੋਂ ਰਜਿਸਟ੍ਰੇਸ਼ਨ ਸ਼ੁਰੂ ਹੋਵੇਗੀ : ਡੀਸੀ



**ਬਠਿੰਡਾ,27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਜ਼ਿਲ੍ਹਾ ਬਠਿੰਡਾ ਦੇ ਚਾਰ ਵਿਧਾਨ ਸਭਾ ਹਲਕਿਆਂ ਵਿੱਚ 6 ਮਈ ਤੋਂ ਸ਼ੁਰੂ ਕਰਨ ਲਈ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।

ਇਹ ਜਾਣਕਾਰੀ ਡਿਪਟੀ ਕਮਿਸ਼ਨਰ ਬਠਿੰਡਾ ਸ੍ਰੀ ਰਾਜੇਸ਼ ਧੀਮਾਨ ਨੇ ਅੱਜ ਇਸ ਸਬੰਧੀ ਕੀਤੀ ਗਈ ਮੀਟਿੰਗ ਦੌਰਾਨ ਦਿੱਤੀ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ ਭੁੱਚੋ ਮੰਡੀ, ਬਠਿੰਡਾ (ਦਿਹਾਤੀ), ਮੌੜ ਅਤੇ ਰਾਮਪੁਰਾ ਖੇਤਰਾਂ ਵਿੱਚ ਇਸ ਯੋਜਨਾ ਹੇਠ ਮਹਿਲਾਵਾਂ ਦੀ ਰਜਿਸਟ੍ਰੇਸ਼ਨ 6 ਮਈ ਤੋਂ ਸ਼ੁਰੂ ਹੋਵੇਗੀ।

ਇਸ ਯੋਜਨਾ ਤਹਿਤ ਆਮ ਵਰਗ ਦੀਆਂ ਮਹਿਲਾਵਾਂ ਨੂੰ ਮਹੀਨਾਵਾਰ ਰੁਪਏ 1000 ਅਤੇ ਅਨੁਸੂਚਿਤ ਜਾਤੀ (ਅਨੁਸੂਚਿਤ ਜਾਤੀ) ਦੀਆਂ ਮਹਿਲਾਵਾਂ ਨੂੰ ਰੁਪਏ 1500 ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਇਹ ਯੋਜਨਾ ਸਿੱਧੀ ਲਾਭ ਅੰਤਰਣ (ਡੀਬੀਟੀ) ਰਾਹੀਂ ਮਹਿਲਾਵਾਂ ਨੂੰ ਸਸ਼ਕਤ ਬਣਾਉਣ ਉੱਤੇ ਕੇਂਦਰਿਤ ਹੈ।

ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ 'ਸਖੀ ਸਹੇਲੀ' ਵਲੰਟੀਅਰ ਅਤੇ ਆਂਗਣਵਾੜੀ ਵਰਕਰਾਂ ਦੀ ਸਹਾਇਤਾ ਲਈ ਜਾਵੇਗੀ ਤਾਂ ਜੋ ਹਰ ਯੋਗ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਯਕੀਨੀ ਬਣਾਈ ਜਾ ਸਕੇ। ਉਪਰੋਕਤ ਚਾਰ ਹਲਕਿਆਂ ਵਿੱਚ ਕੁੱਲ 979 ਆਂਗਣਵਾੜੀ ਕੇਂਦਰ ਹਨ, ਜਿਨ੍ਹਾਂ ਵਿੱਚੋਂ 391 ਸ਼ਹਿਰੀ ਅਤੇ 588 ਪੇਂਡੂ ਖੇਤਰਾਂ ਵਿੱਚ ਸਥਿਤ ਹਨ।

ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਯੋਜਨਾ ਦੀ ਰਜਿਸਟ੍ਰੇਸ਼ਨ ਨਾਲ ਜੁੜੇ ਸਟਾਫ਼ ਅਤੇ ਵਲੰਟੀਅਰਾਂ ਨੂੰ ਸਹੀ ਤਰੀਕੇ ਨਾਲ ਕੰਮ ਕਰਨ ਦੇ ਬਾਰੇ ਦੱਸਿਆ ਜਾਵੇ।

ਇਸ ਮੌਕੇ ਏਡੀਸੀ (ਜੀ) ਮੈਡਮ ਕੰਚਨ, ਐਸ.ਡੀ.ਐਮ ਬਠਿੰਡਾ ਬਲਕਰਨ ਸਿੰਘ, ਐਸ.ਡੀ.ਐਮ ਤਲਵੰਡੀ ਸਾਬੋ ਰਾਜੇਸ਼ ਕੁਮਾਰ ਸ਼ਰਮਾ, ਐਸ.ਡੀ.ਐਮ ਰਾਮਪੁਰਾ ਅਤੇ ਮੌੜ ਵੀਰਪਾਲ ਕੌਰ, ਡੀ.ਡੀ.ਪੀ.ਓ ਅਭਿਨਵ ਗੋਇਲ, ਡੀ.ਪੀ.ਓ ਪੰਕਜ ਕੁਮਾਰ ਸਮੇਤ ਹੋਰ ਅਧਿਕਾਰੀ ਆਦਿ ਮੌਜੂਦ ਸਨ।

# ਮਾਨ ਸਰਕਾਰ ਵੱਲੋਂ ਗੜ੍ਹੇਮਾਰੀ ਨਾਲ ਨੁਕਸਾਨੀਆਂ ਫ਼ਸਲਾਂ ਲਈ 123.28 ਕਰੋੜ ਰੁਪਏ ਦੀ ਰਾਹਤ ਰਾਸ਼ੀ ਜਾਰੀ ਪੰਜਾਬ ਸਰਕਾਰ ਨੇ ਪ੍ਰਭਾਵਿਤ ਕਿਸਾਨਾਂ ਲਈ ਫ਼ੌਰੀ ਰਾਹਤ ਯਕੀਨੀ ਬਣਾਈ: ਹਰਦੀਪ ਸਿੰਘ ਮੁੰਡੀਆਂ

**ਚੰਡੀਗੜ੍ਹ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਅੱਜ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿਛਲੇ ਦਿਨੀਂ ਸੂਬੇ ਵਿੱਚ ਹੋਈ ਗੜ੍ਹੇਮਾਰੀ ਕਾਰਨ ਨੁਕਸਾਨੀਆਂ ਫ਼ਸਲਾਂ ਦੇ ਮੁਆਵਜ਼ੇ ਤਹਿਤ ਕਿਸਾਨਾਂ ਲਈ 123.28 ਕਰੋੜ ਰੁਪਏ ਤੋਂ ਵੱਧ ਦਾ ਰਾਹਤ ਪੈਕੇਜ ਮਨਜ਼ੂਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਨੇ ਵੱਖ-ਵੱਖ ਜ਼ਿਲ੍ਹਾ ਪ੍ਰਸ਼ਾਸਨਾਂ ਵੱਲੋਂ ਗਿਰਦਾਵਰੀ ਦਾ ਕੰਮ ਮੁਕੰਮਲ ਹੋਣ ਤੋਂ ਬਾਅਦ ਤੁਰੰਤ ਕਾਰਵਾਈ ਵਿੱਢੀ ਤਾਂ ਜੋ ਪ੍ਰਭਾਵਿਤ ਕਾਸ਼ਤਕਾਰਾਂ ਨੂੰ ਸਮੇਂ ਸਿਰ ਮੁਆਵਜ਼ਾ ਮਿਲ ਸਕੇ ਅਤੇ ਵਾਢੀ ਦੇ ਸੀਜ਼ਨ ਦੌਰਾਨ ਹੋਏ ਅਣਕਿਆਸੇ ਨੁਕਸਾਨ ਤੋਂ ਉਭਰਿਆ ਜਾ ਸਕੇ।

ਮਾਲ ਮੰਤਰੀ ਨੇ ਦੱਸਿਆ ਕਿ ਸੱਤ ਜ਼ਿਲ੍ਹਿਆਂ ਦੇ 111 ਪਿੰਡਾਂ ਵਿੱਚ 92695 ਏਕੜ ਰਕਬੇ 'ਚ ਹੋਏ ਫ਼ਸਲੀ ਨੁਕਸਾਨ ਲਈ 123,28,05,938 ਰੁਪਏ ਦੇ ਕੁੱਲ ਰਾਹਤ ਪੈਕੇਜ ਨੂੰ ਮਨਜ਼ੂਰੀ ਦਿੱਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਨੁਕਸਾਨੇ ਕੁੱਲ ਖੇਤਰ ਵਿੱਚ 26 ਤੋਂ 32 ਫ਼ੀਸਦੀ ਨੁਕਸਾਨ ਵਾਲਾ 992 ਏਕੜ ਰਕਬਾ, 33 ਤੋਂ 75 ਫ਼ੀਸਦੀ ਨੁਕਸਾਨਿਆ ਗਿਆ 61115 ਏਕੜ ਰਕਬਾ ਅਤੇ 76 ਤੋਂ 100 ਫ਼ੀਸਦੀ ਖ਼ਰਾਬੇ ਵਾਲਾ 30588 ਏਕੜ ਰਕਬਾ ਸ਼ਾਮਲ ਹੈ।

ਉਨ੍ਹਾਂ ਅੱਗੇ ਕਿਹਾ, "ਸਾਡੀ ਸਰਕਾਰ ਇਸ ਔਖੀ ਘੜੀ ਵਿੱਚ ਕਿਸਾਨਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ ਅਤੇ ਇਹ ਯਕੀਨੀ ਬਣਾ ਰਹੀ ਹੈ ਕਿ ਕੁਦਰਤੀ ਆਫ਼ਤਾਂ ਕਾਰਨ ਪੈਦਾ ਹੋਈ ਵਿੱਤੀ ਅਸਥਿਰਤਾ ਨੂੰ ਫ਼ੌਰੀ ਦਖ਼ਲ ਦੇ ਕੇ ਘਟਾਇਆ ਜਾ ਸਕੇ।"



ਕੈਬਨਿਟ ਮੰਤਰੀ ਨੇ ਦੱਸਿਆ ਕਿ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਫ਼ਾਜ਼ਿਲਕਾ ਨੂੰ ਸਭ ਤੋਂ ਵੱਧ ਕਰੀਬ 44.24 ਕਰੋੜ ਰੁਪਏ ਦੀ ਰਾਹਤ ਰਾਸ਼ੀ ਜਾਰੀ ਕੀਤੀ ਗਈ ਹੈ। ਇਸ ਤੋਂ ਬਾਅਦ ਸ੍ਰੀ ਮੁਕਤਸਰ ਸਾਹਿਬ ਨੂੰ ਕਰੀਬ 43.01 ਕਰੋੜ ਰੁਪਏ, ਬਠਿੰਡਾ ਨੂੰ ਲਗਭਗ 22.83 ਕਰੋੜ ਰੁਪਏ, ਮੋਗਾ ਨੂੰ 7.73 ਕਰੋੜ ਰੁਪਏ ਅਤੇ ਅੰਮ੍ਰਿਤਸਰ ਨੂੰ 5.26 ਕਰੋੜ ਰੁਪਏ ਤੋਂ ਵੱਧ ਦੀ ਰਾਹਤ ਰਾਸ਼ੀ ਜਾਰੀ ਕੀਤੀ ਗਈ ਹੈ। ਇਸੇ ਤਰ੍ਹਾਂ ਫ਼ਿਰੋਜ਼ਪੁਰ ਅਤੇ ਰੂਪਨਗਰ ਜ਼ਿਲ੍ਹਿਆਂ ਦੇ ਕਿਸਾਨਾਂ ਲਈ ਕ੍ਰਮਵਾਰ ਲਗਭਗ 17.10 ਲੱਖ ਰੁਪਏ ਅਤੇ 1.35 ਲੱਖ ਰੁਪਏ ਦਾ ਮੁਆਵਜ਼ਾ ਮਨਜ਼ੂਰ ਕੀਤਾ ਗਿਆ ਹੈ।

ਮੁੜ-ਵਸੇਬਾ ਅਤੇ ਆਫ਼ਤ ਪ੍ਰਬੰਧਨ ਮੰਤਰੀ ਨੇ ਦੱਸਿਆ ਕਿ ਰਾਹਤ ਦਾ ਇਹ ਮੁਲਾਂਕਣ ਗੜ੍ਹੇਮਾਰੀ ਦੌਰਾਨ ਫ਼ਸਲੀ ਨੁਕਸਾਨ ਦੇ ਮੁਤਾਬਿਕ ਕੀਤਾ ਗਿਆ ਹੈ ਅਤੇ ਇਸ ਤਹਿਤ 26 ਫ਼ੀਸਦੀ ਤੋਂ ਲੈ ਕੇ 100 ਫ਼ੀਸਦੀ ਨੁਕਸਾਨੇ ਰਕਬੇ ਨੂੰ ਕਵਰ ਕੀਤਾ ਗਿਆ ਹੈ ਅਤੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਹਰੇਕ ਪ੍ਰਭਾਵਿਤ ਕਿਸਾਨ ਨੂੰ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਮੁਆਵਜ਼ਾ ਮਿਲ ਸਕੇ।

ਸ. ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਮਾਲ ਵਿਭਾਗ ਵੱਲੋਂ ਡਿਪਟੀ ਕਮਿਸ਼ਨਰਾਂ ਨੂੰ ਮੁਆਵਜ਼ਾ ਵੰਡਣ ਸਬੰਧੀ ਕਾਰਵਾਈਆਂ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਗਏ ਹਨ ਤਾਂ ਜੋ ਮਨਜ਼ੂਰ ਕੀਤੀ ਰਕਮ ਬਿਨਾਂ ਕਿਸੇ ਦੇਰੀ ਦੇ ਲਾਭਪਾਤਰੀਆਂ ਤੱਕ ਪਹੁੰਚਾਈ ਜਾ ਸਕੇ। ਉਨ੍ਹਾਂ ਦੁਹਰਾਇਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਅਤੇ ਪੇਂਡੂ ਜੀਵਨ ਲਈ ਵੱਡਾ ਖ਼ਤਰਾ ਬਣਦੀਆਂ ਕੁਦਰਤੀ ਆਫ਼ਤਾਂ ਦੌਰਾਨ ਫ਼ੌਰੀ ਸਹਾਇਤਾ ਪ੍ਰਦਾਨ ਕਰਨ ਲਈ ਵਚਨਬੱਧ ਹੈ।

# 3 ਮਈ 2026 ਨੂੰ ਹੋਵੇਗੀ ਨੀਟ ਦੀ ਪ੍ਰੀਖਿਆ: ਵਧੀਕ ਡਿਪਟੀ ਕਮਿਸ਼ਨਰ

**ਫਾਜ਼ਿਲਕਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਫਾਜ਼ਿਲਕਾ ਵਿੱਚ 3 ਮਈ, 2026 ਦਿਨ ਐਤਵਾਰ ਨੂੰ ਹੋਣ ਵਾਲੀ ਨੀਟ ਦੀ ਪ੍ਰੀਖਿਆ ਨੂੰ ਲੈ ਕੇ ਵਧੀਕ ਡਿਪਟੀ ਕਮਿਸ਼ਨਰ ਡਾ. ਮਨਦੀਪ ਕੌਰ ਨੇ ਆਪਣੇ ਦਫ਼ਤਰ ਵਿਖੇ ਵੱਖ-ਵੱਖ ਵਿਭਾਗੀ ਅਧਿਕਾਰੀਆਂ ਨਾਲ ਮੀਟਿੰਗ ਕੀਤੀ।

ਵਧੀਕ ਡਿਪਟੀ ਕਮਿਸ਼ਨਰ ਨੇ ਸਿੱਖਿਆ ਵਿਭਾਗ, ਪੁਲਿਸ ਵਿਭਾਗ, ਬਿਜਲੀ ਵਿਭਾਗ ਅਤੇ ਹੋਰਨਾਂ ਵਿਭਾਗੀ ਅਧਿਕਾਰੀਆਂ ਨੂੰ ਸਮਾਂ ਰਹਿੰਦਿਆਂ ਨੀਟ ਪ੍ਰੀਖਿਆ ਨੂੰ ਸਫਲਤਾਪੂਰਵਕ ਨੇਪਰੇ ਚੜ੍ਹਾਉਣ ਲਈ ਪੁਖਤਾ ਪ੍ਰਬੰਧ ਕਰਨ ਦੇ ਆਦੇਸ਼ ਦਿੱਤੇ। ਉਹਨਾਂ ਦੱਸਿਆ ਕਿ ਇਹਨਾਂ ਪ੍ਰਬੰਧਾਂ ਵਿੱਚ ਸੈਂਟਰਾਂ ਵਿਖੇ ਤਜਰਬੇਕਾਰ ਸਟਾਫ, ਟ ?ੈਫਿਕ ਪਲਾਨ ਆਦਿ ਵਿੱਚ ਤਰੁੱਟੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਪ੍ਰੀਖਿਆ ਐਮ.ਆਰ ਸਰਕਾਰੀ ਕਾਲਜ ਫਾਜ਼ਿਲਕਾ ਅਤੇ ਸਕੂਲ ਆਫ਼ ਐਮੀਨੈਂਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਫਾਜ਼ਿਲਕਾ ਵਿਖ਼ੇ ਹੋਵੇਗੀ। ਉਹਨਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਨੀਟ ਦੀ ਪ੍ਰੀਖਿਆ ਸੁਚਾਰੂ ਤਰੀਕੇ ਨਾਲ ਮੁਕੰਮਲ ਕਰਨ ਲਈ ਨੋਡਲ ਅਧਿਕਾਰੀ ਤਾਇਨਾਤ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਨੀਟ ਦੀ ਪ੍ਰੀਖਿਆ ਪੂਰੀ ਪਾਰਦਰਸ਼ਤਾ ਅਤੇ ਸੁਖਾਵੇਂ ਮਾਹੌਲ ਵਿੱਚ ਹੋਵੇ, ਇਸ ਲਈ ਸਮੂਹ ਅਧਿਕਾਰੀ ਆਪੋ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਣ। ਇਸ ਮੌਕੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਵੀ ਹਾਜ਼ਰ ਸਨ।

# ਐਮ.ਆਰ.ਐਸ.ਪੀ.ਟੀ.ਯੂ. ਵਿਖੇ 'ਆਰਚਿਡ ਸ਼ੇਰ-ਏ-ਪੰਜਾਬ' ਦਾ ਉਦਘਾਟਨ ਖੇਤੀਬਾੜੀ ਸਿੱਖਿਆ ਵਿੱਚ ਨਵੀਨਤਾ ਦੇ ਨਵੇਂ ਯੁੱਗ ਦੀ ਸ਼ੁਰੂਆਤ

**ਬਠਿੰਡਾ,27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਾਰਾਜਾ ਰਣਜੀਤ ਸਿੰਘ ਪੰਜਾਬ ਤਕਨੀਕੀ ਯੂਨੀਵਰਸਿਟੀ (ਐਮ.ਆਰ.ਐਸ.ਪੀ.ਟੀ.ਯੂ.) ਦੇ ਖੇਤੀਬਾੜੀ ਵਿਗਿਆਨ ਅਤੇ ਇੰਜੀਨੀਅਰਿੰਗ ਸਕੂਲ ਵੱਲੋਂ ਇੱਕ ਦੂਰਦਰਸ਼ੀ ਪਹਿਲਕਦਮੀ ਵਜੋਂ ਆਰਚਿਡ ਸ਼ੇਰ-ਏ-ਪੰਜਾਬ ਦਾ ਉਦਘਾਟਨ ਕੀਤਾ ਗਿਆ ਜੋ ਖੇਤੀਬਾੜੀ ਸਿੱਖਿਆ ਵਿੱਚ ਨਵੀਨਤਾ,ਸਥਿਰਤਾ, ਅਤੇ ਅਨੁਭਵੀ ਸਿੱਖਿਆ ਦੇ ਸੁਮੇਲ ਦੇ ਨਵੇਂ ਯੁੱਗ ਦੀ ਸ਼ੁਰੂਆਤ ਹੈ।

ਇਹ ਮੌਕਾ ਖੇਤੀਬਾੜੀ ਸਿੱਖਿਆ ਨੂੰ ਵਿਵਹਾਰਿਕ, ਹੱਥੀਂ ਸਿੱਖਣ ਅਤੇ ਉੱਨਤ ਕਾਸ਼ਤ ਅਭਿਆਸਾਂ ਰਾਹੀਂ ਮੁੜ ਪਰਿਭਾਸ਼ਿਤ ਕਰਨ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਸਾਬਿਤ ਹੋਵੇਗਾ।

ਇਸ ਮੌਕੇ ਮੁੱਖ ਮਹਿਮਾਨ, ਸ਼੍ਰੀ ਮੋਨੀਸ਼ ਕੁਮਾਰ, ਆਈ.ਏ.ਐਸ., ਡਾਇਰੈਕਟਰ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ, ਪੰਜਾਬ ਨੇ ਰਸਮੀ ਤੌਰ 'ਤੇ ਇਸ ਨਿਵੇਕਲੇ ਬਾਗ ਦਾ ਉਦਘਾਟਨ ਕੀਤਾ। ਸਮਾਰੋਹ ਵਿੱਚ ਇੱਕ ਪ੍ਰਤੀਕਾਤਮਕ ਅਤੇ ਪ੍ਰੇਰਨਾਦਾਇਕ ਪਹਿਲੂ ਜੋੜਦੇ ਹੋਏ, ਉਨ੍ਹਾਂ ਨੇ ਖਜੂਰ ਦੇ ਬੂਟੇ ਲਗਾਏ - ਜੋ ਲਚਕਤਾ, ਸਥਿਰਤਾ ਅਤੇ ਪੰਜਾਬ ਦੇ ਖੇਤੀਬਾੜੀ ਦ੍ਰਿਸ਼ ਦੀ ਪ੍ਰਗਤੀਸ਼ੀਲ ਵਿਭਿੰਨਤਾ ਨੂੰ ਦਰਸਾਉਂਦੇ ਹਨ।

ਆਪਣੇ ਸੰਬੋਧਨ ਵਿੱਚ, ਸ਼੍ਰੀ ਮੋਨੀਸ਼ ਕੁਮਾਰ ਨੇ ਐਮ.ਆਰ.ਐਸ.ਪੀ.ਟੀ.ਯੂ.ਦੇ ਦੂਰਦਰਸ਼ੀ ਦ੍ਰਿਸ਼ਟੀਕੋਣ ਦੀ ਸ਼ਲਾਘਾ ਕਰਦਿਆ ਆਰਚਿਡ ਸ਼ੇਰ-ਏ-ਪੰਜਾਬ ਨੂੰ ਇੱਕ ਮੋਹਰੀ ਅਤੇ ਭਵਿੱਖ-ਕੇਂਦ੍ਰਿਤ ਪਹਿਲਕਦਮੀ ਦੱਸਿਆ ਜੋ ਨਵੀਨਤਾ-ਸੰਚਾਲਿਤ, ਟਿਕਾਊ, ਅਤੇ ਹੁਨਰ-ਅਧਾਰਿਤ ਖੇਤੀਬਾੜੀ ਨੂੰ ਦਰਸਾਉਂਦੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਜਿਹੇ ਏਕੀਕ੍ਰਿਤ ਪਲੇਟਫਾਰਮ ਖੇਤੀਬਾੜੀ-ਉਦਮੀਆਂ ਅਤੇ ਟੈਕਨੋਕਰੇਟਸ ਦੀ ਇੱਕ ਨਵੀਂ ਪੀੜ੍ਹੀ ਨੂੰ ਪਾਲਣ-ਪੋਸ਼ਣ ਵਿੱਚ ਮਹੱਤਵਪੂਰਨ ਹਨ, ਜੋ ਵਿਗਿਆਨਕ ਸੂਝ ਅਤੇ ਵਿਹਾਰਕ ਮੁਹਾਰਤ ਨਾਲ ਉੱਭਰ ਰਹੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਹਨ। ਉਨ੍ਹਾਂ ਅੱਗੇ ਜ਼ੋਰ ਦਿੱਤਾ ਕਿ ਇਸ ਸਹੂਲਤ ਵਿੱਚ ਪ੍ਰਤੀਬਿੰਬਤ ਤਕਨਾਲੋਜੀ, ਸਥਿਰਤਾ ਅਤੇ ਸਿੱਖਿਆ ਦਾ ਸੰਗਮ ਪੰਜਾਬ ਦੀ ਖੇਤੀਬਾੜੀ ਅਰਥਵਿਵਸਥਾ ਨੂੰ ਮਜ਼ਬੂਤ ਕਰਨ ਵਿਚ ਪਰਿਵਰਤਨਸ਼ੀਲ ਭੂਮਿਕਾ ਨਿਭਾਏਗਾ।

ਸਮਾਰੋਹ ਦੀ ਪ੍ਰਧਾਨਗੀ ਐਮ.ਆਰ.ਐਸ.ਪੀ.ਟੀ.ਯੂ. ਦੇ ਵਾਈਸ ਚਾਂਸਲਰ, ਪ੍ਰੋ. (ਡਾ.) ਸੰਜੀਵ ਕੁਮਾਰ ਸ਼ਰਮਾ ਨੇ ਕੀਤੀ, ਜਿਨ੍ਹਾਂ ਦੀ ਦੂਰਦਰਸ਼ੀ ਅਗਵਾਈ ਅਤੇ ਆਧੁਨਿਕ, ਹੁਨਰ-ਅਧਾਰਿਤ ਸਿੱਖਿਆ ਪ੍ਰਤੀ ਵਚਨਬੱਧਤਾ ਅਜਿਹੀਆਂ ਪਰਿਵਰਤਨਸ਼ੀਲ ਪਹਿਲਕਦਮੀਆਂ ਨੂੰ ਅੱਗੇ ਵਧਾਉਂਦੀ ਰਹਿੰਦੀ ਹੈ।

ਸ਼੍ਰੀ ਸੁਸ਼ੀਲ ਮਿੱਤਲ, ਵਾਈਸ ਚਾਂਸਲਰ, ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ (ਆਈ.ਕੇ.ਜੀ.ਪੀ.ਟੀ.ਯੂ.), ਕਪੂਰਥਲਾ ਨੇ ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਭਵਿੱਖ ਲਈ ਤਿਆਰ ਖੇਤੀਬਾੜੀ ਬੁਨਿਆਦੀ ਢਾਂਚੇ ਨੂੰ ਵਿਕਸਤ ਕਰਨ ਅਤੇ ਉਦਯੋਗ-ਅਨੁਕੂਲ, ਐਪਲੀਕੇਸ਼ਨ-ਅਧਾਰਿਤ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਐਮ.ਆਰ.ਐਸ.ਪੀ.ਟੀ.ਯੂ. ਦੀ ਦ੍ਰਿੜ ਵਚਨਬੱਧਤਾ ਦੀ ਸ਼ਲਾਘਾ ਕੀਤੀ।



ਸਮਾਗਮ ਨੂੰ ਸੰਬੋਧਨ ਕਰਦੇ ਹੋਏ, ਪਤਵੰਤਿਆਂ ਨੇ ਅੰਤਰ-ਫਸਲੀ ਪ੍ਰਣਾਲੀਆਂ ਅਤੇ ਵਿਭਿੰਨ ਫਲਾਂ ਦੇ ਬਾਗਾਂ ਵਰਗੇ ਮੁੱਖ ਫੋਕਸ ਖੇਤਰਾਂ ਨੂੰ ਖੇਤੀ ਆਮਦਨ ਵਧਾਉਣ ਅਤੇ ਖੇਤੀਬਾੜੀ ਜੋਖਮਾਂ ਨੂੰ ਘਟਾਉਣ ਲਈ ਪ੍ਰਭਾਵਸ਼ਾਲੀ ਰਣਨੀਤੀਆਂ ਵਜੋਂ ਉਜਾਗਰ ਕੀਤਾ। ਪੰਜਾਬ ਦੇ ਖੇਤੀਬਾੜੀ ਵਾਤਾਵਰਣ ਪ੍ਰਣਾਲੀ ਵਿੱਚ ਪਾਣੀ ਦੀ ਸੰਭਾਲ ਲਈ ਇੱਕ ਮਹੱਤਵਪੂਰਨ ਹੱਲ ਵਜੋਂ ਤੁਪਕਾ ਸਿੰਚਾਈ ਤਕਨਾਲੋਜੀ ਨੂੰ ਅਪਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।

ਆਪਣੇ ਸੰਬੋਧਨ ਵਿੱਚ, ਪ੍ਰੋ. (ਡਾ.) ਸੰਜੀਵ ਕੁਮਾਰ ਸ਼ਰਮਾ ਨੇ ਕਲਾਸਰੂਮ ਗਿਆਨ ਅਤੇ ਅਸਲ-ਸੰਸਾਰ ਖੇਤੀਬਾੜੀ ਚੁਣੌਤੀਆਂ ਵਿਚਕਾਰ ਪਾੜੇ ਨੂੰ ਪੂਰਾ ਕਰਨ ਦੀ ਮਹੱਤਤਾ ਨੂੰ ਦੁਹਰਾਇਆ। ਉਨ੍ਹਾਂ ਕਿਹਾ ਕਿ ਆਰਚਿਡ ਸ਼ੇਰ-ਏ-ਪੰਜਾਬ ਨਾ ਸਿਰਫ਼ ਇੱਕ ਫੁੱਲਾਂ ਦੀ ਖੇਤੀ ਇਕਾਈ ਵਜੋਂ ਕੰਮ ਕਰੇਗਾ, ਸਗੋਂ ਨਵੀਨਤਾ, ਖੋਜ ਉੱਤਮਤਾ ਅਤੇ ਹੁਨਰ ਵਾਧੇ ਨੂੰ ਉਤਸ਼ਾਹਿਤ ਕਰਨ ਵਾਲੀ ਇੱਕ ਗਤੀਸ਼ੀਲ ਜੀਵਤ ਪ੍ਰਯੋਗਸ਼ਾਲਾ ਵਜੋਂ ਵੀ ਕੰਮ ਕਰੇਗਾ।

ਰਜਿਸਟਰਾਰ, ਡਾ.ਗੁਰਿੰਦਰਪਾਲ ਸਿੰਘ ਬਰਾੜ ਨੇ ਧੰਨਵਾਦ ਦਾ ਮਤਾ ਪੇਸ਼ ਕਰਦਿਆ ਸਮੂਹਿਕ ਯਤਨਾਂ ਅਤੇ ਸਹਿਯੋਗੀ ਭਾਵਨਾਵਾਂ ਦੀ ਸ਼ਲਾਘਾ ਕੀਤੀ।

ਇਹ ਸਮਾਗਮ ਪ੍ਰੋ. ਜਸਵੀਰ ਸਿੰਘ ਟਿਵਾਣਾ ਦੀ ਅਗਵਾਈ ਹੇਠ ਡਾ. ਕੰਵਲਜੀਤ ਸਿੰਘ, ਇੰਜੀ. ਰਾਜਿੰਦਰ ਸਿੰਘ ਸਮਾਘ ਅਤੇ ਡਾ. ਵਿਨੀਤ ਚਾਵਲਾ ਦੇ ਮਹੱਤਵਪੂਰਨ ਯੋਗਦਾਨ ਨਾਲ ਆਯੋਜਿਤ ਕੀਤਾ ਗਿਆ ਸੀ। ਇਸਦੀ ਸਫਲਤਾ ਨੂੰ ਡਾ. ਰੁਕਸਾਨਾ, ਡਾ. ਸੁਖਪ੍ਰੀਤ ਕੌਰ, ਸ਼੍ਰੀਮਤੀ ਰਮਨਦੀਪ ਕੌਰ, ਸ਼੍ਰੀਮਤੀ ਸਿਮਰਨਪ੍ਰੀਤ ਕੌਰ, ਸ਼੍ਰੀਮਤੀ ਰਮਨਦੀਪ ਕੌਰ ਗਿੱਲ, ਸ਼੍ਰੀਮਤੀ ਕਿਰਨਪ੍ਰੀਤ ਕੌਰ ਅਤੇ ਸ਼੍ਰੀ ਸਮਰਪ੍ਰੀਤ ਸਿੰਘ ਸਮੇਤ ਫੈਕਲਟੀ ਮੈਂਬਰਾਂ ਦੇ ਸਮਰਪਿਤ ਯਤਨਾਂ ਦੁਆਰਾ ਹੋਰ ਮਜ਼ਬੂਤੀ ਮਿਲੀ, ਜਿਨ੍ਹਾਂ ਦੀ ਸਮੂਹਿਕ ਵਚਨਬੱਧਤਾ ਨੇ ਪ੍ਰੋਗਰਾਮ ਦੇ ਨਿਰਵਿਘਨ ਅਮਲ ਨੂੰ ਯਕੀਨੀ ਬਣਾਇਆ।

ਆਰਚਿਡ ਸ਼ੇਰ-ਏ-ਪੰਜਾਬ ਦੀ ਕਲਪਨਾ ਉੱਤਮਤਾ ਦੇ ਕੇਂਦਰ ਵਜੋਂ ਕੀਤੀ ਗਈ ਹੈ ਜੋ ਟਿਕਾਊ ਖੇਤੀਬਾੜੀ, ਉੱਨਤ ਫੁੱਲਾਂ ਦੀ ਖੇਤੀ, ਅਤੇ ਨਵੀਨਤਾ-ਅਧਾਰਤ ਖੋਜ ਨੂੰ ਉਤਸ਼ਾਹਿਤ ਕਰੇਗਾ।

# ਬੇਅਦਬੀ ਕਾਨੂੰਨ ਨੂੰ ਲੈ ਕੇ ਸਰਬ ਧਰਮ ਸੇਵਾ ਫਾਊਂਡੇਸ਼ਨ ਦੇ ਸੰਘਰਸ਼ ਨੂੰ ਮਿਲੀ ਸਫਲਤਾ



**ਲੁਧਿਆਣਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਬ ਧਰਮ ਸੇਵਾ ਫਾਊਂਡੇਸ਼ਨ ਦੇ ਮੁਖੀ ਰਾਮ ਸਿੰਘ ਰਾਣਾ ਅਤੇ ਐਚ.ਕੇ. ਪੁਰੀ ਨੇ ਕਿਹਾ ਕਿ ਬੇਅਦਬੀ ਕਾਨੂੰਨ ਲਈ ਸ਼ੁਰੂ ਕੀਤੀ ਮੁਹਿੰਮ ਨਾਲ ਹੀ ਇਹ ਸੰਭਵ ਹੋ ਸਕਿਆ ਹੈ, ਹਾਲਾਂਕਿ ਕਾਨੂੰਨ ਹਜੇ ਅਧੂਰਾ ਹੈ।

ਉਨ੍ਹਾਂ ਮੰਗ ਕੀਤੀ ਕਿ ਇਹ ਕਾਨੂੰਨ ਸਾਰੇ ਧਰਮਾਂ 'ਤੇ ਇਕਸਾਰ ਲਾਗੂ ਕੀਤਾ ਜਾਵੇ।

ਉਨ੍ਹਾਂ ਦੱਸਿਆ ਕਿ ਸਰਬ ਧਰਮ ਗ੍ਰੰਥ ਸਨਮਾਨ ਯਾਤਰਾ ਰਾਹੀਂ ਇਸ ਮੁੱਦੇ ਨੂੰ ਉਭਾਰਿਆ ਗਿਆ ਸੀ। ਉਨ੍ਹਾਂ ਕਿਹਾ ਕਿ ਸਖ਼ਤ ਕਾਨੂੰਨ ਧਾਰਮਿਕ ਭਾਵਨਾਵਾਂ ਦੀ ਰੱਖਿਆ ਕਰੇਗਾ ਅਤੇ ਸਮਾਜ ਵਿੱਚ ਅਮਨ-ਸ਼ਾਂਤੀ ਨੂੰ ਮਜ਼ਬੂਤ ਕਰੇਗਾ।

ਰਾਣਾ ਅਤੇ ਪੁਰੀ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਕਾਨੂੰਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਫਾਊਂਡੇਸ਼ਨ ਹਮੇਸ਼ਾ ਹਰ ਧਰਮ ਦੇ ਹੱਕ ਲਈ ਅੱਗੇ ਰਹੇਗੀ।

# ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਵਿਕਾਸ ਕਾਰਜਾਂ ਤੇ ਭਲਾਈ ਸਕੀਮਾਂ ਦੀ ਕੀਤੀ ਸਮੀਖਿਆ

**ਚੰਡੀਗੜ੍ਹ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਮੈਂਬਰ ਡਾ.ਰਾਜ ਕੁਮਾਰ ਚੱਬੇਵਾਲ ਨੇ ਜ਼ਿਲ੍ਹਾ ਵਿਕਾਸ ਤਾਲਮੇਲ ਅਤੇ ਨਿਗਰਾਨੀ ਕਮੇਟੀ (ਦਿਸ਼ਾ) ਦੀ ਮੀਟਿੰਗ ਦੌਰਾਨ ਜ਼ਿਲ੍ਹੇ ਵਿੱਚ ਚੱਲ ਰਹੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਅਤੇ ਭਲਾਈ ਸਕੀਮਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਅਧਿਕਾਰੀਆਂ ਨੂੰ ਵਿਕਾਸ ਕਾਰਜਾਂ ਦੀ ਰਫਤਾਰ ਤੇਜ਼ ਕਰਨ ਦੇ ਨਾਲ-ਨਾਲ ਨਿਰਧਾਰਤ ਸਮੇਂ ਵਿਚ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।



ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ, ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ, ਵਿਧਾਇਕ ਬ੍ਰਮ ਸ਼ੰਕਰ ਜਿੰਪਾ, ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ, ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਤੇ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਵਿਚ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਦਿਸ਼ਾ ਦੀ ਮੀਟਿੰਗ ਦੌਰਾਨ ਵੱਖ-ਵੱਖ ਵਿਕਾਸ ਕਾਰਜਾਂ ਅਤੇ ਲੋਕਪੱਖੀ ਯੋਜਨਾਵਾਂ ਸਮੇਤ 40 ਦੇ ਕਰੀਬ ਵੱਖ-ਵੱਖ ਪ੍ਰੋਗਰਾਮਾਂ ਦੀ ਸਥਿਤੀ ਅਤੇ ਮੁਕੰਮਲ ਕਰਨ ਸਬੰਧੀ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਦਿੱਤੇ। ਲੋਕ ਸਭਾ ਮੈਂਬਰ ਨੇ ਕੇਂਦਰ ਅਤੇ ਰਾਜ ਸਰਕਾਰ ਦੀਆਂ ਸਕੀਮਾਂ ਬਾਰੇ ਅਧਿਕਾਰੀਆਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਕਿਹਾ ਕਿ ਇਨ੍ਹਾਂ ਨੂੰ ਲਾਗੂ ਕਰਨ ਵਿਚ ਕਿਸੇ ਕਿਸਮ ਦੀ ਦੇਰੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜਨਤਕ ਹਿੱਤਾਂ ਨੂੰ ਮੱਦੇਨਜ਼ਰ ਰੱਖਦਿਆਂ ਭਲਾਈ ਸਕੀਮਾਂ ਦਾ ਲਾਭ ਹਰ ਯੋਗ ਲਾਭਪਾਤਰੀ ਤੱਕ ਪੁੱਜਦਾ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਇਨ੍ਹਾਂ ਸਕੀਮਾਂ ਦਾ ਬਣਦਾ ਲਾਭ ਮਿਲ ਸਕੇ।

ਸੰਸਦ ਮੈਂਬਰ ਡਾ. ਚੱਬੇਵਾਲ ਨੇ ਆਗਾਮੀ ਬਰਸਾਤੀ ਮੌਸਮ ਦੇ ਮੱਦੇਨਜ਼ਰ ਸੰਭਾਵੀ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਸਮੇਂ ਸਿਰ ਲੋੜੀਂਦੇ ਪ੍ਰਬੰਧ ਯਕੀਨੀ ਬਣਾਉਣ ਦੀ ਹਦਾਇਤ ਕਰਦਿਆਂ ਕਿਹਾ ਕਿ ਕੰਢੀ ਖੇਤਰ ਨੂੰ ਅਕਸਰ ਹੜ੍ਹਾਂ ਦੀ ਮਾਰ ਝੱਲਣੀ ਪੈਂਦੀ ਹੈ ਅਤੇ ਇਸ ਵਾਰ ਪਹਿਲਾਂ ਤੋਂ ਹੀ ਢੁੱਕਵੇਂ ਇੰਤਜ਼ਾਮ ਅਮਲ ਵਿਚ ਲਿਆਂਦੇ ਜਾਣ ਤਾਂ ਜੋ ਕਿਸੇ ਵੀ ਹੰਗਾਮੀ ਹਾਲਤ ਨਾਲ ਨਜਿੱਠਿਆ ਜਾ ਸਕੇ। ਉਨ੍ਹਾਂ ਨੇ ਪ੍ਰਧਾਨ ਮੰਤਰੀ ਆਵਾਸ ਯੋਜਨਾ ਅਧੀਨ ਸਮੀਖਿਆ ਕਰਦਿਆਂ ਅਧਿਕਾਰੀਆਂ ਨੂੰ ਤਾਕੀਦ ਕੀਤੀ ਕਿ ਯੋਗ ਲਾਭਪਾਤਰੀਆਂ ਨੂੰ ਪੱਕੇ ਮਕਾਨ ਬਣਾਉਣ ਲਈ ਲੋੜੀਂਦੀ ਵਿੱਤੀ ਮਦਦ ਦੇਣ ਦੇ ਕੇਸਾਂ ਨੂੰ ਤਰਜ਼ੀਹ ਦੇ ਆਧਾਰ 'ਤੇ ਵਿਚਾਰਦਿਆਂ ਤਿੰਨ ਕਿਸ਼ਤਾਂ ਵਿਚ ਰਕਮ ਜਾਰੀ ਕਰਨੀ ਯਕੀਨੀ ਬਣਾਈ ਜਾਵੇ।

ਐਮ.ਪੀ.ਲੈਡ ਸਕੀਮ ਤਹਿਤ ਅਲਾਟ ਹੋਏ 140 ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਡਾ. ਚੱਬੇਵਾਲ ਨੇ ਮੁਕੰਮਲ ਹੋ ਚੁੱਕੇ ਕਾਰਜਾਂ 'ਤੇ ਤਸੱਲੀ ਪ੍ਰਗਟਾਉਂਦਿਆਂ ਚੱਲ ਰਹੇ ਕਾਰਜਾਂ ਦੀ ਰਫਤਾਰ ਵਿਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਵਿਧਾਇਕ ਬ੍ਰਮ ਸ਼ੰਕਰ ਜਿੰਪਾ ਵਲੋਂ ਊਨਾ ਰੋਡ ਦੀ ਹਾਲਤ ਵਿਚ ਸੁਧਾਰ ਲਿਆਉਣ ਬਾਰੇ ਵਿਚਾਰ ਰੱਖਣ 'ਤੇ ਡਾ. ਚੱਬੇਵਾਲ ਨੇ ਐਨ.ਐਚ.ਏ.ਆਈ., ਜੰਗਲਾਤ ਵਿਭਾਗ ਅਤੇ ਸਬੰਧਤ ਮਹਿਕਮਿਆਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਲੋਕ ਹਿੱਤ ਵਿਚ ਇਸ ਰੋਡ ਨੂੰ ਵਧੀਆ ਸੜਕ ਵਜੋਂ ਵਿਕਸਿਤ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸਬੰਧਤ ਵਿਭਾਗ ਆਪਸੀ ਤਾਲਮੇਲ ਰਾਹੀਂ ਇਸ ਲੋਕ ਪੱਖੀ ਪ੍ਰੋਜੈਕਟ ਨੂੰ ਧੁਰੇ ਚਾੜ੍ਹਨ ਲਈ ਵਧੀਆ ਤਰੀਕੇ ਨਾਲ ਕੰਮ ਕਰਨ।

ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਵਲੋਂ ਹੁਸ਼ਿਆਰਪੁਰ ਵਿਖੇ ਬਣਨ ਵਾਲੇ ਮੈਡੀਕਲ ਕਾਲਜ ਦੇ ਪ੍ਰੋਜੈਕਟ ਦੀ ਸਥਿਤੀ ਬਾਰੇ ਪੁੱਛੇ ਜਾਣ 'ਤੇ ਸਬੰਧਤ ਅਧਿਕਾਰੀਆਂ ਨੇ ਦੱਸਿਆ ਕਿ ਮੈਡੀਕਲ ਕਾਲਜ ਅਤੇ ਹਸਪਤਾਲ ਦਾ ਨਿਰਮਾਣ ਕਾਰਜ ਜਲਦ ਹੀ ਸ਼ੁਰੂ ਹੋਣ ਜਾ ਰਿਹਾ ਹੈ ਜੋ ਆਉਂਦੇ ਦੋ ਸਾਲਾਂ ਵਿਚ ਮੁਕੰਮਲ ਹੋਵੇਗਾ। ਲੋਕ ਸਭਾ ਮੈਂਬਰ ਡਾ. ਚੱਬੇਵਾਲ ਨੇ ਪ੍ਰਧਾਨ ਮੰਤਰੀ ਗਰਾਮ ਸੜਕ ਯੋਜਨਾ ਤਹਿਤ ਟਾਂਡਾ ਤੋਂ ਢੋਲਬਾਹਾ ਰੋਡ, ਸਹੋੜਾ ਕੰਢੀ ਤੋਂ ਗੜ੍ਹਦੀਵਾਲਾ-ਰਘਵਾਲ ਰੋਡ ਤੋਂ ਪੰਡੋਰੀ ਅਟਵਾਲ, ਤਲਵਾੜਾ-ਮੁਬਾਰਕਪੁਰ ਰੋਡ ਤੋਂ ਹਾਜੀਪੁਰ ਢੋਲਬਾਹਾ ਰੋਡ ਵਾਇਆ ਬਰਿੰਗਲੀ, ਬੈੜਿੰਗ, ਬਹਿ ਖੁਸ਼ਹਾਲਾ ਆਦਿ ਪ੍ਰੋਜੈਕਟਾਂ ਦੀ ਵੀ ਸਮੀਖਿਆ ਕੀਤੀ।

# ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਵੱਲੋਂ ਫਾਜ਼ਿਲਕਾ ਦੀ ਸਰਕਾਰੀ ਗਊਸਾਲਾ ਸਲੇਮਸ਼ਾਹ ਦਾ ਦੌਰਾ

**ਫਾਜ਼ਿਲਕਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਸਿੰਗਲਾ ਨੇ ਫਾਜ਼ਿਲਕਾ ਦੇ ਪਿੰਡ ਸਲੇਮਸ਼ਾਹ ਵਿੱਚ ਸਥਿਤ ਸਰਕਾਰੀ ਗਊਸ਼ਾਲਾ ਦਾ ਦੌਰਾ ਕਰਦਿਆਂ ਗਊਆਂ ਦੀ ਸਿਹਤ ਅਤੇ ਸੰਭਾਲ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਤੋਂ ਬਾਅਦ ਉਨ੍ਹਾਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਗਊਸਾਲਾ ਦੇ ਨੁਮਾਇੰਦਿਆਂ ਅਤੇ ਸਬੰਧਿਤ ਵਿਭਾਗਾਂ ਦੇ ਸੀਨੀਅਰ ਸਰਕਾਰੀ ਅਧਿਕਾਰੀਆਂ ਨਾਲ ਇਕ ਅਹਿਮ ਮੀਟਿੰਗ ਵੀ ਕੀਤੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਜਗਵਿੰਦਰਜੀਤ ਸਿੰਘ ਗਰੇਵਾਲ, ਐੱਸ.ਡੀ.ਐੱਮ ਫਾਜ਼ਿਲਕਾ ਜੁਗਰਾਜ ਸਿੰਘ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਹਰਜਿੰਦਰ ਸਿੰਘ ਵੀ ਹਾਜ਼ਰ ਸਨ।



ਗਊਸ਼ਾਲਾ ਦਾ ਦੌਰਾ ਕਰਨ ਮੌਕੇ ਚੇਅਰਮੈਨ ਅਸ਼ੋਕ ਸਿੰਗਲਾ ਨੇ ਗਊਸ਼ਾਲਾ ਵਿੱਚ ਮੌਜੂਦ ਲਗਭਗ 400 ਗਊਆਂ ਅਤੇ 400 ਬਲਦਾਂ (ਬੈਲਾਂ) ਦੀ ਦੇਖਭਾਲ ਸਬੰਧੀ ਵਿਵਸਥਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਨੇ ਗਊਸ਼ਾਲਾ ਵਿੱਚ ਪਹੁੰਚ ਕੇ ਗਊਆਂ ਨੂੰ ਕੇਲੇ ਅਤੇ ਚਾਰੇ ਦੀ ਵੰਡ ਵੀ ਕੀਤੀ ਅਤੇ ਉਨ੍ਹਾਂ ਦੀ ਸਿਹਤ ਸਬੰਧੀ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਗਊ ਸੇਵਾ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਗਊਆਂ ਦੀ ਸੰਭਾਲ ਵਿੱਚ ਕਿਸੇ ਵੀ ਤਰ੍ਹਾਂ ਦੀ ਕਮੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਇਸ ਦੌਰਾਨ ਉਨ੍ਹਾਂ ਗਊ ਕਮੇਟੀ ਦੇ ਮੈਂਬਰਾਂ ਨਾਲ ਇਕ ਵਿਸ਼ੇਸ਼ ਮੀਟਿੰਗ ਵੀ ਕੀਤੀ ਗਈ, ਜਿਸ ਵਿੱਚ ਮੈਂਬਰਾਂ ਵੱਲੋਂ ਗਊਸ਼ਾਲਾ ਦੇ ਪ੍ਰਬੰਧਾਂ ਅਤੇ ਆ ਰਹੀਆਂ ਸਮੱਸਿਆਵਾਂ ਬਾਰੇ ਚੇਅਰਮੈਨ ਨੂੰ ਜਾਣੂ ਕਰਵਾਇਆ ਗਿਆ। ਚੇਅਰਮੈਨ ਸਿੰਗਲਾ ਨੇ ਮੈਂਬਰਾਂ ਦੀਆਂ ਮੰਗਾਂ ਧਿਆਨ ਨਾਲ ਸੁਣਦਿਆਂ ਭਰੋਸਾ ਦਿਵਾਇਆ ਕਿ ਉਹ ਸਾਰੀਆਂ ਜਾਇਜ਼ ਮੰਗਾਂ ਨੂੰ ਡਿਪਟੀ ਕਮਿਸ਼ਨਰ ਦੇ ਸਾਹਮਣੇ ਰੱਖ ਕੇ ਜਲਦ ਤੋਂ ਜਲਦ ਹੱਲ ਕਰਵਾਉਣਗੇ।

ਗਊਸ਼ਾਲਾ ਦੇ ਪ੍ਰਬੰਧਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਇਹ ਗਊਸ਼ਾਲਾ ਨਵੰਬਰ 2016 ਵਿੱਚ 50 ਪਸ਼ੂਆਂ ਤੋਂ ਸ਼ੁਰੂ ਕੀਤੀ ਗਈ ਸੀ ਤੇ ਹੁਣ ਇਸ ਵਿੱਚ 800 ਪਸ਼ੂਆਂ ਦੀ ਦੇਖਭਾਲ ਕੀਤੀ ਜਾਂਦੀ ਹੈ। ਇਹ ਗਊਸ਼ਾਲਾ 15 ਏਕੜ ਜ਼ਮੀਨ ਵਿੱਚ ਮੌਜੂਦ ਹੈ, ਜਿਸ ਵਿੱਚੋਂ 8 ਏਕੜ 'ਤੇ ਸ਼ੈਡ ਬਣੇ ਹੋਏ ਹਨ।

ਇਸ ਤੋਂ ਬਾਅਦ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਗਊਸ਼ਾਲਾ ਦੇ ਵਿਕਾਸ, ਫੰਡਿੰਗ ਅਤੇ ਸੁਵਿਧਾਵਾਂ ਦੇ ਸੁਧਾਰ ਸਬੰਧੀ ਵਿਚਾਰ-ਵਟਾਂਦਰਾ ਕੀਤਾ। ਗਊਸ਼ਾਲਾਵਾਂ ਦੇ ਨੁਮਾਇੰਦਿਆਂ ਵੱਲੋਂ ਪੈਸੇ ਦੀ ਘਾਟ ਦੇ ਮੁੱਦੇ ਤੇ ਬੋਲਦਿਆਂ ਚੇਅਰਮੈਨ ਅਸ਼ੋਕ ਕੁਮਾਰ ਸਿੰਗਲਾ ਨੇ ਸਬੰਧਿਤ ਵਿਭਾਗ ਦੇ ਅਫਸਰਾਂ ਨੂੰ ਪੈਸੇ ਦੀ ਘਾਟ ਪੂਰਾ ਕਰਨ ਲਈ ਬਣਦੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਗਊ ਸੇਵਾ ਦੇ ਕੰਮ ਨੂੰ ਹੋਰ ਮਜ਼ਬੂਤ ਬਣਾਉਣ ਲਈ ਜ਼ਮੀਨੀ ਪੱਧਰ 'ਤੇ ਹੋਰ ਠੋਸ ਕਦਮ ਚੁੱਕੇ ਜਾਣ।

ਅੰਤ ਵਿੱਚ ਚੇਅਰਮੈਨ ਸਿੰਗਲਾ ਨੇ ਕਿਹਾ ਕਿ ਗਊ ਸੇਵਾ ਸਿਰਫ ਧਾਰਮਿਕ ਨਹੀਂ, ਸਗੋਂ ਸਮਾਜਿਕ ਜ਼ਿੰਮੇਵਾਰੀ ਵੀ ਹੈ ਅਤੇ ਇਸ ਵਿੱਚ ਹਰ ਵਰਗ ਦੀ ਭਾਗੀਦਾਰੀ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਭਰੋਸਾ ਦਿੱਤਾ ਕਿ ਗਊਸ਼ਾਲਾ ਦੀਆਂ ਸਾਰੀਆਂ ਜ਼ਰੂਰਤਾਂ ਨੂੰ ਪਹਿਲ ਦੇ ਅਧਾਰ 'ਤੇ ਪੂਰਾ ਕੀਤਾ ਜਾਵੇਗਾ ਤਾਂ ਜੋ ਗਊਆਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ।

ਇਸ ਮੌਕੇ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ. ਮਨਦੀਪ ਸਿੰਘ, ਖੇਤੀਬਾੜੀ ਅਫਸਰ ਮਮਤਾ ਰਾਣੀ, ਕਾਰਜ ਸਾਧਕ ਅਫਸਰ ਨਗਰ ਕੌਂਸਲ ਵਿਕਰਮ ਧੂੜੀਆ, ਬਲਾਕ ਵਿਕਾਸ ਤੇ ਪੰਚਾਇਤ ਅਫਸਰ ਲਾਲ ਸਿੰਘ, ਇੰਚਾਰਜ ਜ਼ਿਲ੍ਹਾ ਐਮੀਨਲ ਵੈਲਫੇਅਰ ਸੁਸਾਇਟੀ ਸੋਨੂੰ ਵਰਮਾ, ਰਾਕੇਸ ਕੁਮਾਰ ਕੰਬੋਜ, ਸਮਾਜ ਸੇਵੀ ਸੁਨੀਲ ਸੈਨ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਵਿਧਾਇਕ ਛੀਨਾ ਵੱਲੋਂ ਵਾਰਡ ਨੰਬਰ 43 'ਚ ਵਿਕਾਸ ਕਾਰਜ਼ਾਂ ਦਾ ਉਦਘਾਟਨ




**ਲੁਧਿਆਣਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਨ ਸਭਾ ਹਲਕਾ ਦੱਖਣੀ ਤੋਂ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਵੱਲੋਂ ਵਾਰਡ ਨੰਬਰ 43, ਨੇੜੇ ਅਪੋਲੋ ਹਸਪਤਾਲ ਵਿਖੇ ਆਰ.ਐਮ.ਸੀ. ਗਲੀਆਂ ਬਣਾਉਣ ਦੇ ਮਹੱਤਵਪੂਰਨ ਵਿਕਾਸ ਕਾਰਜ਼ਾਂ ਦਾ ਉਦਘਾਟਨ ਕੀਤਾ ਗਿਆ।

ਵਿਧਾਇਕ ਛੀਨਾ ਨੇ ਕਿਹਾ ਕਿ ਇਸ ਪ੍ਰੋਜੈਕਟ ਤਹਿਤ ਕਰੀਬ 97.84 ਲੱਖ ਰੁਪਏ ਖਰਚ ਕੀਤੇ ਜਾਣਗੇ।

ਵਿਧਾਇਕ ਛੀਨਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਲੋਕਾਂ ਨੂੰ ਸਿਰਫ਼ ਅਧੂਰੇ ਕੰਮ, ਟੁੱਟੀਆਂ ਸੜਕਾਂ ਅਤੇ ਖਾਲੀ ਵਾਅਦੇ ਹੀ ਮਿਲੇ ਸਨ ਪਰ ਮੌਜੂਦਾ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਰਾਜਨੀਤੀ ਨਹੀਂ, ਸੇਵਾ ਦੀ ਭਾਵਨਾ ਨਾਲ ਕੰਮ ਕਰ ਰਹੀ ਹੈ, ਜਿਸ ਕਾਰਨ ਅੱਜ ਵਿਕਾਸ ਸਿਰਫ਼ ਕਾਗਜ਼ਾਂ ਵਿੱਚ ਨਹੀਂ ਸਗੋਂ ਸਿੱਧਾ ਜ਼ਮੀਨੀ ਪੱਧਰ 'ਤੇ ਨਜਰ ਆ ਰਿਹਾ ਹੈ। ਵਿਧਾਇਕ ਛੀਨਾ ਨੇ ਅੱਗੇ ਕਿਹਾ ਕਿ ਇਲਾਕੇ ਦੇ ਹਰ ਮੁਹੱਲੇ ਤੱਕ ਬੁਨਿਆਦੀ ਸਹੂਲਤਾਂ ਪਹੁੰਚਾਉਣਾ ਸਰਕਾਰ ਦੀ ਪਹਿਲ ਹੈ ਅਤੇ ਇਹ ਵਿਕਾਸ ਯਾਤਰਾ ਆਉਣ ਵਾਲੇ ਸਮੇਂ ਵਿੱਚ ਵੀ ਲਗਾਤਾਰ ਜਾਰੀ ਰਹੇਗੀ।

ਇਸ ਮੌਕੇ ਇਲਾਕਾ ਨਿਵਾਸੀਆਂ ਵੱਲੋਂ ਖੁਸ਼ੀ ਜਤਾਉਂਦੇ ਹੋਏ ਕਿਹਾ ਗਿਆ ਕਿ ਲੰਮੇ ਸਮੇਂ ਬਾਅਦ ਇਲਾਕੇ ਵਿੱਚ ਅਸਲ ਵਿਕਾਸ ਦੇ ਕੰਮ ਸ਼ੁਰੂ ਹੋਏ ਹਨ। ਉਨ੍ਹਾਂ ਦੱਸਿਆ ਕਿ ਪਹਿਲਾਂ ਟੁੱਟੀਆਂ ਗਲੀਆਂ ਅਤੇ ਮੁਸ਼ਕਿਲਾਂ ਭਰੇ ਰਸਤਿਆਂ ਕਾਰਨ ਰੋਜ਼ਾਨਾ ਜ਼ਿੰਦਗੀ ਬਹੁਤ ਔਖੀ ਸੀ, ਪਰ ਹੁਣ ਇਹ ਪ੍ਰੋਜੈਕਟ ਉਨ੍ਹਾਂ ਲਈ ਵੱਡੀ ਰਾਹਤ ਲੈ ਕੇ ਆਵੇਗਾ। \ ਇਲਾਕਾ ਨਿਵਾਸੀਆਂ ਨੇ ਵਿਧਾਇਕ ਛੀਨਾ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਹੁਣ ਉਹਨਾਂ ਨੂੰ ਸੱਚਮੁੱਚ ਬਦਲਾਅ ਮਹਿਸੂਸ ਹੋ ਰਿਹਾ ਹੈ ਅਤੇ ਭਵਿੱਖ ਲਈ ਵੀ ਉਮੀਦਾਂ ਹੋਰ ਮਜ਼ਬੂਤ ਹੋਈਆਂ ਹਨ।

## ਕਣਕ ਦੇ ਨਾੜ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਜਲੰਧਰ ਪ੍ਰਸ਼ਾਸਨ ਚੌਕਸ

# ਡਿਪਟੀ ਕਮਿਸ਼ਨਰ ਨੇ ਕੀਤੀ ਉਚ ਪੱਧਰੀ ਮੀਟਿੰਗ, ਸਬ ਡਵੀਜ਼ਨ ਪੱਧਰ 'ਤੇ ਟਾਸਕ ਫੋਰਸ ਗਠਿਤ ਕਰਨ ਦੇ ਨਿਰਦੇਸ਼



**ਜਲੰਧਰ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹੇ ਵਿੱਚ ਕਣਕ ਦੇ ਨਾੜ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਠੱਲ੍ਹ ਪਾਉਣ ਲਈ ਜਲੰਧਰ ਪ੍ਰਸ਼ਾਸਨ ਪੱਬਾਂ ਭਾਰ ਹੋ ਗਿਆ ਹੈ।

ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਇਸ ਸਬੰਧੀ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇਕ ਅਹਿਮ ਮੀਟਿੰਗ ਦੌਰਾਨ ਅਧਿਕਾਰੀਆਂ ਨੂੰ ਸਬ ਡਵੀਜ਼ਨ ਪੱਧਰ 'ਤੇ ਟਾਸਕ ਫੋਰਸ ਗਠਿਤ ਕਰਨ ਦੇ ਨਿਰਦੇਸ਼ ਦਿੱਤੇ।

ਡਿਪਟੀ ਕਮਿਸ਼ਨਰ ਨੇ ਕਣਕ ਦੇ ਚੱਲ ਰਹੇ ਸੀਜ਼ਨ ਦੌਰਾਨ ਨਾੜ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਚੁੱਕੇ ਜਾ ਰਹੇ ਕਦਮਾਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਅਜਿਹੀਆਂ ਘਟਨਾਵਾਂ ਦੀ ਰੋਕਥਾਮ ਲਈ ਪੂਰੀ ਚੌਕਸੀ ਵਰਤੀ ਜਾਵੇ। ਉਨ੍ਹਾਂ ਕਿਹਾ ਕਿ ਇਸ ਸਮੱਸਿਆ ਨਾਲ ਪ੍ਰਭਾਵੀ ਢੰਗ ਨਾਲ ਨਜਿੱਠਣ ਲਈ ਜਾਗਰੂਕਤਾ ਤੋਂ ਲੈ ਕੇ ਕਾਰਵਾਈ ਤੱਕ ਬਹੁ-ਪੱਖੀ ਰਣਨੀਤੀ ਅਪਣਾਈ ਜਾਵੇ, ਤਾਂ ਜੋ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਹੋਰ ਅਸਰਦਾਰ ਢੰਗ ਨਾਲ ਰੋਕਿਆ ਜਾ ਸਕੇ।

ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਆ ਪੀ. ਵੀ ਮੌਜੂਦ ਸਨ।

ਸ੍ਰੀ ਵਾਲੀਆ ਨੇ ਐਸ.ਡੀ.ਐਮਜ਼ ਨੂੰ ਸਬ-ਡਵੀਜ਼ਨ ਪੱਧਰ 'ਤੇ ਟਾਸਕ ਫੋਰਸ ਗਠਿਤ ਕਰਨ ਦੀ ਹਦਾਇਤ ਕੀਤੀ, ਜੋ ਕਿ ਕਣਕ ਦੇ ਨਾੜ ਨੂੰ ਸਾੜਨ ਦੇ ਰੁਝਾਨ ਨੂੰ ਰੋਕਣ ਲਈ ਜ਼ਮੀਨੀ ਪੱਧਰ 'ਤੇ ਸਾਰੇ ਜ਼ਰੂਰੀ ਕਦਮ ਚੁੱਕੇਗੀ। ਉਨ੍ਹਾਂ ਦੱਸਿਆ ਕਿ ਅਜਿਹੀਆਂ ਘਟਨਾਵਾਂ ਦੀ ਰੋਕਥਾਮ ਲਈ ਨੋਡਲ ਅਤੇ ਕਲਸਟਰ ਅਧਿਕਾਰੀ ਨਿਯੁਕਤ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਹ ਅਧਿਕਾਰੀ ਘਟਨਾ ਦੀ ਮੌਕੇ 'ਤੇ ਜਾ ਕੇ 24 ਘੰਟੇ ਦੇ ਅੰਦਰ ਪੜਤਾਲ ਅਤੇ ਰਿਪੋਰਟ ਕਰਨੀ ਯਕੀਨੀ ਬਣਾਉਣਗੇ, ਤਾਂ ਜੋ ਅਜਿਹੀਆਂ ਘਟਨਾਵਾਂ 'ਤੇ ਨੇੜਿਓਂ ਨਜ਼ਰ ਰੱਖੀ ਜਾ ਸਕੇ। ਉਨ੍ਹਾਂ ਕਿਹਾ ਕਿ ਉਲੰਘਣਾ ਪਾਈ ਜਾਣ 'ਤੇ ਨਿਯਮਾਂ ਮੁਤਾਬਕ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਇਸ ਸਬੰਧੀ ਖੇਤੀਬਾੜੀ ਵਿਭਾਗ ਵੱਲੋਂ ਕਰਵਾਈਆਂ ਜਾ ਰਹੀਆਂ ਜਾਗਰੂਕਤਾ ਗਤੀਵਿਧੀਆਂ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਕਿਸਾਨਾਂ ਨੂੰ ਖੇਤਾਂ ਵਿੱਚ ਅੱਗ ਲਾਉਣ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਦੇ ਨਾਲ-ਨਾਲ ਫ਼ਸਲ ਦੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਲਈ ਸਰਕਾਰ ਵੱਲੋਂ ਸਬਸਿਡੀ 'ਤੇ ਮੁਹੱਈਆ ਕਰਵਾਈ ਜਾ ਰਹੀ ਖੇਤੀ ਮਸ਼ੀਨਰੀ ਬਾਰੇ ਵੀ ਜਾਣੂ ਕਰਵਾਇਆ ਜਾਵੇ।

ਉਨ੍ਹਾਂ ਐਸ.ਡੀ.ਐਮਜ਼ ਨੂੰ ਹਦਾਇਤ ਕੀਤੀ ਕਿ ਨਾੜ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਪੱਖੋਂ ਸੰਵੇਦਨਸ਼ੀਲ ਪਿੰਡਾਂ ਦੇ ਦੌਰੇ ਕੀਤੇ ਜਾਣ ਅਤੇ ਕਿਸਾਨਾਂ ਤੇ ਮੋਹਤਬਰਾਂ ਨਾਲ ਰਾਬਤਾ ਕਰਦਿਆਂ ਨਾੜ ਨੂੰ ਅੱਗ ਲਾਉਣ ਨਾਲ ਵਾਤਾਵਰਣ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾਵੇ। ਉਨ੍ਹਾਂ ਅਜਿਹੇ ਮਾਮਲਿਆਂ ਨੂੰ ਠੱਲ੍ਹ ਪਾਉਣ ਲਈ ਰੋਕਥਾਮ ਉਪਾਵਾਂ ਨੂੰ ਪੂਰੇ ਤਾਲਮੇਲ ਨਾਲ ਲਾਗੂ ਕਰਨ ਲਈ ਵੀ ਕਿਹਾ।

ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਅੱਗ ਲਾਉਣ ਤੋਂ ਗੁਰੇਜ਼ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਅੱਗ ਤੋਂ ਪੈਦਾ ਹੋਣ ਵਾਲਾ ਧੂੰਆਂ ਲੋਕਾਂ ਲਈ ਸਮੱਸਿਆਵਾਂ ਪੈਦਾ ਕਰ ਸਕਦਾ ਹੈ। ਉਨ੍ਹਾਂ ਕਿਹਾ ਨਾੜ ਨੂੰ ਅੱਗ ਲਗਾਉਣ ਨਾਲ ਹਾਦਸੇ ਵੀ ਵਾਪਰ ਜਾਂਦੇ ਹਨ, ਜਿਸ ਨਾਲ ਮਨੁੱਖੀ ਜਾਨਾਂ ਖਤਰੇ ਵਿੱਚ ਪੈ ਜਾਂਦੀਆਂ ਹਨ। ਇਸ ਤੋਂ ਇਲਾਵਾ ਜ਼ਮੀਨ ਵਿਚਲੇ ਮਿੱਤਰ ਕੀੜੇ ਮਰ ਜਾਂਦੇ ਹਨ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਘਟਦੀ ਹੈ।

ਮੀਟਿੰਗ ਵਿੱਚ ਐਸ.ਡੀ.ਐਮ. ਸ਼ਾਇਰੀ ਮਲਹੋਤਰਾ ਅਤੇ ਨਵਦੀਪ ਸਿੰਘ, ਜ਼ਿਲ੍ਹਾ ਮਾਲ ਅਫ਼ਸਰ ਨਵਦੀਪ ਸਿੰਘ, ਮੁੱਖ ਖੇਤੀਬਾੜੀ ਅਫ਼ਸਰ ਜਸਵਿੰਦਰ ਸਿੰਘ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਸ੍ਰੀ ਅਨੰਦਪੁਰ ਸਾਹਿਬ ਪ੍ਰੀਮੀਅਰ ਲੀਗ ਨੂੰ ਨੌਜਵਾਨਾਂ ਵੱਲੋਂ ਭਰਪੂਰ ਸਮਰਥਨ: ਹਰਜੋਤ ਬੈਂਸ

**ਸ੍ਰੀ ਆਨੰਦਪੁਰ ਸਾਹਿਬ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਨੇ ਸ੍ਰੀ ਅਨੰਦਪੁਰ ਸਾਹਿਬ ਪ੍ਰੀਮੀਅਰ ਲੀਗ ਲਈ ਮਿਲੇ ਬੇਮਿਸਾਲ ਸਮਰਥਨ 'ਤੇ ਖੁਸ਼ੀ ਪ੍ਰਗਟ ਕਰਦਿਆਂ ਇਲਾਕੇ ਦੇ ਨੌਜਵਾਨਾਂ ਅਤੇ ਸਾਰੇ ਖਿਡਾਰੀਆਂ ਤੇ ਖੇਡ ਪ੍ਰੇਮੀਆਂ ਦਾ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਲੀਗ ਨੌਜਵਾਨਾਂ ਦੀ ਉਨ੍ਹਾਂ ਦੀ ਖੇਡਾਂ ਪ੍ਰਤੀ ਲਗਨ ਦਾ ਪ੍ਰਤੀਕ ਬਣ ਚੁੱਕੀ ਹੈ, ਜਿਸ ਨੂੰ ਉਮੀਦ ਤੋਂ ਕਈ ਗੁਣਾ ਵੱਧ ਸਹਿਯੋਗ ਮਿਲਿਆ ਹੈ। ਉਨ੍ਹਾਂ ਦੱਸਿਆ ਕਿ ਇਹ ਮੁਕਾਬਲੇ 27 ਅਪ੍ਰੈਲ ਨੂੰ ਪ੍ਰਮੁੱਖ ਖੇਡ ਹਸਤੀਆਂ ਦੀ ਹਾਜ਼ਰੀ ਵਿੱਚ ਸ਼ੁਰੂ ਹੋਣਗੇ ਅਤੇ 3 ਮਈ ਨੂੰ ਫਾਈਨਲ ਮੁਕਾਬਲਿਆਂ ਨਾਲ ਸੰਪੰਨ ਹੋਣਗੇ।

ਸ.ਬੈਂਸ ਨੇ ਦੱਸਿਆ ਕਿ ਸਿਰਫ ਕੁਝ ਹੀ ਦਿਨਾਂ ਵਿੱਚ 160 ਤੋਂ ਵੱਧ ਟੀਮਾਂ ਨੇ ਰਜਿਸਟ੍ਰੇਸ਼ਨ ਕਰਵਾਈ ਹੈ, ਜੋ ਕਿ ਆਪਣੇ ਆਪ ਵਿੱਚ ਇੱਕ ਰਿਕਾਰਡ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਨੌਜਵਾਨਾਂ ਵੱਲੋਂ ਟੀਮਾਂ ਦੀ ਤਿਆਰੀ, ਪ੍ਰੈਕਟਿਸ ਅਤੇ ਆਪਣੇ ਟੀਮਾਂ ਦੇ ਨਾਂ ਰੱਖਣ ਦੀ ਲਹਿਰ



ਦੇਖਣਯੋਗ ਹੈ। ਹਰ ਪਿੰਡ ਵਿੱਚ ਖੇਡਾਂ ਦਾ ਮਾਹੌਲ ਬਣ ਰਿਹਾ ਹੈ ਅਤੇ ਬੱਚੇ ਬੜੇ ਜੋਸ਼ ਨਾਲ ਇਸ ਲੀਗ ਲਈ ਤਿਆਰੀ ਕਰ ਰਹੇ ਹਨ।

ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਪ੍ਰੀਮੀਅਰ ਲੀਗ ਦਾ ਮਕਸਦ ਸਿਰਫ ਮੁਕਾਬਲੇ ਕਰਵਾਉਣਾ ਨਹੀਂ, ਸਗੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਸਿਹਤਮੰਦ ਜੀਵਨ ਵੱਲ ਪ੍ਰੇਰਿਤ ਕਰਨਾ ਹੈ। ਸ.ਬੈਂਸ ਨੇ ਦੱਸਿਆ ਕਿ ਹਰ ਟੀਮ ਨੂੰ ਆਪਣੇ ਪਿੰਡ ਦੇ ਨਾਮ ਵਾਲੀ ਖਾਸ ਜਰਸੀ ਦਿੱਤੀ ਜਾਵੇਗੀ, ਜਿਸ ਨਾਲ ਖਿਡਾਰੀਆਂ ਵਿੱਚ ਮਾਣ ਅਤੇ ਪਛਾਣ ਦਾ ਅਹਿਸਾਸ ਵਧੇਗਾ।

ਇਸ ਤੋਂ ਇਲਾਵਾ, ਹਰ ਟੀਮ ਨੂੰ ਖੇਡਾਂ ਲਈ ਪੂਰੀ ਕਿੱਟ ਮੁਹੱਈਆ ਕਰਵਾਈ ਜਾਵੇਗੀ, ਜਿਸ ਵਿੱਚ ਬੈਟ, ਕ੍ਰਿਕਟ ਕਿੱਟ ਬੈਗ, ਵਿਕਟਾਂ ਅਤੇ ਗੇਂਦਾਂ ਸ਼ਾਮਲ ਹਨ, ਤਾਂ ਜੋ ਖਿਡਾਰੀ ਅਗਲੇ ਸਮੇਂ ਵਿੱਚ ਵੀ ਖੇਡਾਂ ਨਾਲ ਜੁੜੇ ਰਹਿਣ। ਹਰ ਭਾਗ ਲੈਣ ਵਾਲੇ ਖਿਡਾਰੀ ਨੂੰ ਪੰਜਾਬ ਯੂਥ ਡਿਵੈਲਪਮੈਂਟ ਬੋਰਡ ਵੱਲੋਂ ਸਰਟੀਫਿਕੇਟ ਵੀ ਦਿੱਤਾ ਜਾਵੇਗਾ, ਜੋ ਉਨ੍ਹਾਂ ਨੂੰ ਨਸ਼ਾ ਵਿਰੋਧੀ ਮੁਹਿੰਮ ਨਾਲ ਜੋੜੇਗਾ। ਸ.ਬੈਂਸ ਨੇ ਕਿਹਾ ਕਿ ਜਲਦ ਹੀ ਟੂਰਨਾਮੈਂਟ ਦੇ ਮੈਚਾਂ ਦਾ ਪੂਰਾ ਸ਼ਡਿਊਲ ਅਤੇ ਜੋਨ ਵਾਰ ਜਾਣਕਾਰੀ ਜਾਰੀ ਕੀਤੀ ਜਾਵੇਗੀ। ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਲੀਗ ਨਾਲ ਜੁੜੇ ਰਹਿਣ ਅਤੇ ਖੇਡਾਂ ਰਾਹੀਂ ਆਪਣੇ ਇਲਾਕੇ ਦਾ ਨਾਮ ਰੌਸ਼ਨ ਕਰਨ।

# ਪੰਜਾਬ ਸਕੇਲ, ਪੈਨਸ਼ਨ ਤੇ ਭੱਤੇ ਬਹਾਲੀ ਮੋਰਚੇ ਦੀ ਕਨਵੈਨਸ਼ਨ




**ਪਟਿਆਲਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

'ਪੁਰਾਣੇ ਸਕੇਲ, ਪੈਨਸ਼ਨ ਅਤੇ ਭੱਤੇ ਬਹਾਲੀ ਮੋਰਚਾ' ਵੱਲੋਂ ਆਪਣੀਆਂ ਮੰਗਾਂ ਮੰਨਵਾਉਣ ਲਈ ਇੱਥੇ ਤਰਕਸ਼ੀਲ ਹਾਲ ਵਿੱਚ ਕਨਵੈਨਸ਼ਨ ਕੀਤੀ ਗਈ। ਇਸ ਦੌਰਾਨ 17 ਮਈ ਨੂੰ ਮੁਹਾਲੀ ਵਿੱਚ ਸੂਬਾਈ ਰੈਲੀ ਕਰ ਕੇ ਮੁੱਖ ਮੰਤਰੀ ਦੀ ਚੰਡੀਗੜ੍ਹ ਸਥਿਤ ਰਿਹਾਇਸ਼ ਵੱਲ ਰੋਸ ਮਾਰਚ ਕਰਨ ਸਬੰਧੀ ਜ਼ਿਲ੍ਹੇ ਵਿੱਚ ਤਿਆਰੀ ਮੁਹਿੰਮ ਚਲਾਉਣ ਦਾ ਫ਼ੈਸਲਾ ਕੀਤਾ ਗਿਆ। ਇਸ ਕਨਵੈਨਸ਼ਨ ਉਪਰੰਤ ਨਜ਼ਦੀਕ ਹੀ ਸਥਿਤ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਰਿਹਾਇਸ਼ ਵੱਲ ਰੋਸ ਮਾਰਚ ਵੀ ਕੀਤਾ ਗਿਆ ਪਰ ਪੁਲੀਸ ਨੇ ਇਸ ਕਾਫਲੇ ਨੂੰ ਕੋਠੀ ਤੋਂ ਪਹਿਲਾਂ ਹੀ ਰੋਕ ਲਿਆ।

ਇਸ ਮੌਕੇ ਡੀ ਟੀ ਐੱਫ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਕਨਵੀਨਰ ਅਤਿੰਦਰਪਾਲ ਸਿੰਘ, ਜ਼ਿਲ੍ਹਾ ਪ੍ਰਧਾਨ ਹਰਵਿੰਦਰ ਰੱਖੜਾ, ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਦੇ ਆਗੂ ਗੁਰਪ੍ਰੀਤ, 6635 ਈ ਟੀ ਟੀ ਯੂਨੀਅਨ ਤੋਂ ਰਾਜਵਿੰਦਰ ਸਿੰਘ, ਐੱਸ ਐੱਸ ਏ ਨਾਨ ਟੀਚਿੰਗ ਦਫ਼ਤਰੀ ਮੁਲਾਜ਼ਮ ਯੂਨੀਅਨ ਦੇ ਆਗੂ ਚਮਕੌਰ ਸਿੰਘ ਆਦਿ ਨੇ ਸੰਬੋਧਨ ਕੀਤਾ। ਉਨ੍ਹਾਂ ਨਵੇਂ ਕੇਂਦਰੀ ਸਕੇਲਾਂ ਆਧਾਰਤ 17 ਜੁਲਾਈ 2020 ਦਾ ਨੋਟੀਫਿਕੇਸ਼ਨ ਰੱਦ ਕਰਵਾ ਕੇ ਛੇਵੇਂ ਪੰਜਾਬ ਤਨਖਾਹ ਕਮਿਸ਼ਨ +15 ਫੀਸਦੀ ਵਾਧੇ ਅਨੁਸਾਰ ਤਨਖਾਹਾਂ ਫਿਕਸ ਕਰਵਾਉਣ, ਪੁਰਾਣੀ ਪੈਨਸ਼ਨ ਬਹਾਲ ਕਰਵਾਉਣ ਅਤੇ ਮੁਲਾਜ਼ਮਾਂ ਦੇ ਕੱਟੇ ਹੋਏ 37 ਕਿਸਮ ਦੇ ਭੱਤੇ ਸਮੇਤ ਹੋਰ ਮੰਗਾਂ ਦੀ ਪੂਰਤੀ 'ਤੇ ਵੀ ਜ਼ੋਰ ਦਿੱਤਾ।

ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਦੇ ਜ਼ਿਲ੍ਹਾ ਕਨਵੀਨਰ ਸਤਪਾਲ ਸਮਾਣਵੀ ਨੇ ਦੱਸਿਆ ਕਿ ਬਾਕੀ ਮੰਗਾਂ 'ਚ ਪੇਂਡੂ ਇਲਾਕਾ ਤੇ ਬਾਰਡਰ ਏਰੀਆ ਭੱਤ ਸਮੇਤ ਏ ਸੀ ਪੀ ਦਾ ਲਾਭ ਅਤੇ ਪੈਂਡਿੰਗ 18 ਫੀਸਦੀ ਮਹਿੰਗਾਈ ਭੱਤਾ ਲਾਗੂ ਕਰਵਾਉਣਾ ਵੀ ਸ਼ਾਮਲ ਹੈ। ਇਸ ਤੋਂ ਇਲਾਵਾ ਜ਼ਿਲ੍ਹਾ ਆਗੂਆਂ ਰਾਜਿੰਦਰ ਸਮਾਣਾ, ਨਵਦੀਪ ਸਿੰਘ ਅਤੇ ਗੁਰਧਿਆਨ ਸਿੰਘ ਨੇ ਕਿਹਾ ਕਿ ਉਪਰੋਕਤ ਮੰਗਾਂ ਲਈ 15 ਫਰਵਰੀ ਨੂੰ ਸੰਗਰੂਰ ਰੈਲੀ ਤੇ 5 ਮਾਰਚ ਨੂੰ ਸੰਯੁਕਤ ਸਕੱਤਰ ਟੂ ਸੀ ਐੱਮ ਨਾਲ਼ ਕੀਤੀ ਗਈ ਮੁਲਾਕਾਤ ਵਿੱਚ ਮੰਗਾਂ ਮੰਨਣ ਦੇ ਭਰੋਸੇ ਦੇ ਬਾਵਜੂਦ ਪਰਨਾਲਾ ਉਥੇ ਦਾ ਉਥੇ ਹੀ ਹੈ। ਗਗਨ ਰਾਣੂ, ਭੁਪਿੰਦਰ ਮਰਦਾਂਹੇੜੀ, ਗੁਰਵਿੰਦਰ ਖੱਟੜਾ, ਗੁਰਜੀਤ ਘੱਗਾ, ਹਰਿੰਦਰ ਪਟਿਆਲਾ ਨੇ ਕਿਹਾ ਕਿ ਸਰਕਾਰ ਦੇ ਇਸ ਰਵਈਏ ਕਾਰਨ ਅਧਿਆਪਕ ਤੇ ਮੁਲਾਜ਼ਮ ਸੜਕਾਂ 'ਤੇ ਉਤਰਨ ਲਈ ਮਜਬੂਰ ਹਨ। ਇਸ ਮੌਕੇ ਹਰਵਿੰਦਰ ਬੇਲੂਮਾਜਰਾ, ਸੰਦੀਪ ਚੌਧਰੀ, ਗੁਰਪ੍ਰੀਤ ਨਾਭਾ, ਰਮਨਪ੍ਰੀਤ ਕੌਰ, ਜਸਬੀਰ ਕੌਰ, ਕ੍ਰਿਸ਼ਨ ਚੁਹਾਣਕੇ, ਜਗਜੀਤ ਸਿੰਘ, ਬਲਜਿੰਦਰ ਘੱਗਾ ਉਪਿੰਦਰ ਸਿੰਘ, ਚਮਕੌਰ ਸਿੰਘ ਤੇ ਮੋਹਿਤ ਬਜਾਜ ਆਦਿ ਹਾਜ਼ਰ ਸਨ।

# ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਨੇ ਕੌਮੀ ਮਾਨਤਾ ਮੰਗੀ

**ਪਟਿਆਲਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਦੇ 11 ਮੈਂਬਰੀ ਵਫ਼ਦ ਵੱਲੋਂ ਭਾਜਪਾ ਆਗੂ ਅਤੇ ਸਾਬਕਾ ਕੇਂਦਰੀ ਮੰਤਰੀ ਪ੍ਰਨੀਤ ਕੌਰ ਨਾਲ ਉਨ੍ਹਾਂ ਦੀ ਸਥਾਨਕ ਰਿਹਾਇਸ਼ ਨਿਊ ਮੋਤੀ ਬਾਗ ਪੈਲੇਸ ਵਿੱਚ ਮੁਲਾਕਾਤ ਕੀਤੀ ਗਈ। ਇਸ ਦੌਰਾਨ ਮੰਗ ਕੀਤੀ ਗਈ ਕਿ ਕੇਂਦਰ ਸਰਕਾਰ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਕੌਮੀ ਪੱਧਰ 'ਤੇ ਮਾਨਤਾ ਦਿੱਤੀ ਜਾਵੇ। ਇਸ ਤੋਂ ਇਲਾਵਾ ਕੇਂਦਰ ਸਰਕਾਰ ਨਾਲ ਸਬੰਧਤ ਮੰਗਾਂ ਅਤੇ ਮਸਲਿਆਂ ਬਾਰੇ ਜਾਣੂ ਕਰਵਾਇਆ ਗਿਆ ਹੈ। ਇਸ ਦੌਰਾਨ ਪ੍ਰਨੀਤ ਕੌਰ ਨੇ ਵੀ ਇਹ ਮੰਗਾਂ ਕੇਂਦਰ ਸਰਕਾਰ ਕੋਲ ਚੁੱਕਣ ਦਾ ਭਰੋਸਾ ਦਿੱਤਾ।



ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਅਮਰਪ੍ਰੀਤ ਸਿੰਘ ਬੌਬੀ ਦੀ ਅਗਵਾਈ ਹੇਠਲੇ ਇਸ ਵਫ਼ਦ ਵਿੱਚ ਸੂਬਾ ਕਨਵੀਨਰ ਪ੍ਰਕਾਸ਼ ਸਿੰਘ ਧਾਲੀਵਾਲ, ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ, ਦਫਤਰ ਸਕੱਤਰ ਕਮਲਦੀਪ ਗਿੱਲ ਸਮੇਤ ਪ੍ਰੀਤਮ ਮਾਨ, ਗੁਰਇਕਬਾਲ ਸੰਧੂ, ਇੰਦਰਪਾਲ ਵਿਰਕ, ਰਾਜਿੰਦਰ ਵਡੇਰਾ, ਬਲਵਿੰਦਰ ਸਿੰਘ, ਪ੍ਰਵੀਨ ਕੁਮਾਰੀ ਅਤੇ ਸੁਖਵਿੰਦਰ ਕੌਰ ਆਦਿ ਸ਼ਾਮਲ ਸਨ। ਵਫਦ ਨੇ ਮੰਗ ਪੱਤਰ 'ਚ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਨੂੰ ਰਾਸ਼ਟਰੀ ਪਰਿਵਾਰਾਂ ਦਾ ਦਰਜਾ ਦੇਣ ਦੀ ਮੰਗ ਕੀਤੀ ਤਾਂ ਜੋ ਆਜ਼ਾਦੀ ਘੁਲਾਟੀਆਂ ਦੀ ਯਾਦ ਨੂੰ ਪੀੜ੍ਹੀ ਦਰ ਪੀੜ੍ਹੀ ਬਰਕਰਾਰ ਰੱਖਿਆ ਜਾ ਸਕੇ। ਵਫਦ ਨੇ ਆਜ਼ਾਦੀ ਘੁਲਾਟੀਆਂ ਦੇ ਵਾਰਸਾਂ ਦੀ ਤੀਜੀ ਪੀੜ੍ਹੀ ਦੇ ਮੈਂਬਰਾਂ ਨੂੰ ਕਾਨੂੰਨੀ ਮਾਨਤਾ ਹਿੱਤ ਕੇਂਦਰ ਸਰਕਾਰ ਨਾਲ ਸਬੰਧਤ ਉਨ੍ਹਾਂ ਦੀਆਂ ਸਨਮਾਨ ਸਹੂਲਤਾਂ ਯਕੀਨੀ ਬਣਾਉਣ 'ਤੇ ਵੀ ਜ਼ੋਰ ਦਿੰਦਿਆਂ ਹੋਰ ਹੱਕੀ ਮੰਗਾਂ ਦਾ ਵੀ ਜ਼ਿਕਰ ਕੀਤਾ। ਜਨਰਲ ਸਕੱਤਰ ਸੋਨੀ ਧਾਲੀਵਾਲ ਨੇ ਦੱਸਿਆ ਕਿ ਬਾਕੀ ਮੰਗਾਂ 'ਚ ਫਰੀਡਮ ਫਾਈਟਰ ਦੀ ਤਰਜ਼ 'ਤੇ ਉਨ੍ਹਾਂ ਦੇ ਵਾਰਸਾਂ ਨੂੰ ਵੀ ਰੇਲਵੇ ਵਿੱਚ ਸਫ਼ਰ ਦੀ ਸਹੂਲਤ ਦੇਣ ਅਤੇ ਟੋਲ ਪਲਾਜ਼ਿਆਂ 'ਤੇ ਪਰਚੀ ਮੁਕਤ ਲਾਂਘੇ ਦੀ ਸੁਵਿਧਾ ਯਕੀਨੀ ਬਣਾਉਣ ਦੀ ਵੀ ਮੰਗ ਕੀਤੀ ਗਈ।

ਕਨਵੀਨਰ ਪ੍ਰਕਾਸ਼ ਧਾਲੀਵਾਲ ਨੇ ਮੰਗ ਵਫਦ ਵੱਲੋਂ ਮੰਗ ਰੱਖੀ ਕਿ ਲੋਕ ਸਭਾ, ਰਾਜ ਸਭਾ, ਵਿਧਾਨ ਸਭਾ, ਸਥਾਨਕ ਸਰਕਾਰਾਂ, ਪੰਚਾਇਤ ਵਿਭਾਗ ਅਤੇ ਸਹਿਕਾਰਤਾ ਵਿਭਾਗ ਦੀਆਂ ਚੋਣਾ 'ਚ ਇਨ੍ਹਾਂ ਪਰਿਵਾਰਾਂ ਲਈ ਵਿਸ਼ੇਸ਼ ਕੋਟੇ ਦੀ ਵਿਵਸਥਾ ਵੀ ਕੀਤੀ ਜਾਵੇ ਜਿਸ 'ਤੇ ਸਾਬਕਾ ਕੇਂਦਰੀ ਮੰਤਰੀ ਪ੍ਰਨੀਤ ਕੌਰ ਨੇ ਉਨ੍ਹਾਂ ਦੀਆਂ ਇਹ ਸਮੂਹ ਮੰਗਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਧਿਆਨ 'ਚ ਲਿਆਉਣ ਦਾ ਭਰੋਸਾ ਦਿੱਤਾ।

# ਦੇਵ ਮਾਨ ਨੇ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ 22ਵੀਂ ਬੱਸ ਨੂੰ ਨਾਭਾ ਤੋਂ ਕੀਤਾ ਰਵਾਨਾ



**ਨਾਭਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਵਿਧਾਨ ਸਭਾ ਨਾਭਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਅੱਜ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਨਾਭਾ ਤੋਂ ਵਾਰਡ ਨੰਬਰ 5 ਦੇ ਮੁੱਖ ਸੇਵਾਦਾਰ ਗੁਰਵਿੰਦਰ ਸਿੰਘ ਮਨੀ ਗਰੁਮ ਅਤੇ ਕੋਆਰਡੀਨੇਟਰ ਵਪਾਰ ਵਿੰਗ ਨਾਭਾ ਭੁਪਿੰਦਰ ਕੌਂਸਲ ਦੀ ਅਗਵਾਈ ਹੇਠ ਸ੍ਰੀ ਅੰਮ੍ਰਿਤਸਰ ਸਾਹਿਬ, ਦੁਰਗਿਆਣਾ ਮੰਦਿਰ ਅਤੇ ਰਾਮ ਤੀਰਥ ਲਈ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਹੈ। ਇਹ ਯੋਜਨਾ ਬਜ਼ੁਰਗਾਂ ਅਤੇ ਸ਼ਰਧਾਲੂਆਂ ਲਈ ਬਹੁਤ ਹੀ ਲਾਭਕਾਰੀ ਸਾਬਤ ਹੋ ਰਹੀ ਹੈ। ਇਸ ਯੋਜਨਾ ਰਾਹੀਂ ਸ਼ਰਧਾਲੂਆਂ ਨੂੰ ਵੱਖ-ਵੱਖ ਪਵਿੱਤਰ ਤੀਰਥ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰਾ ਮੌਕਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਇੱਕ ਅਜਿਹੀ ਲੋਕ ਪੱਖੀ ਯੋਜਨਾ ਹੈ ਜਿਸ ਨਾਲ ਬਜੁਰਗਾਂ ਦਾ ਤੀਰਥ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਪਨਾ ਪੂਰਾ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਬਜੁਰਗ ਕਈ ਘਰੇਲੂ ਕਾਰਨਾਂ ਕਰਕੇ ਤੀਰਥ ਸਥਾਨਾਂ ਦੇ ਦਰਸ਼ਨਾ ਨੂੰ ਨਹੀਂ ਜਾ ਸਕਦੇ ਸਨ ਪ੍ਰੰਤੂ ਹੁਣ ਉਨ੍ਹਾਂ ਨੂੰ ਮੁਫਤ ਵਿੱਚ ਤੀਰਥ ਯਾਤਰਾ 'ਤੇ ਜਾਣ ਦਾ ਮੌਕਾ ਮਿਲ ਰਿਹਾ ਹੈਂ। ਉਨ੍ਹਾਂ ਦੱਸਿਆ ਕਿ ਇਸ ਯਾਤਰਾ ਦੌਰਾਨ ਸ਼ਰਧਾਲੂ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ਼੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਿਰ, ਵਾਲਮਿਕ ਤੀਰਥ ਅਤੇ ਵਾਗ੍ਹਾ ਵਾਰਡਰ ਦੇ ਦਰਸ਼ਨ ਕਰਨਗੇ ਅਤੇ ਸਰਕਾਰ ਵੱਲੋਂ ਯਾਤਰੀਆਂ ਲਈ ਸਾਰੀਆਂ ਜ਼ਰੂਰੀ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਇਸ ਮੌਕੇ ਤੇਜਿੰਦਰ ਸਿੰਘ ਖਹਿਰਾ, ਸਿੰਘ ਧਾਰੋਕੀ, ਉੱਧਮ ਦੀਪ ਸਿੰਘ, ਮਨਜੋਤ ਸਿੰਘ, ਜਸਵੀਰ ਸਿੰਘ ਛਿੰਦਾ, ਅਰਮਾਨ ਨਾਭਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਾਰਡ ਵਾਸੀ ਆਦਿ ਹਾਜ਼ਰ ਸਨ।

# ਪੰਜਾਬ ਵਿਧਾਨ ਸਭਾ ਵਿੱਚ ਪਾਸ ਕਾਨੂੰਨ ਸਾਰੇ ਧਰਮਾਂ ਲਈ ਇਕਸਾਰ ਹੋਵੇ: ਪਵਨ ਗੁਪਤਾ

## ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਵਰਕਰਾਂ ਨੂੰ ਤਿਆਰ ਰਹਿਣ ਦੀ ਅਪੀਲ

**ਪਟਿਆਲਾ/ਖੰਨਾ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਿਵ ਸੈਨਾ ਹਿੰਦੁਸਤਾਨ ਦੀ ਜ਼ਿਲ੍ਹਾ ਇਕਾਈ ਖੰਨਾ ਵੱਲੋਂ ਅੱਜ ਇੱਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੌਕੇ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਪਵਨ ਗੁਪਤਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦੇ ਹੋਏ ਮੀਟਿੰਗ ਦੀ ਪ੍ਰਧਾਨਗੀ ਕੀਤੀ। ਖੰਨਾ ਪਹੁੰਚਣ 'ਤੇ ਪਾਰਟੀ ਦੇ ਆਗੂਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।

ਮੀਟਿੰਗ ਦੌਰਾਨ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ ਅਤੇ ਪਾਰਟੀ ਦੇ ਆਗੂਆਂ ਤੇ ਵਰਕਰਾਂ ਨੂੰ ਸੰਗਠਨਕ ਤੌਰ 'ਤੇ ਹੋਰ ਮਜ਼ਬੂਤ ਬਣਨ ਅਤੇ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ ਗਈ।



ਆਪਣੇ ਸੰਬੋਧਨ ਦੌਰਾਨ ਪਵਨ ਗੁਪਤਾ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸੰਬੰਧਿਤ ਬੇਅਦਬੀ ਦੇ ਮਾਮਲਿਆਂ ਲਈ ਪੰਜਾਬ ਵਿਧਾਨ ਸਭਾ ਵਿੱਚ ਹਾਲ ਹੀ ਵਿੱਚ ਪਾਸ ਕੀਤਾ ਗਿਆ ਕਾਨੂੰਨ ਇੱਕ ਮਹੱਤਵਪੂਰਨ ਕਦਮ ਹੈ।

ਉਨ੍ਹਾਂ ਨੇ ਕਿਹਾ ਕਿ ਕਾਨੂੰਨ ਦੀ ਲਾਗੂਆਤ ਸਾਰੇ ਧਰਮਾਂ ਲਈ ਇਕਸਾਰ ਹੋਣੀ ਚਾਹੀਦੀ ਹੈ, ਤਾਂ ਜੋ ਸੰਵਿਧਾਨ ਅਨੁਸਾਰ ਸਮਾਨਤਾ ਦੀ ਭਾਵਨਾ ਕਾਇਮ ਰਹੇ।

ਉਨ੍ਹਾਂ ਨੇ ਅੱਗੇ ਕਿਹਾ ਕਿ ਦੇਸ਼ ਵਿੱਚ ਕਾਨੂੰਨ ਸਾਰੇ ਧਰਮਾਂ ਪ੍ਰਤੀ ਨਿਰਪੱਖ ਅਤੇ ਇਕਸਾਰ ਹੋਣਾ ਚਾਹੀਦਾ ਹੈ। ਇਸ ਸੰਦਰਭ ਵਿੱਚ ਉਨ੍ਹਾਂ ਨੇ ਅਦਾਲਤਾਂ ਵੱਲੋਂ ਇਸ ਮਾਮਲੇ 'ਤੇ ਸਪਸ਼ਟ ਦਿਸ਼ਾ-ਨਿਰਦੇਸ਼ ਜਾਰੀ ਕਰਨ ਦੀ ਉਮੀਦ ਵੀ ਜਤਾਈ।
ਮੀਟਿੰਗ ਦੌਰਾਨ ਹੋਰ ਸੰਗਠਨਕ ਅਤੇ ਸਮਕਾਲੀ ਮੁੱਦਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।

# ਸੂਬਾ ਸਰਕਾਰ ਲੋਕਾਂ ਦੀ ਬੇਹਤਰ ਭਲਾਈ ਲਈ ਕਰ ਰਹੀ ਹੈ ਵਿਸ਼ੇਸ਼ ਉਪਰਾਲੇ :ਸੰਧਵਾ



**ਬਠਿੰਡਾ,27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਿਕਾਸ ਲਈ ਆਮ ਲੋਕਾਂ ਨੂੰ ਮੁਢਲੀਆਂ ਬੁਨਿਆਦੀ ਸਹੂਲਤਾਂ ਦੇਣ ਤੋਂ ਇਲਾਵਾ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਸੂਬੇ ਨੂੰ ਹੋਰ ਤਰੱਕੀ ਵੱਲ ਲਿਜਾਇਆ ਜਾ ਸਕੇ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਨੇ ਜ਼ਿਲ੍ਹੇ ਦੇ ਪਿੰਡ ਜੀਦਾ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਮੌਕੇ ਨਤਮਸਤਕ ਹੋਣ ਤੋਂ ਬਾਅਦ ਕੀਤਾ।

ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਿਹਤ, ਸਿੱਖਿਆ ਤੋਂ ਇਲਾਵਾ ਖੇਡਾਂ ਆਦਿ ਵੱਲ ਵਿਸ਼ੇਸ਼ ਧਿਆਨ ਦਿੰਦਿਆਂ ਕ੍ਰਾਂਤੀਕਾਰੀ ਕਦਮ ਚੁੱਕੇ ਜਾ ਰਹੇ ਹਨ ਤਾਂ ਜੋ ਸੂਬੇ ਨੂੰ ਸਿਹਤ ਪੱਖੋਂ ਤੰਦਰੁਸਤ ਬਨਾਉਣ ਤੋਂ ਇਲਾਵਾ ਨੌਜਵਾਨਾਂ ਨੂੰ ਸਿੱਖਿਆ ਦੇ ਖੇਤਰ ਵਿੱਚ ਸਮੇਂ ਦਾ ਹਾਣੀ ਬਣਾਉਣ ਦੇ ਨਾਲ-ਨਾਲ ਖੇਡਾਂ ਨਾਲ ਵੀ ਜੋੜਿਆ ਜਾ ਸਕੇ।

ਇਸ ਮੌਕੇ ਪਿੰਡ ਦੇ ਮੋਹਤਬਰਾਂ ਤੋਂ ਇਲਾਵਾ ਆਸਪਾਸ ਦੇ ਪਿੰਡਾਂ ਦੇ ਲੋਕ ਆਦਿ ਹਾਜ਼ਰ ਸਨ।

# ਮੰਡੀਆਂ ਵਿੱਚ ਸੁਵਿਧਾਵਾਂ ਅਤੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਪਹੁੰਚੇ ਡਿਪਟੀ ਸਪੀਕਰ ਰੌੜੀ

**ਚੰਡੀਗੜ੍ਹ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਤੋਂ ਵਿਧਾਇਕ ਸ. ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਅੱਜ ਹਲਕੇ ਦੀਆਂ ਵੱਖ-ਵੱਖ ਦਾਣਾ ਮੰਡੀਆਂ ਦਾ ਦੌਰਾ ਕਰਕੇ ਉੱਥੇ ਚੱਲ ਰਹੀਆਂ ਸੁਵਿਧਾਵਾਂ ਅਤੇ ਖਰੀਦ ਪ੍ਰਬੰਧਾਂ ਦਾ ਵਿਸਤ੍ਰਿਤ ਜਾਇਜ਼ਾ ਲਿਆ ਗਿਆ। ਇਸ ਦੌਰਾਨ ਉਨ੍ਹਾਂ ਨੇ ਦਾਣਾ ਮੰਡੀ ਮੰਹਿਗਰੋਵਾਲ, ਦਾਣਾ ਮੰਡੀ ਮਾਹਿਲਪੁਰ ਅਤੇ ਦਾਣਾ ਮੰਡੀ ਮੋਰਾਂਵਾਲੀ ਵਿਖੇ ਮੌਕੇ ਦੀ ਸਥਿਤੀ ਦਾ ਅਨੁਮਾਨ ਲਗਾਇਆ ਅਤੇ ਮੰਡੀਆਂ ਵਿੱਚ ਮੌਜੂਦ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਆ ਰਹੀਆਂ ਦਿੱਕਤਾਂ ਬਾਰੇ ਜਾਣਕਾਰੀ ਲਈ। ਕਿਸਾਨਾਂ ਵੱਲੋਂ ਉਠਾਏ ਗਏ ਮੁੱਦਿਆਂ 'ਤੇ ਗੰਭੀਰਤਾ ਨਾਲ ਵਿਚਾਰ ਕਰਦਿਆਂ ਉਨ੍ਹਾਂ ਨੇ ਸੰਬੰਧਤ ਅਧਿਕਾਰੀਆਂ ਨੂੰ ਤੁਰੰਤ ਹੱਲ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਦੌਰਾਨ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ



ਇਸ ਲਈ ਮੰਡੀਆਂ ਵਿੱਚ ਸੁਚੱਜੇ ਪ੍ਰਬੰਧ ਹੋਣੇ ਯਕੀਨੀ ਬਣਾਏ ਗਏ ਹਨ।

ਡਿਪਟੀ ਸਪੀਕਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਫਸਲ ਦੀ ਤੋਲ, ਲਿਫਟਿੰਗ ਅਤੇ ਭੁਗਤਾਨ ਦੀ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਸਮੇਂ-ਸਿਰ ਮੁਕੰਮਲ ਕੀਤਾ ਜਾਵੇ। ਇਸ ਦੇ ਨਾਲ ਹੀ ਮੰਡੀਆਂ ਵਿੱਚ ਸਫਾਈ, ਪੀਣ ਵਾਲੇ ਪਾਣੀ, ਬਿਜਲੀ ਅਤੇ ਹੋਰ ਬੁਨਿਆਦੀ ਸੁਵਿਧਾਵਾਂ ਨੂੰ ਯਕੀਨੀ ਬਣਾਉਣ 'ਤੇ ਵੀ ਜ਼ੋਰ ਦਿੱਤਾ ਗਿਆ।

ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਫਸਲ ਦੀ ਸਮੇਂ-ਸਿਰ ਖਰੀਦ ਅਤੇ ਭੁਗਤਾਨ ਯਕੀਨੀ ਬਣਾਉਣ ਲਈ ਪੂਰੇ ਪ੍ਰਬੰਧ ਕੀਤੇ ਗਏ ਹਨ, ਤਾਂ ਜੋ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ।

ਇਸ ਮੌਕੇ ਉਨ੍ਹਾਂ ਨਾਲ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਮੰਡੀ ਬੋਰਡ ਦੇ ਕਰਮਚਾਰੀ ਅਤੇ ਇਲਾਕੇ ਦੇ ਆਗੂ ਵੀ ਮੌਜੂਦ ਸਨ।

# ਅਗੰਮਪੁਰ ਪੁਲ ਦੀ ਸੁਰੱਖਿਆ ਲਈ 19.72 ਕਰੋੜ ਦੇ ਹੜ੍ਹ-ਰੋਕੂ ਕੰਮ ਜਾਰੀ : ਬਰਿੰਦਰ ਕੁਮਾਰ ਗੋਇਲ

**ਸ੍ਰੀ ਆਨੰਦਪੁਰ ਸਾਹਿਬ, 27 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਈਨਿੰਗ ਐਂਡ ਜੀਓਲੋਜੀ, ਲੈਂਡ ਐਂਡ ਵਾਟਰ ਕਨਜ਼ਰਵੇਸ਼ਨ ਅਤੇ ਵਾਟਰ ਰਿਸੋਰਸਜ਼ ਵਿਭਾਗ ਪੰਜਾਬ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਲੋਧੀਪੁਰ, ਅਗੰਮਪੁਰ, ਹਰਸਾਬੇਲਾ ਖੇਤਰਾਂ ਦਾ ਦੌਰਾ ਕਰਕੇ ਚੱਲ ਰਹੇ ਹੜ੍ਹ-ਰੋਕੂ ਕੰਮਾਂ ਦਾ ਜਾਇਜ਼ਾ ਲਿਆ।

ਕੈਬਨਿਟ ਮੰਤਰੀ ਨੇ ਇਸ ਦੌਰੇ ਦੌਰਾਨ ਸਤਲੁਜ ਦਰਿਆ ਦੇ ਕੰਢੇ ਹੋ ਰਹੇ ਕੰਮਾਂ ਦੀ ਪ੍ਰਗਤੀ ਬਾਰੇ ਅਧਿਕਾਰੀਆਂ ਤੋਂ ਵਿਸਥਾਰ ਨਾਲ ਜਾਣਕਾਰੀ ਪ੍ਰਾਪਤ ਕੀਤੀ ਅਤੇ ਕੰਮਾਂ ਨੂੰ ਸਮੇਂ ਸਿਰ ਪੂਰਾ ਕਰਨ ਦੇ ਨਿਰਦੇਸ਼ ਦਿੱਤੇ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਪਿੰਡ ਲੋਧੀਪੁਰ, ਜੋ ਸਤਲੁਜ ਦਰਿਆ ਦੇ ਖੱਬੇ ਕੰਢੇ ਤੇ ਸਥਿਤ ਹੈ। ਭਵਿੱਖ ਵਿੱਚ ਦਰਿਆ ਦੇ ਕੰਢਿਆਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਸਾਲ 2026 ਵਿੱਚ ਲੋਧੀਪੁਰ ਹੜ੍ਹ ਸੁਰੱਖਿਆ ਪ੍ਰੋਜੈਕਟ ਤਹਿਤ ਕੁੱਲ 1700 ਫੁੱਟ ਲੰਬਾਈ ਵਿੱਚ ਕੰਮ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਚਰਨ ਗੰਗਾ ਨਦੀ ਉੱਤੇ 300 ਫੁੱਟ ਦੀ ਪੁਨਰ ਨਿਰਮਾਣ ਅਤੇ ਸਤਲੁਜ ਦਰਿਆ ਉੱਤੇ 1400 ਫੁੱਟ ਰਿਵੇਟਮੈਂਟ ਨਾਲ ਨਾਲ 13 ਸਟੱਡ ਬਣਾਉਣ ਦਾ ਕੰਮ ਸ਼ਾਮਲ ਹੈ। ਇਸ ਪ੍ਰੋਜੈਕਟ ਦੀ ਕੁੱਲ ਲਾਗਤ ਲਗਭਗ 4.62 ਕਰੋੜ ਰੁਪਏ



ਹੈ ਅਤੇ ਇਸ ਨਾਲ ਪਿੰਡ ਲੋਧੀਪੁਰ ਅਤੇ ਬੁਰਜ ਸਮੇਤ ਨਜ਼ਦੀਕੀ ਖੇਤਰਾਂ ਨੂੰ ਹੜ੍ਹਾਂ ਤੋਂ ਬਚਾਅ ਮਿਲੇਗਾ ਅਤੇ ਖੇਤੀਬਾੜੀ ਜ਼ਮੀਨਾਂ ਦੀ ਸੁਰੱਖਿਆ ਨੂੰ ਮਜ਼ਬੂਤੀ ਪ੍ਰਦਾਨ ਕੀਤੀ ਜਾਵੇਗੀ।

ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਅਗੰਮਪੁਰ ਦਾ ਪੁਲ ਬਹੁਤ ਹੀ ਮਹੱਤਵਪੂਰਨ ਹੈ ਕਿਉਂਕਿ ਇਹ ਮਾਲਵਾ/ਪੁਆਧ ਖੇਤਰਾਂ ਨੂੰ ਦੋਆਬਾ ਅਤੇ ਮਾਝੇ ਨਾਲ ਜੋੜਦਾ ਹੈ। ਇਸ ਤੋਂ ਇਲਾਵਾ ਇਹ ਪੁਲ ਧਾਰਮਿਕ ਪੱਖੋਂ ਵੀ ਅਹਿਮ ਹੈ ਕਿਉਂਕਿ ਇਹ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੂੰ ਸ੍ਰੀ ਅਕਾਲ ਤਖਤ ਸਾਹਿਬ ਨਾਲ ਜੋੜਦਾ ਹੈ। ਇਸ ਕਾਰਨ ਇਹ ਸੂਬੇ ਦੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਗਹਿਰਾ ਸਬੰਧ ਰੱਖਦਾ ਹੈ। ਉਨ੍ਹਾਂ ਨੇ ਯਾਦ ਕਰਵਾਇਆ ਕਿ ਸਾਲ 2025 ਦੌਰਾਨ ਅਗੰਮਪੁਰ ਪੁਲ ਨੂੰ ਭਾਰੀ ਖਤਰਾ ਪੈਦਾ ਹੋ ਗਿਆ ਸੀ, ਪਰ ਸਰਕਾਰ ਵੱਲੋਂ ਤੁਰੰਤ ਕੀਤੀਆਂ ਕਾਰਵਾਈਆਂ ਨਾਲ ਇਸਨੂੰ ਸੁਰੱਖਿਅਤ ਰੱਖਿਆ ਗਿਆ। ਇਸ ਤਜਰਬੇ ਤੋਂ ਸਿੱਖ ਲੈਂਦਿਆਂ ਹੁਣ ਪੁਲ ਦੇ ਆਲੇ-ਦੁਆਲੇ ਵਿਸ਼ਾਲ ਪੱਧਰ 'ਤੇ ਹੜ੍ਹ-ਰੋਕੂ ਕੰਮ ਕਰਵਾਏ ਜਾ ਰਹੇ ਹਨ ਤਾਂ ਜੋ ਭਵਿੱਖ ਵਿੱਚ ਕਿਸੇ ਵੀ ਨੁਕਸਾਨ ਤੋਂ ਬਚਾਅ ਕੀਤਾ ਜਾ ਸਕੇ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਸਾਲ ਕੁੱਲ 6570 ਫੁੱਟ (ਤਕਰੀਬਨ 2 ਕਿ.ਮੀ.) ਲੰਬਾਈ ਵਿੱਚ ਹੜ੍ਹ-ਰੋਕੂ ਕੰਮ ਕਰਵਾਏ ਜਾ ਰਹੇ ਹਨ, ਜਿਨ੍ਹਾਂ 'ਤੇ ਤਕਰੀਬਨ 19.72 ਕਰੋੜ ਰੁਪਏ ਖਰਚ ਹੋ ਰਹੇ ਹਨ। ਅਗੰਮਪੁਰ ਸਲਾਈਸ-ਵਨ ਅਤੇ ਪੁਲ ਦੇ ਉੱਪਰਲੇ ਹਿੱਸੇ ਵਿੱਚ 3920 ਫੁੱਟ ਲੰਬਾਈ ਵਿੱਚ 12.05 ਕਰੋੜ ਰੁਪਏ ਦੀ ਲਾਗਤ ਨਾਲ ਕੰਮ ਜਾਰੀ ਹੈ, ਜਿਸ ਵਿੱਚ 3280 ਫੁੱਟ ਰਿਵੈਟਮੈਂਟ ਅਤੇ 31 ਸਟੱਡਸ ਦੀ ਉਸਾਰੀ ਸ਼ਾਮਲ ਹੈ। ਇਸ ਨਾਲ ਅਗੰਮਪੁਰ ਅਤੇ ਕਰੈਸ਼ਰ ਜੋਨ ਖੇਤਰ ਨੂੰ ਵੱਡਾ ਲਾਭ ਮਿਲੇਗਾ।

ਇਸੇ ਤਰ੍ਹਾਂ ਉਨ੍ਹਾਂ ਦੱਸਿਆ ਕਿ ਹਰਸਾਬੇਲਾ ਵਿਖੇ 2650 ਫੁੱਟ ਲੰਬਾਈ ਵਿੱਚ 7.67 ਕਰੋੜ ਰੁਪਏ ਦੀ ਲਾਗਤ ਨਾਲ ਹੜ੍ਹ-ਰੋਕੂ ਕੰਮ ਕੀਤੇ ਜਾ ਰਹੇ ਹਨ, ਜਿਸ ਵਿੱਚ 2300 ਫੁੱਟ ਰਿਵੈਟਮੈਂਟ ਅਤੇ 23 ਸਟੱਡਸ ਦੀ ਉਸਾਰੀ ਸ਼ਾਮਲ ਹੈ। ਮੰਤਰੀ ਨੇ ਦੁਹਰਾਇਆ ਕਿ ਸਰਕਾਰ ਵੱਲੋਂ ਹੜ੍ਹਾਂ ਤੋਂ ਬਚਾਅ ਲਈ ਪੂਰੀ ਵਚਨਬੱਧਤਾ ਨਾਲ ਕੰਮ ਕੀਤਾ ਜਾ ਰਿਹਾ ਹੈ ਅਤੇ ਸਾਰੇ ਪ੍ਰੋਜੈਕਟ ਉੱਚ ਗੁਣਵੱਤਾ ਨਾਲ ਸਮੇਂ ਸਿਰ ਪੂਰੇ ਕੀਤੇ ਜਾਣਗੇ।

ਉਨ੍ਹਾਂ ਦੱਸਿਆ ਕਿ 44 ਕਰੋੜ ਦੀ ਲਾਗਤ ਨਾਲ ਹੋਣ ਵਾਲੇ ਇਸ ਪ੍ਰੋਜੈਕਟ ਨਾਲ 4500 ਏਕੜ ਜ਼ਮੀਨ ਮਾਲਕਾਂ ਨੂੰ ਪਾਣੀ ਮਿਲੇਗਾ। ਉਨ੍ਹਾਂ ਦੱਸਿਆ ਕਿ ਸੋਲ ਵਾਟਰ ਕੰਜ਼ਰਵੇਸ਼ਨ ਤਹਿਤ ਪਾਣੀ ਬਚਾਇਆ ਜਾ ਰਿਹਾ ਹੈ ਤੇ ਇਸ ਤੋਂ ਇਲਾਵਾ 1 ਲੱਖ 61 ਹਜ਼ਾਰ ਏਕੜ ਫ਼ਸਲ ਨੂੰ ਛੱਪੜ ਰਾਹੀਂ ਪਾਣੀ ਦਿੱਤਾ ਜਾ ਰਿਹਾ ਹੈ।

ਮੰਤਰੀ ਗੋਇਲ ਨੇ ਦੱਸਿਆ ਕਿ ਨਜ਼ਾਇਜ਼ ਮਾਇਨਿੰਗ ਰੋਕਣ ਲਈ ਵੀ ਮਾਡਰਨੀਜੇਸ਼ਨ ਤਹਿਤ ਸਖ਼ਤ ਐਕਸ਼ਨ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ 132 ਪੁਆਇੰਟਾਂ ਤੇ ਕੰਮ ਚੱਲ ਰਿਹਾ ਹੈ ਤੇ ਇਹ 30 ਮਈ ਤੱਕ ਮੁਕੰਮਲ ਹੋ ਜਾਵੇਗਾ।
ਉਨ੍ਹਾਂ ਦੱਸਿਆ ਕਿ ਸਾਡੇ ਵਲੋਂ ਲੋਕਾਂ ਦੀ ਭਲਾਈ ਲਈ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਿਰੰਤਰ ਕੰਮ ਕੀਤਾ ਜਾ ਰਿਹਾ ਹੈ।

ਇਸ ਮੌਕੇ ਐਸ.ਡੀ.ਐਮ ਸੁਖਪਾਲ ਸਿੰਘ ਸ੍ਰੀ ਅਨੰਦਪੁਰ ਸਾਹਿਬ, ਡੀਐੱਸਪੀ ਜਸ਼ਨਦੀਪ ਸਿੰਘ, ਚੇਅਰਮੈਨ ਕਮਿੱਕਰ ਸਿੰਘ ਡਾਢੀ, ਚੇਅਰਮੈਨ ਗੁਰਪ੍ਰੀਤ ਸਿੰਘ ਅਰੋੜਾ, ਰਮਨਦੀਪ ਸਿੰਘ ਬੈਂਸ ਸੁ. ਇੰਜੀਨਿਅਰ, ਸੰਦੀਪ ਸਿੰਘ ਮੰਗਤ ਕਾਰਜਕਾਰੀ ਇੰਜੀਨਿਅਰ, ਵਰੁਣ ਐਸ.ਡੀ.ਓ ਰੂਪਨਗਰ ਡਰੇਨੇਜ ਸਬ ਡਵੀਜਨ, ਨਿਸ਼ਾਤ ਗਰਗ ਐਸ.ਡੀ.ਓ ਸ੍ਰੀ ਚਮਕੌਰ ਸਾਹਿਬ ਡਰੇਨੇਜ, ਭਾਵੁਕ ਸ਼ਰਮਾ ਕਾਰਜਕਾਰੀ ਇੰਜੀਨਿਅਰ ਸ੍ਰੀ ਅਨੰਦਪੁਰ ਸਾਹਿਬ, ਨਰਿੰਦਰ ਕੁਮਾਰ ਐਸ.ਡੀ.ਓ ਨੰਗਲ, ਦਿਨੇਸ਼ ਗੁਪਤਾ ਐਸ.ਡੀ.ਓ ਸ੍ਰੀ ਅਨੰਦਪੁਰ ਸਾਹਿਬ, ਗੁਰਜੀਤ ਸਿੰਘ ਐਸ.ਡੀ.ਓ ਨੂਰਪੁਰ ਬੇਦੀ ਤੇ ਅਧਿਕਾਰੀ ਹਾਜ਼ਰ ਸਨ।

# ਸੀ ਟੀ ਯੂਨੀਵਰਸਿਟੀ ਵੱਲੋਂ 24 ਘੰਟਿਆਂ ਦਾ ਰਾਸ਼ਟਰੀ ਹੈਕਾਥਾਨ ਕੋਡ ਕ੍ਰਾਫਟਰ 3.0 ਸਫਲਤਾਪੂਰਵਕ ਆਯੋਜਿਤ



**ਲੁਧਿਆਣਾ, 27 ਅਪ੍ਰੈਲ**
**ਕੁਲਦੀਪ ਦੁੱਗਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀ ਟੀ ਯੂਨੀਵਰਸਿਟੀ ਦੇ ਇੰਜੀਨੀਅਰਿੰਗ ਅਤੇ ਟੈਕਨੋਲੋਜੀ ਸਕੂਲ ਵੱਲੋਂ 24 ਘੰਟਿਆਂ ਦਾ ਰਾਸ਼ਟਰੀ ਹੈਕਾਥਾਨ ਕੋਡ ਕ੍ਰਾਫਟਰ 3.0 ਸਫਲਤਾਪਰਵਕ ਕਰਵਾਇਆ ਗਿਆ, ਜਿਸ ਵਿੱਚ ਦੇਸ਼ ਭਰ ਤੋਂ 150 ਤੋਂ ਵੱਧ ਟੀਮਾਂ ਨੇ ਹਿੱਸਾ ਲਿਆ। ਸਮਾਗਮ ਨੇ ਨਵੀਂ ਸੋਚ, ਤਕਨੀਕੀ ਕਾਬਲੀਅਤ ਅਤੇ ਸਮੱਸਿਆ ਹੱਲ ਕਰਨ ਦੀ ਯੋਗਤਾ ਨੂੰ ਉਤਸ਼ਾਹਿਤ ਕਰਨ ਲਈ ਮਹੱਤਵਪੂਰਨ ਮੰਚ ਮੁਹੱਈਆ ਕਰਵਾਇਆ। ਇਸ ਦੌਰਾਨ ਭਾਗੀਦਾਰਾਂ ਨੇ ਅਸਲ ਜ਼ਿੰਦਗੀ ਦੀਆਂ ਚੁਣੌਤੀਆਂ ਲਈ ਨਵੇਂ ਹੱਲ ਪੇਸ਼ ਕੀਤੇ। ਮੁੱਖ ਮਹਿਮਾਨ ਡਾ. ਸਤੀਸ਼ ਕੁਮਾਰ ਨੇ ਖੋਜ ਆਧਾਰਿਤ ਨਵੀਨਤਾ ਅਤੇ ਉਦਯੋਗ-ਸਿੱਖਿਆ ਸਾਂਝ ਦੇ ਮਹੱਤਵ 'ਤੇ ਜ਼ੋਰ ਦਿੱਤਾ। ਹੈਕਾਥਾਨ ਨੂੰ ਆਈਬੀਐਮ ਅਤੇ ਜੀਡੀਜੀ ਜਲੰਧਰ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ, ਜਿੱਥੇ 20 ਤੋਂ ਵੱਧ ਮਾਹਿਰਾਂ ਨੇ ਪ੍ਰੋਜੈਕਟਾਂ ਦਾ ਮੁਲਾਂਕਣ ਕੀਤਾ।

ਮੁਕਾਬਲੇ ਦੇ ਜੇਤੂਆਂ ਵਿੱਚ ਚੰਡੀਗੜ੍ਹ ਯੂਨੀਵਰਸਿਟੀ ਪਹਿਲੇ, ਪੰਜਾਬ ਯੂਨੀਵਰਸਿਟੀ ਦੂਜੇ ਅਤੇ ਸੀਓਈਆਰ ਯੂਨੀਵਰਸਿਟੀ ਤੀਜੇ ਸਥਾਨ 'ਤੇ ਰਹੇ।

ਯੂਨੀਵਰਸਿਟੀ ਪ੍ਰਬੰਧਨ ਨੇ ਕਿਹਾ ਕਿ ਅਜੇਹੇ ਉਪਰਾਲੇ ਵਿਦਿਆਰਥੀਆਂ ਵਿੱਚ ਰਚਨਾਤਮਕਤਾ, ਟੀਮ ਵਰਕ ਅਤੇ ਤਕਨੀਕੀ ਹੁਨਰ ਨੂੰ ਨਿਖਾਰਦੇ ਹਨ ਅਤੇ ਭਵਿੱਖ ਦੇ ਟੈਕਨੋਲੋਜੀ ਮਾਹਿਰ ਤਿਆਰ ਕਰਨ ਵਿੱਚ ਮਦਦਗਾਰ ਸਾਬਤ ਹੁੰਦੇ ਹਨ।

# ਪੰਜਾਬ ਸਟੇਟ ਜੂਨੀਅਰ ਕਿੱਕ ਬਾਕਸਿੰਗ ’ਚ ਜਿੰਦਲ ਸਕੂਲ ਦੇ ਖਿਡਾਰੀਆਂ ਦੀ ਬੱਲੇ-ਬੱਲੇ

**ਕੌਮੀ ਪਤ੍ਰਿਕਾ**

ਬੁਢਲਾਡਾ 27 ਅਪ੍ਰੈਲ। ਪੰਜਾਬ ਸਟੇਟ ਯੂਨੀਅਰ ਕਿੱਕ ਬਾਕਸਿੰਗ ਚੈਂਪੀਅਨਸ਼ਿਪ 2026 ਨਵਾਂਸ਼ਹਿਰ ’ਚ ਜਿੰਦਲ ਇੰਟਰਨੈਸ਼ਨਲ ਸਕੂਲ ਦੇ ਖਿਡਾਰੀਆਂ ਨੇ ਬੇਮਿਸਾਲ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਮ ਰਾਜ ਪੱਧਰ ’ਤੇ ਰੌਸ਼ਨ ਕਰ ਦਿੱਤਾ। ਇਸ ਮੁਕਾਬਲੇ ਵਿੱਚ ਸੂਬੇ ਭਰ ਤੋਂ ਆਏ ਹੋਏ ਖਿਡਾਰੀਆਂ ਵਿਚਕਾਰ ਸਖਤ ਟੱਕਰ ਦੇ ਬਾਵਜੂਦ ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਦਲੇਰੀ, ਅਨੁਸ਼ਾਸਨ ਅਤੇ ਉੱਚ ਦਰਜੇ ਦੀ ਤਿਆਰੀ ਦਾ ਲੋਹਾ ਮੰਨਵਾਇਆ। ਮੁਕਾਬਲਿਆਂ ਦੌਰਾਨ ਸਕੂਲ ਦੇ ਹੋਣਹਾਰ ਖਿਡਾਰੀ ਅਰਮਨਦੀਪ ਸਿੰਘ ਨੇ 75 ਕਿਲੋ ਭਾਰ ਵਰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਗੋਲਡ ਮੈਡਲ ਆਪਣੇ ਨਾਮ ਕੀਤਾ। ਉਸਦੀ ਫੁਰਤੀ, ਤਕਨੀਕੀ ਹੁਨਰ ਅਤੇ ਆਤਮਵਿਸ਼ਵਾਸ ਨੇ ਦਰਸ਼ਕਾਂ ਅਤੇ ਜੱਜਾਂ ਨੂੰ ਖਾਸ ਤੌਰ ’ਤੇ ਪ੍ਰਭਾਵਿਤ ਕੀਤਾ। ਇਸੇ ਤਰ੍ਹਾਂ ਗੁਲਾਬ ਸਿੰਘ 81 ਕਿਲੋ ਭਾਰ ਵਰਗ ਵਿੱਚ ਬੇਮਿਸਾਲ ਖੇਡ ਦਿਖਾਉਂਦਿਆਂ ਸੋਨੇ ਦਾ ਤਮਗਾ ਜਿੱਤ ਕੇ ਸਕੂਲ ਦੀ ਝੋਲੀ ਵਿੱਚ ਇੱਕ ਹੋਰ ਕਾਮਯਾਬੀ ਪਾਈ। ਉਧਰ ਸਾਹਿਬਜੋਤ ਸਿੰਘ ਨੇ 67 ਕਿਲੋ ਭਾਰ ਵਰਗ ਵਿੱਚ ਆਪਣੀ ਜ਼ਬਰਦਸਤ ਲੜਾਕੂ ਖੇਡ ਨਾਲ ਸਿਲਵਰ ਮੈਡਲ ਜਿੱਤ ਕੇ ਆਪਣੀ ਕਾਬਲੀਅਤ ਸਾਬਤ ਕੀਤੀ। ਇਨ੍ਹਾਂ ਕਾਮਯਾਬੀਆਂ ਨਾਲ ਸਕੂਲ ਵਿੱਚ ਖੁਸ਼ੀ ਅਤੇ ਮਾਣ ਦਾ ਮਾਹੌਲ ਬਣ ਗਿਆ। ਜਿੱਤ ਦੀ ਖ਼ਬਰ ਮਿਲਦੇ ਹੀ ਸਕੂਲ ਪਰਿਵਾਰ ਵੱਲੋਂ ਵਿਦਿਆਰਥੀਆਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਫੁੱਲਾਂ ਦੇ ਗੁਲਦਸਤਿਆਂ ਅਤੇ ਤਾਲੀਆਂ ਦੀ ਗੂੰਜ ਵਿੱਚ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੋਲਦੇ ਹੋਏ ਸਕੂਲ ਦੇ ਚੇਅਰਮੈਨ ਪ੍ਰਦੀਪ ਜਿੰਦਲ ਅਤੇ ਚੇਅਰਮੈਨ




ਨਿਸ਼ਾਂਤ ਜੈਨ ਨੇ ਕਿਹਾ ਕਿ ਇਹ ਪ੍ਰਾਪਤੀਆਂ ਵਿਦਿਆਰਥੀਆਂ ਦੀ ਲਗਾਤਾਰ ਮਿਹਨਤ, ਅਟੱਲ ਹੌਂਸਲੇ ਅਤੇ ਅਧਿਆਪਕਾਂ ਦੀ ਸੰਪੂਰਨ ਰਹਿਨੁਮਾਈ ਦਾ ਨਤੀਜਾ ਹਨ। ਉਨ੍ਹਾਂ ਨੇ ਕਿਹਾ ਕਿ ਜਿੰਦਲ ਇੰਟਰਨੈਸ਼ਨਲ ਸਕੂਲ ਵਿਦਿਆਰਥੀਆਂ ਨੂੰ ਸਿਰਫ਼ ਅਕਾਦਮਿਕ ਹੀ ਨਹੀਂ, ਸਗੋਂ ਖੇਡਾਂ ਵਿੱਚ ਵੀ ਅੱਗੇ ਵਧਣ ਲਈ ਪੂਰੀ ਤਰ੍ਹਾਂ ਪ੍ਰੇਰਿਤ ਕਰਦਾ ਹੈ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਪ੍ਰਾਪਤੀਆਂ ਦੀ ਉਮੀਦ ਕੀਤੀ ਜਾਂਦੀ ਹੈ। ਪ੍ਰਿੰਸੀਪਲ ਮੈਡਮ ਰਮਨਦੀਪ ਕੌਰ ਢੀਂਡਸਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਸਫਲਤਾ ਸਾਰੇ ਵਿਦਿਆਰਥੀਆਂ ਲਈ ਪ੍ਰੇਰਨਾਦਾਇਕ ਹੈ ਅਤੇ ਇਹ ਦੱਸਦੀ ਹੈ ਕਿ ਲਗਨ ਅਤੇ ਸਹੀ ਦਿਸ਼ਾ ਵਿੱਚ ਕੀਤੀ ਮਿਹਨਤ ਕਦੇ ਵੀ ਵਿਅਰਥ ਨਹੀਂ ਜਾਂਦੀ। ਉਨ੍ਹਾਂ ਨੇ ਖਿਡਾਰੀਆਂ ਦੇ ਚਮਕਦਾਰ ਭਵਿੱਖ ਲਈ ਸ਼ੁੱਭਕਾਮਨਾਵਾਂ ਪ੍ਰਗਟ ਕੀਤੀਆਂ। ਇਸ ਮੌਕੇ ਕੋਆਰਡੀਨੇਟਰ ਮੈਡਮ ਕਿਰਨ ਮਠਾੜੂ ਸਮੇਤ ਸਮੂਹ ਅਧਿਆਪਕ, ਸਟਾਫ ਅਤੇ ਵਿਦਿਆਰਥੀ ਮੌਜੂਦ ਰਹੇ ਅਤੇ ਸਾਰੇ ਨੇ ਮਿਲ ਕੇ ਜੇਤੂ ਖਿਡਾਰੀਆਂ ਨੂੰ ਵਧਾਈਆਂ ਦਿੱਤੀਆਂ। ਇਹ ਵੀ ਕਾਬਿਲ ਤਾਰੀਫ਼ ਹੈ ਕਿ ਇਨ੍ਹਾਂ ਖਿਡਾਰੀਆਂ ਦੀ ਸਫਲਤਾ ਦੇ ਪਿੱਛੇ ਸਕੂਲ ਦੇ ਡੀ.ਪੀ.ਈ. ਅਧਿਆਪਕ ਕੁਲਦੀਪ ਸਿੰਘ ਦੀ ਮਹੱਤਵਪੂਰਨ ਭੂਮਿਕਾ ਰਹੀ, ਜਿਨ੍ਹਾਂ ਦੀ ਸਖ਼ਤ ਮਿਹਨਤ, ਸਹੀ ਮਾਰਗਦਰਸ਼ਨ ਅਤੇ ਲਗਨ ਨਾਲ ਖਿਡਾਰੀਆਂ ਨੇ ਇਹ ਉੱਚ ਦਰਜੇ ਦੀ ਉਪਲਬਧੀ ਹਾਸਲ ਕੀਤੀ।

### ਫਰੀਦਕੋਟ ਜ਼ਿਲ੍ਹਾ ਮੈਜਿਸਟਰੇਟ ਵੱਲੋਂ 6 ਜੂਨ ਤੱਕ ਪਾਬੰਦੀਆਂ ਦੇ ਹੁਕਮ ਜਾਰੀ

ਫਰੀਦਕੋਟ 27 ਅਪ੍ਰੈਲ। ਜ਼ਿਲ੍ਹਾ ਮੈਜਿਸਟ?ਰੇਟ ਮੈਡਮ ਪੂਨਮਦੀਪ ਕੌਰ ਆਈ.ਏ.ਐਸ. ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਫਰੀਦਕੋਟ ਦੀ ਹਦੂਦ ਅੰਦਰ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ 6 ਜੂਨ 2026 ਤੱਕ ਲਾਗੂ ਰਹਿਣਗੇ। ਜ਼ਿਲ੍ਹਾ ਮੈਜਿਸਟ?ਰੇਟ ਵੱਲੋਂ ਜਾਰੀ ਹੁਕਮਾਂ ਅਨੁਸਾਰ ਜ਼ਿਲ੍ਹਾ ਫਰੀਦਕੋਟ ਅੰਦਰ ਕਿਸੇ ਤਰ੍ਹਾਂ ਦੇ ਲਾਈਵ ਸ਼ੋਅ ਦੌਰਾਨ ਸ਼ਰਾਬ ਜਾਂ ਨਸ਼ੇ ਉਤਸ਼ਾਹਿਤ ਅਤੇ ਹਿੰਸਾ ਨੂੰ ਭੜਕਾਉਣ ਵਾਲੇ ਗੀਤ ਆਦਿ ਨਹੀਂ ਗਾਏ ਜਾਣਗੇ। ਜ਼ਿਲ੍ਹਾ ਫਰੀਦਕੋਟ ਅੰਦਰ 12 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਸਿਨੇਮਾ ਹਾਲਾਂ/ਮਲਟੀਪਲੈਕਸਾਂ ਵਿੱਚ ਜਾਣ ਦੀ ਆਗਿਆ ਨਹੀਂ ਹੋਵੇਗੀ, ਜਿੱਥੇ ਮਾਰਕ ਏ ਵਾਲੀਆਂ ਫਿਲਮਾਂ ਪ੍ਰਦਰਸ਼ਤ ਹੁੰਦੀਆਂ ਹਨ। ਜ਼ਿਲ੍ਹਾ ਫਰੀਦਕੋਟ ਅੰਦਰ ਵਿਦਿਅਕ ਸੰਸਥਾਵਾਂ ਦੇ ਆਸ ਪਾਸ ਨਗਨ ਪੋਸਟਰ, ਅਰਧ ਨਗਨ ਪੋਸਟਰ, ਅਸ਼ਲੀਲ ਪੋਸਟਰ ਸਥਾਪਤ/ਪ੍ਰਦਰਸ਼ਤ ਨਹੀਂ ਕੀਤੇ ਜਾਣਗੇ। ਜ਼ਿਲ੍ਹਾ ਫਰੀਦਕੋਟ ਅੰਦਰ ਸਾਲਾਨਾ ਪ੍ਰੀਖਿਆਵਾਂ ਤੋਂ 15 ਦਿਨ ਪਹਿਲਾਂ ਅਤੇ ਪ੍ਰੀਖਿਆਵਾਂ ਦੌਰਾਨ ਲਾਊਡ ਸਪੀਕਰ ਚਲਾਉਣ ਤੇ ਪੂਰਨ ਤੌਰ ਤੇ ਪਾਬੰਦੀ ਲਗਾਈ ਗਈ ਹੈ।

## ਸਰਕਟ ਸ਼ਾਰਟ ਹੋਣ ਨਾਲ 12 ਏਕੜ ਕਣਕ ਤੇ 3 ਏਕੜ ਨਾੜ ਸੜ ਕੇ ਸੁਆਹ

ਰਈਆ 27 ਅਪ੍ਰੈਲ। ਕਸਬਾ ਰਈਆ ਤੋਂ ਵਡਾਲਾ ਰੋਡ ’ਤੇ ਕਥਿਤ ਬਿਜਲੀ ਦੀਆਂ ਤਾਰਾਂ ਤੋਂ ਸਰਕਟ ਸ਼ਾਰਟ ਹੋਣ ਨਾਲ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਹੋਈ ਲੱਗਭਗ 12 ਏਕੜ ਕਣਕ ਅਤੇ 3 ਏਕੜ ਦੇ ਕਰੀਬ ਨਾੜ ਸੜ ਕੇ ਸੁਆਹ ਹੋਣ ਦਾ ਸਮਾਚਾਰ ਹੈ। ਇਸ ਸਬੰਧੀ ਪਿੰਡ ਧਿਆਨਪੁਰ ਦੇ ਸਾਬਕਾ ਸਰਪੰਚ ਕਾਮਰੇਡ ਨਿਸ਼ਾਨ ਸਿੰਘ, ਕਾਮਰੇਡ ਗੁਰਨਾਮ ਸਿੰਘ ਦਾਊਦ ਅਤੇ ਗੁਰਦਿਆਲ ਸਿੰਘ ਵੈਰੋਵਾਲ ਦੀ ਮੌਜੂਦਗੀ ਵਿਚ ਰਣਜੀਤ ਸਿੰਘ ਰਾਣਾ, ਮਾ. ਗੁਲਜ਼ਾਰ ਸਿੰਘ ਦੋਵੇਂ ਧਿਆਨਪੁਰ ਨੇ ਸਾਂਝੇ ਤੌਰ ’ਤੇ



ਦੱਸਿਆ ਕਿ ਉਨ੍ਹਾਂ ਨੇ ਪਿੰਡ ਧਿਆਨਪੁਰ ਦੀ ਪੰਚਾਇਤੀ ਪੈਲੀ ਠੇਕੇ ’ਤੇ ਲੈ ਕੇ ਕਣਕ ਬੀਜੀ ਸੀ। ਕਣਕ ਦੇ ਉਪਰੋਂ ਐਲ.ਟੀ ਲਾਈਨ ਅਤੇ 11 ਹਜ਼ਾਰ ਕੇ. ਵੀ. ਬਿਜਲੀ ਦੀਆਂ ਲਾਈਨਾਂ ਲੰਘਦੀਆਂ ਹਨ। ਉਨ੍ਹਾਂ ਦੱਸਿਆ ਕਿ ਬੀਤੀ ਰਾਤ 11 ਹਜ਼ਾਰ ਕੇ. ਵੀ. ਦੀ ਤਾਰ ਟੁੱਟ ਗਈ ਜਿਸਦੀ ਉਨ੍ਹਾਂ ਨੇ ਸਵੇਰੇ 8 ਵਜੇ 1922 ’ਤੇ ਰਿਪੋਰਟ ਵੀ ਦਰਜ ਕਰਵਾਈ। ਪਰ ਜਦ ਦੁਪਹਿਰੇ 12 ਵਜੇ ਦੇ ਕਰੀਬ ਐਲ. ਟੀ. ਲਾਈਨ ਚਾਲੂ ਕੀਤੀ ਗਈ ਤਾਂ ਇਸ ਉੱਪਰ 11 ਹਜ਼ਾਰ ਕੇ. ਵੀ. ਦੀ ਤਾਰ ਡਿੱਗਣ ਨਾਲ ਕਥਿੱਤ ਸਰਕਟ ਸ਼ਾਰਟ ਹੋ ਗਿਆ ਜਿਸ ਨਾਲ ਗੁਰਦਿਆਲ ਸਿੰਘ ਦੀ 6 ਏਕੜ, ਰਣਜੀਤ ਸਿੰਘ 4 ਏਕੜ ਅਤੇ ਮਾ: ਗੁਲਜ਼ਾਰ ਸਿੰਘ ਦੀ 2 ਏਕੜ ਕਣਕ ਤੇ 3 ਏਕੜ ਦੇ ਕਰੀਬ ਨਾੜ ਸੜ ਕੇ ਸੁਆਹ ਹੋ ਗਿਆ। ਉਨ੍ਹਾਂ ਦੱਸਿਆ ਕਿ ਹਵਾ ਰਈਏ ਵੱਲ ਨੂੰ ਹੋਣ ਕਰ ਕੇ ਅਤੇ ਅੱਗੇ ਡਰੇਨ ਆਉਣ ਕਾਰਨ ਹੋਰ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ। ਲਾਗੇ-ਬੰਨੇ ਵਾਲੇ ਲੋਕਾਂ ਨੇ ਇਕੱਠੇ ਹੋ ਕੇ ਟ?ਰੈਕਟਰਾਂ ਨਾਲ ਘੰਟੇ-ਡੇਢ ਘੰਟੇ ਵਿਚ ਬੜੀ ਮੁਸ਼ਕਤ ਨਾਲ ਅੱਗ ਤੇ ਕਾਬਜ਼ ਪਾਇਆ। ਉਨ੍ਹਾਂ ਦੱਸਿਆ ਕਿ ਅੱਗ ਲੱਗਣ ਦਾ ਉਨ੍ਹਾਂ ਬਿਆਸ ਡੇਰੇ ਦੇ ਫਾਇਰ ਬ੍ਰਿਗੇਡ ਨੂੰ ਸੂਚਿਤ ਕੀਤਾ ਸੀ ਪਰ ਜਦੋਂ ਅੱਗ ਬੁਝ ਗਈ ਤਾਂ ਉਦੋਂ ਗੱਡੀਆਂ ਆਈਆਂ। ਨਿਸ਼ਾਨ ਸਿੰਘ ਨੇ ਇਸ ਅੱਗ ਲੱਗਣ ਦੀ ਘਟਨਾ ਦੀ ਇਤਲਾਹ ਐਸ.ਡੀ.ਐਮ. ਬਾਬਾ ਬਕਾਲਾ ਸਾਹਿਬ ਨੂੰ ਦਿੱਤੀ ਜਿਸ ਉਪਰੰਤ ਸ਼ਾਮ ਨੂੰ ਪਟਵਾਰੀ ਅਤੇ ਰਈਆ ਪੁਲਸ ਪਹੁੰਚੀ।

## ਸੱਸ ਤੇ ਨਨਾਣ ਤੋਂ ਪ੍ਰੇਸ਼ਾਨ ਵਿਆਹੁਤਾ ਨੇ ਫਾਹਾ ਲਾ ਕੇ ਖੁਦਕੁਸ਼ੀ ਦੀ ਕੀਤੀ ਕੋਸ਼ਿਸ਼

ਲੁਧਿਆਣਾ 27 ਅਪ੍ਰੈਲ। ਸੱਸ ਅਤੇ ਨਨਾਣ ਤੋਂ ਪ੍ਰੇਸ਼ਾਨ ਇਕ ਵਿਆਹੁਤਾ ਵੱਲੋਂ ਫਾਹਾ ਲਾ ਕੇ ਜਾਨ ਦੇਣ ਦੀ ਕੋਸ਼ਿਸ਼ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਪਤਾ ਲੱਗਦਿਆਂ ਹੀ ਉਸ ਦੇ ਪਤੀ ਨੇ ਦਰਵਾਜ਼ਾ ਤੋੜ ਕੇ ਉਸ ਨੂੰ ਬਚਾਇਆ ਅਤੇ ਹਸਪਤਾਲ ਪਹੁੰਚਾਇਆ। ਹਸਪਤਾਲ ਪਹੁੰਚਣ ਤੋਂ ਬਾਅਦ ਵਿਆਹੁਤਾ ਕੋਮਾ ’ਚ ਚਲੀ ਗਈ ਅਤੇ ਪਿਛਲੇ 5 ਮਹੀਨਿਆਂ ਤੋਂ ਜ਼ਿੰਦਗੀ ਅਤੇ ਮੌਤ ਵਿਚਾਲੇ ਜੂਝ ਰਹੀ ਹੈ। ਕਾਰਵਾਈ ਕਰਦੇ ਹੋਏ ਥਾਣਾ ਸਰਾਭਾ ਨਗਰ ਦੀ ਪੁਲਸ ਨੇ ਵਿਆਹੁਤਾ ਦੀ ਮਾਂ ਦੇ ਬਿਆਨਾਂ ’ਤੇ ਉਸ ਦੀ ਸੱਸ ਅਤੇ ਨਨਾਣ ਖਿਲਾਫ ਮਾਮਲਾ ਦਰਜ ਕਰ ਲਿਆ ਹੈ। ਪੁਲਸ ਨੇ ਅਮਨ ਪਾਰਕ ਫੇਸ-4 ਦੀ ਰਹਿਣ ਵਾਲੀ ਪਿੰਕੀ ਧੀਰ ਪਤਨੀ ਸਵਰਗੀ ਪਵਨ ਕੁਮਾਰ ਧੀਰ ਦੇ ਬਿਆਨਾਂ ’ਤੇ ਅਮਨ ਪਾਰਕ ਦੀ ਰਹਿਣ ਵਾਲੀ ਪ੍ਰੋਮਿਲਾ ਵਰਮਾ ਅਤੇ ਉਸ ਦੀ ਬੇਟੀ ਨਿਸ਼ੀ ਅਰੋੜਾ ਖਿਲਾਫ ਸਰੀਰਕ ਅਤੇ ਮਾਨਸਿਕ ਤੌਰ ’ਤੇ ਪ੍ਰੇਸ਼ਾਨ ਕਰਨ ਦੇ ਦੋਸ਼ ਹੇਠ ਮਾਮਲਾ ਦਰਜ ਕੀਤਾ ਹੈ। ਫਿਲਹਾਲ ਮੁਲਜ਼ਮ ਪੁਲਸ ਦੀ ਗ੍ਰਿਫਤ ਤੋਂ ਬਾਹਰ ਹਨ। ਪੁਲਸ ਨੂੰ ਦਿੱਤੇ ਬਿਆਨਾਂ ’ਚ ਪਿੰਕੀ ਧੀਰ ਨੇ ਦੱਸਿਆ ਕਿ ਉਸ ਦੀ ਬੇਟੀ ਰਿਸ਼ੂ ਦਾ ਵਿਆਹ ਮੁਲਜ਼ਮ ਪ੍ਰੋਮਿਲਾ ਦੇ ਬੇਟੇ ਮਨੋਜ ਨਾਲ ਹੋਇਆ ਸੀ। ਪਤੀ ਦੀ ਮੌਤ ਤੋਂ ਬਾਅਦ ਉਹ ਇਕੱਲੀ ਰਹਿੰਦੀ ਸੀ, ਜਿਸ ਕਾਰਨ ਉਸ ਦਾ ਜਵਾਈ ਉਸ ਨੂੰ ਆਪਣੇ ਘਰ ਲੈ ਗਿਆ ਪਰ ਵਿਆਹ ਤੋਂ ਬਾਅਦ ਹੀ ਰਿਸ਼ੂ ਦੀ ਸੱਸ ਅਤੇ ਨਨਾਣ ਨੇ ਉਸ ਨੂੰ ਪ੍ਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ। ਉਹ ਦੋਵੇਂ ਕੋਈ ਨਾ ਕੋਈ ਬਹਾਨਾ ਬਣਾ ਕੇ ਝਗੜਾ ਕਰਦੀਆਂ ਸਨ। 1 ਦਸੰਬਰ 2025 ਨੂੰ ਉਸ ਦਾ ਜਵਾਈ ਕੰਮ ’ਤੇ ਗਿਆ ਹੋਇਆ ਸੀ ਅਤੇ ਉਹ ਖੁਦ ਮਾਤਾ ਚਿੰਤਪੂਰਨੀ ਗਈ ਹੋਈ ਸੀ। ਇਸੇ ਦੌਰਾਨ ਰਿਸ਼ੂ ਨੇ ਆਪਣੀ ਮਾਂ ਅਤੇ ਪਤੀ ਨੂੰ ਫੋਨ ਕਰ ਕੇ ਦੱਸਿਆ ਕਿ ਉਹ ਦੋਵੇਂ ਉਸ ਨੂੰ ਬਹੁਤ ਪ੍ਰੇਸ਼ਾਨ ਕਰ ਰਹੀਆਂ ਹਨ ਅਤੇ ਉਹ ਦੁਖੀ ਹੋ ਕੇ ਫਾਹਾ ਲਾ ਲਵੇਗੀ। ਪਤਾ ਲੱਗਦਿਆਂ ਹੀ ਜਦੋਂ ਜਵਾਈ ਘਰ ਪਹੁੰਚਿਆ ਤਾਂ ਰਿਸ਼ੂ ਦੇ ਕਮਰੇ ਦਾ ਦਰਵਾਜ਼ਾ ਬੰਦ ਸੀ। ਉਸ ਨੇ ਦਰਵਾਜ਼ਾ ਤੋੜ ਕੇ ਦੇਖਿਆ ਤਾਂ ਰਿਸ਼ੂ ਪੱਖੇ ਨਾਲ ਫਾਹੇ ’ਤੇ ਲਟਕ ਰਹੀ ਸੀ, ਜਿਸ ਨੂੰ ਤੁਰੰਤ ਹੇਠਾਂ ਉਤਾਰ ਕੇ ਹਸਪਤਾਲ ਪਹੁੰਚਾਇਆ ਗਿਆ। ਇਲਾਜ ਦੌਰਾਨ ਰਿਸ਼ੂ ਕੋਮਾ ’ਚ ਚਲੀ ਗਈ, ਜੋ ਅਜੇ ਵੀ ਉਸੇ ਹਾਲਤ ’ਚ ਹੈ। ਰਿਸ਼ੂ ਦੇ ਭਰਾ ਰਿਪਨ ਧੀਰ ਨੇ ਦੱਸਿਆ ਕਿ ਵਾਰ-ਵਾਰ ਚੱਕਰ ਲਾਉਣ ਤੋਂ ਬਾਅਦ ਪੁਲਸ ਨੇ ਮਾਮਲਾ ਦਰਜ ਕੀਤਾ ਹੈ। ਪਿਛਲੇ 5 ਮਹੀਨਿਆਂ ਤੋਂ ਉਸ ਦੀ ਭੈਣ ਮੌਤ ਨਾਲ ਲੜ ਰਹੀ ਹੈ। ਉਸ ਨੇ ਮੰਗ ਕੀਤੀ ਕਿ ਮੁਲਜ਼ਮਾਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ। ਉਸ ਨੇ ਦੱਸਿਆ ਕਿ ਉਹ ਇਸ ਸਬੰਧੀ ਪੁਲਸ ਦੇ ਉੱਚ ਅਧਿਕਾਰੀਆਂ ਨੂੰ ਮਿਲ ਕੇ ਸਖਤ ਧਾਰਾਵਾਂ ਲਾਉਣ ਦੀ ਗੁਹਾਰ ਲਾਉਣਗੇ।

## ਵਿਦੇਸ਼ੀ ਪਿਸਤੌਲ ਤੇ 6 ਜ਼ਿੰਦਾ ਕਾਰਤੂਸਾਂ ਸਮੇਤ ਵਿਅਕਤੀ ਗ੍ਰਿ.ਫਤਾਰ

ਕਪੂਰਥਲਾ 27 ਅਪ੍ਰੈਲ। ਥਾਣਾ ਸਦਰ ਕਪੂਰਥਲਾ ਦੀ ਪੁਲਸ ਨੇ ਵਿਸ਼ੇਸ਼ ਮੁਹਿੰਮ ਦੌਰਾਨ ਇਕ ਨੌਜਵਾਨ ਨੂੰ ਗ੍ਰਿਫ਼ਤਾਰ ਕਰਕੇ ਉਸ ਕੋਲੋਂ ਇਕ ਵਿਦੇਸ਼ੀ ਪਿਸਤੌਲ ਤੇ 6 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਮੁਲਜ਼ਮ ਖ਼?ਲਾਫ਼ ਥਾਣਾ ਸਦਰ ’ਚ ਮਾਮਲਾ ਦਰਜ ਕਰ ਲਿਆ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਡੀ. ਐੱਸ. ਪੀ. ਸ਼ੀਤਲ ਸਿੰਘ ਨੇ ਦੱਸਿਆ ਕਿ ਐੱਸ. ਐੱਸ. ਪੀ. ਕਪੂਰਥਲਾ ਗੌਰਵ ਤੂਰਾ ਦੇ ਹੁਕਮਾਂ ’ਤੇ ਜ਼ਿਲ੍ਹਾ ਪੱਧਰੀ ਅਪਰਾਧ ਵਿਰੋਧੀ ਮੁਹਿੰਮ ਤਹਿਤ ਥਾਣਾ ਸਦਰ ਦੇ ਏ. ਐੱਸ. ਆਈ. ਗੁਰਮੀਤ ਸਿੰਘ ਆਪਣੀ ਪੁਲਸ ਟੀਮ ਦੇ ਨਾਲ ਪਿੰਡ ਰਜ਼ਾਪੁਰ ਤੋਂ ਸਿੱਧਵਾਂ ਦੋਨਾਂ ਵੱਲ ਗਸ਼ਤ ਕਰ ਰਹੇ ਸਨ। ਇਸ ਦੌਰਾਨ ਇਕ ਨੌਜਵਾਨ ਨੂੰ ਸਿੱਧਵਾਂ ਦੋਨਾਂ ਸਟੇਡੀਅਮ ਦੇ ਨੇੜੇ ਪੈਦਲ ਆਉਂਦਾ ਵਿਖਾਈ ਦਿੱਤਾ। ਪੁਲਸ ਨੂੰ ਵੇਖ ਕੇ ਉਹ ਡਰ ਗਿਆ ਅਤੇ ਪਿੱਛੇ ਮੁੜ ਕੇ ਭੱਜਣ ਲੱਗ ਪਿਆ। ਸ਼ੱਕ ਦੇ ਆਧਾਰ ’ਤੇ ਕਾਰਵਾਈ ਕਰਦੇ ਪੁਲਸ ਟੀਮ ਨੇ ਤੁਰੰਤ ਉਸ ਨੂੰ ਕਾਬੂ ਕਰ ਲਿਆ। ਪੁੱਛਗਿੱਛ ਦੌਰਾਨ ਮੁਲਜ਼ਮ ਨੇ ਆਪਣੀ ਪਛਾਣ ਹਰਜਿੰਦਰ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀ ਪਿੰਡ ਸਿੱਧਵਾਂ ਦੋਨਾ ਵਜੋਂ ਕਰਵਾਈ। ਮੁਲਜ਼ਮ ਦੀ ਤਲਾਸ਼ੀ ਲੈਣ ’ਤੇ ਪੁਲਸ ਨੇ ਇਕ ਆਸਟ?ਰੇਲੀਆ ਮੇਡ ਗਲੌਕ ਪਿਸਤੌਲ, ਇਕ ਮੈਗਜ਼ੀਨ ਅਤੇ 6 ਜ਼ਿੰਦਾ ਕਾਰਤੂਸ ਬਰਾਮਦ ਕੀਤੇ। ਜਿਸ ਦੇ ਆਧਾਰ ’ਤੇ ਮੁਲਜ਼ਮ ਖ਼?ਲਾਫ਼ ਥਾਣਾ ਸਦਰ ਕਪੂਰਥਲਾ ਵਿਖੇ ਮਾਮਲਾ ਦਰਜ ਕਰ ਲਿਆ ਗਿਆ ਅਤੇ ਉਸ ਨੂੰ ਅਦਾਲਤ ਵਿਚ ਪੇਸ਼ ਕੀਤਾ ਗਿਆ, ਜਿੱਥੇ ਅਦਾਲਤ ਨੇ ਉਸ ਨੂੰ ਦੋ ਦਿਨਾਂ ਦੀ ਪੁਲਸ ਹਿਰਾਸਤ ਵਿਚ ਭੇਜ ਦਿੱਤਾ। ਮੁਲਜ਼ਮ ਤੋਂ ਪੁੱਛਗਿੱਛ ਜਾਰੀ ਹੈ। ਪੁੱਛਗਿੱਛ ਦੌਰਾਨ ਮੁਲਜ਼ਮ ਤੋਂ ਹੋਰ ਵੀ ਸਨਸਨੀਖੇਜ਼ ਖੁਲਾਸੇ ਹੋਣ ਦੀ ਸੰਭਾਵਨਾ ਹੈ।

## ਥਾਣੇ ’ਚ ਸੀ. ਸੀ. ਟੀ. ਵੀ. ਨਾ ਲਾਉਣ ’ਤੇ ਫਸੀ ਪੰਜਾਬ ਪੁਲਸ, ਹਾਈ ਕੋਰਟ ਮੰਗਿਆ ਜਵਾਬ

**ਕੌਮੀ ਪਤ੍ਰਿਕਾ**

ਪਟਿਆਲਾ 27 ਅਪ੍ਰੈਲ। ਥਾਣੇ ’ਚ ਸੀ. ਸੀ. ਟੀ. ਵੀ. ਕੈਮਰਾ ਨਾ ਲਾਉਣ ਦੇ ਇਕ ਮਾਮਲੇ ’ਚ ਪੰਜਾਬ ਤੇ ਹਰਿਆਣਾ ਹਾਈ ਕੋਰਟ ’ਚ ਦਾਇਰ ਹੋਈ ਇਕ ਕੰਟੈਂਪਟ ਪਟੀਸ਼ਨ ’ਚ ਪੰਜਾਬ ਪੁਲਸ ਘਿਰਦੀ ਹੋਈ ਨਜ਼ਰ ਆ ਰਹੀ ਹੈ। ਹਾਈ ਕੋਰਟ ਨੇ ਉਕਤ ਮਾਮਲੇ ’ਚ ਪੰਜਾਬ ਪੁਲਸ ਦੇ ਡੀ. ਜੀ. ਪੀ. ਸਣੇ ਕਈ ਹੋਰ ਸੀਨੀਅਰ ਪੁਲਸ ਅਧਿਕਾਰੀਆਂ ਨੂੰ ਨੋਟਿਸ ਜਾਰੀ ਕਰ ਕੇ ਇਸ ਦਾ ਜਵਾਬ ਮੰਗਿਆ ਹੈ। ਇਸ ਸਬੰਧੀ ਪਟਿਆਲਾ ਜੇਲ ’ਚ ਬੰਦ ਕੈਦੀ ਅਮਨ ਪ੍ਰਜਾਪਤ ਨੇ ਆਪਣੇ ਵਕੀਲ ਐਡਵੋਕੇਟ ਮਯੂਰ ਕਰਕਰਾ ਰਾਹੀਂ ਪਟੀਸ਼ਨ ਦਾਇਰ ਕੀਤੀ ਸੀ। ਹਾਈ ਕੋਰਟ ਵੱਲੋਂ ਨੋਟਿਸ ਜਾਰੀ ਹੋਣ ਉਪਰੰਤ ਐਡਵੋਕੇਟ ਮਯੂਰ ਕਰਕਰਾ ਨੇ ਦੱਸਿਆ ਕਿ ਉਨ੍ਹਾਂ ਦੇ ਕਲਾਇੰਟ ਅਮਨ ਪ੍ਰਜਾਪਤ ਨੇ ਪੰਜਾਬ ਪੁਲਸ ਖਿਲਾਫ ਇਕ ਪਟੀਸ਼ਨ ਦਾਇਰ ਕੀਤੀ, ਜਿਸ ’ਚ ਪੰਜਾਬ ਪੁਲਸ ’ਤੇ ਸੁਪਰੀਮ ਕੋਰਟ ਅਤੇ ਹਾਈ ਕੋਰਟ ਦੇ ਹੁਕਮਾਂ ਦਾ ਘੋਰ ਉਲੰਘਣ ਕਰਨ ਦਾ ਇਲਜ਼ਾਮ ਲਾਇਆ ਹੈ। ਪਟੀਸ਼ਨ ’ਚ ਦਾਅਵਾ ਕੀਤਾ ਗਿਆ ਹੈ ਕਿ ਸੁਪਰੀਮ ਕੋਰਟ ਨੇ ਸੂਬੇ ਦੇ ਹਰ ਪੁਲਸ ਥਾਣੇ ਅਤੇ ਪੁਲਸ ਚੌਕੀ ’ਚ ਸੀ. ਸੀ. ਟੀ. ਵੀ. ਕੈਮਰੇ ਲਾਉਣੇ ਲਾਜ਼ਮੀ ਕੀਤੇ ਸਨ ਪਰ ਪਟਿਆਲਾ ਪੁਲਸ ਨੇ ਸਰਵਉੱਚ ਅਦਾਲਤ ਦੇ




ਹੁਕਮਾਂ ਦੀ ਉਲੰਘਣਾ ਕਰਦਿਆਂ ਕੈਮਰੇ ਨਹੀਂ ਲਾਏ। ਪਟੀਸ਼ਨਰ ਵੱਲੋਂ ਵਕੀਲ ਮਯੂਰ ਕਰਕਰਾ ਨੇ ਅਦਾਲਤ ’ਚ ਅਮਨ ਪ੍ਰਜਾਪਤ ਦਾ ਪੱਖ ਰੱਖਿਆ, ਸਾਰੇ ਪੱਖਾਂ ਨੂੰ ਸੁਣਨ ਤੋਂ ਬਾਅਦ ਹਾਈ ਕੋਰਟ ਨੇ ਨੋਟਿਸ ਆਫ ਮੋਸ਼ਨ ਜਾਰੀ ਕਰਦਿਆਂ ਪੰਜਾਬ ਪੁਲਸ ਨੂੰ 30 ਅਪ੍ਰੈਲ 2026 ਤੱਕ ਆਪਣਾ ਜਵਾਬ ਦਾਅਵਾ ਪੇਸ਼ ਕਰਨ ਦਾ ਹੁਕਮ ਸੁਣਾਇਆ ਹੈ। ਕਰਕਰਾ ਨੇ ਦੱਸਿਆ ਕਿ ਉਕਤ ਮਾਮਲਾ ਮਾਮਲਾ ਐੱਫ. ਆਈ. ਆਰ. ਨੰਬਰ 28 ਮਿਤੀ 28.03.2024 ਨਾਲ ਸਬੰਧਤ ਹੈ, ਜੋ ਕਿ ਐੱਨ. ਡੀ. ਪੀ. ਐੱਸ. ਐਕਟ ਹੇਠ ਪੁਲਸ ਥਾਣਾ ਸਦਰ ਪਟਿਆਲਾ ’ਚ ਦਰਜ ਕੀਤੀ ਗਈ ਸੀ। ਪਟੀਸ਼ਨਰ ਦਾ ਦੋਸ਼ ਹੈ ਕਿ ਪੁਲਸ ਪੋਸਟ ਬਹਾਦੁਰਗੜ੍ਹ ’ਚ ਕੋਈ ਸੀ. ਸੀ. ਟੀ. ਵੀ. ਕੈਮਰਾ ਲੱਗਿਆ ਨਹੀਂ ਸੀ, ਜਿਸ ਕਾਰਨ ਉਸ ਦੇ ਮੁਕੱਦਮੇ ਨਾਲ ਸਬੰਧਤ ਅਹਿਮ ਸਬੂਤ ਉਪਲੱਬਧ ਨਹੀਂ ਹੋ ਸਕੇ। ਟਰਾਇਲ ਦੌਰਾਨ ਪੁਲਸ ਗਵਾਹਾਂ ਵੱਲੋਂ ਵੀ ਇਹ ਮੰਨਿਆ ਗਿਆ ਕਿ ਸਬੰਧਤ ਪੁਲਸ ਪੋਸਟ ’ਤੇ ਸੀ. ਸੀ. ਟੀ. ਵੀ. ਮੌਜੂਦ ਨਹੀਂ ਸਨ, ਜਿਸ ਨਾਲ ਕੰਪਲਾਇੰਸ ਰਿਪੋਰਟਾਂ ’ਤੇ ਸਵਾਲ ਖੜ੍ਹਦੇ ਹਨ। ਪਟੀਸ਼ਨਰ ਨੇ ਇਸ ਨੂੰ ਆਰਟੀਕਲ 21 ਦੀ ਉਲੰਘਣਾ ਦੱਸਦਿਆਂ ਜ਼ਿਲੇ ਵਿਚ ਸੀ. ਸੀ. ਟੀ. ਵੀ. ਪ੍ਰਬੰਧ ਦੀ ਵਿਆਪਕ ਜਾਂਚ ਦੀ ਮੰਗ ਕੀਤੀ ਹੈ। ਜ਼ਿਕਰਯੋਗ ਹੈ ਕਿ ਪਟਿਆਲਾ ਦੀ ਅਦਾਲਤ ’ਚ ਉਕਤ ਕੇਸ ਦੀ ਪੈਰਵਾਈ ਅਪਰਾਧਿਕ ਮਾਮਲਿਆਂ ਦੇ ਸੀਨੀਅਰ ਵਕੀਲ ਸਤੀਸ਼ ਕਰਕਰਾ ਕਰ ਰਹੇ ਹਨ, ਜਿਹੜਾ ਕਿ ਵਧੀਕ ਸੈਸ਼ਨ ਜੱਜ ਹਰਜੀਤ ਸਿੰਘ ਦੀ ਅਦਾਲਤ ’ਚ ਵਿਚਾਰਅਧੀਨ ਹੈ।

## ਬਿਜਲੀ ਵਿਭਾਗ ਵੱਲੋਂ ਲਾਏ ਜਾ ਰਹੇ ਲੰਬੇ-ਲੰਬੇ ਕੱਟ, ਲੋਕ ਪਰੇਸ਼ਾਨ

**ਕੌਮੀ ਪਤ੍ਰਿਕਾ**

ਗੁਰੂਹਰਸਹਾਏ 27 ਅਪ੍ਰੈਲ। ਸ਼ਹਿਰ ’ਚ ਬਿਜਲੀ ਦੀ ਹਾਲਤ ਇੰਨੀ ਖ਼ਰਾਬ ਹੈ ਕਿ ਪਿਛਲੇ ਕੁੱਝ ਦਿਨਾਂ ਤੋਂ ਲਗਾਤਾਰ ਬਿਜਲੀ ਵਿਭਾਗ ਵੱਲੋਂ ਬਹੁਤ ਲੰਬੇ-ਲੰਬੇ ਕੱਟ ਲਾਏ ਜਾ ਰਹੇ ਹਨ ਅਤੇ ਕਈ-ਕਈ ਘੰਟੇ ਬਿਜਲੀ ਨਹੀਂ ਆਉਂਦੀ, ਜਿਸ ਕਾਰਨ ਲੋਕ ਪਰੇਸ਼ਾਨੀ ’ਚ ਜ਼ਿੰਦਗੀ ਜੀਅ ਰਹੇ ਹਨ। ਜਾਣਕਾਰੀ ਦਿੰਦੇ ਹੋਏ ਸ਼ਹਿਰ ਵਾਸੀਆਂ ਅਤੇ ਵੱਖ-ਵੱਖ ਕਾਲੋਨੀਆਂ ’ਚ ਰਹਿਣ ਵਾਲੇ ਲੋਕਾਂ ਨੇ ਦੱਸਿਆ ਕਿ ਅਜੇ ਤਾਂ ਇੰਨੀ ਜ਼ਿਆਦਾ ਗਰਮੀ ਵੀ ਨਹੀਂ ਪਈ ਹੈ ਪਰ ਪਿਛਲੇ ਕੁੱਝ ਦਿਨਾਂ ਤੋਂ ਲਗਾਤਾਰ ਬਿਜਲੀ ਦੇ ਲੰਬੇ ਕੱਟ ਲਾਏ ਜਾ ਰਹੇ ਹਨ ਅਤੇ ਕਈ-ਕਈ ਘੰਟੇ ਲਾਈਟ ਨਹੀਂ ਆਉਂਦੀ। ਉਨ੍ਹਾਂ ਦੇ ਘਰਾਂ ’ਚ ਲੱਗੇ ਇਨਵਰਟਰ ਵੀ ਕੁੱਝ ਘੰਟਿਆਂ ਬਾਅਦ ਬੰਦ ਹੋ ਜਾਂਦੇ ਹਨ, ਲੋਕਾਂ ਨੂੰ ਮਹਿੰਗੇ ਭਾਅ ’ਤੇ ਡੀਜ਼ਲ ਖ਼ਰੀਦ ਕੇ ਜਨਰੇਟਰ ’ਚ ਪਾ ਕੇ ਚਲਾਉਣਾ ਪੈਂਦਾ ਹੈ। ਸ਼ਹਿਰ ਵਾਸੀਆਂ ਨੇ ਕਿਹਾ ਕਿ ਕਿਸੇ ਵੱਲੋਂ ਸੋਸ਼ਲ ਮੀਡੀਆ ’ਤੇ ਇਹ ਮੈਸੇਜ ਪਾ ਦਿੱਤਾ ਜਾਂਦਾ ਹੈ ਕਿ ਸ਼ਾਮ ਤੋਂ ਦੇਰ ਰਾਤ ਦੋ ਜਾਂ ਤਿੰਨ ਵਜੇ ਤੱਕ ਕਈ ਘੰਟੇ ਬਿਜਲੀ ਦਾ ਲੰਬਾ ਕੱਟ ਲਾਇਆ ਜਾ ਰਿਹਾ ਹੈ, ਜਿਸ ਕਾਰਨ ਰਾਤ ਨੂੰ ਅਜਿਹਾ ਲੱਗਦਾ ਹੈ ਜਿਵੇਂ ਸ਼ਹਿਰ ’ਚ ਬਲੈਕਆਊਟ ਹੋ ਗਿਆ ਹੋਵੇ ਅਤੇ ਹਨ੍ਹੇਰਾ ਹੀ ਹਨ੍ਹੇਰਾ ਛਾ ਜਾਂਦਾ ਹੈ। ਲਾਈਟ ਨਾ ਹੋਣ ਕਾਰਨ ਬੱਚਿਆਂ ਦੀ ਨੀਂਦ ਖ਼ਰਾਬ ਹੋ ਜਾਂਦੀ ਹੈ ਅਤੇ ਨੀਂਦ ਪੂਰੀ ਨਾ ਹੋਣ



ਕਾਰਨ ਉਨ੍ਹਾਂ ਨੂੰ ਸਕੂਲ ਜਾਣ ’ਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਦੇ ਨਾਲ ਹੀ ਫਰਿੱਜ ’ਚ ਰੱਖਿਆ ਘਰੇਲੂ ਸਮਾਨ ਵੀ ਖ਼ਰਾਬ ਹੋ ਜਾਂਦਾ ਹੈ ਅਤੇ ਕਾਫੀ ਨੁਕਸਾਨ ਵੀ ਹੋ ਜਾਂਦਾ ਹੈ। ਇਸ ਦੇ ਨਾਲ ਹੀ ਸ਼ਹਿਰ ਦੇ ਟਾਊਨ ਨੰਬਰ-4 ’ਚ ਰਹਿਣ ਵਾਲੇ ਸ਼ਹਿਰ ਵਾਸੀਆਂ ਨੇ ਦੱਸਿਆ ਕਿ ਇਸ ਟਾਊਨ ਦੀ ਲਾਈਟ ਬਹੁਤ ਜ਼ਿਆਦਾ ਜਾਂਦੀ ਹੈ। ਜੇਕਰ ਇਸ ਦੀ ਥੋੜ੍ਹੀ ਬਹੁਤ ਲੋੜ ਘੱਟ ਕੀਤੀ ਜਾਵੇ ਜਾਂ ਇਸ ਨੂੰ ਪੂਰੀ ਤਰ੍ਹਾਂ ਨਾਲ ਸਹੀ ਤਰੀਕੇ ਨਾਲ ਚਲਾਇਆ ਜਾਵੇ, ਕਿਉਂਕਿ ਆਉਣ ਵਾਲੇ ਦਿਨਾਂ ’ਚ ਗਰਮੀ ਬਹੁਤ ਜ਼ਿਆਦਾ ਪੈਣ ਵਾਲੀ ਹੈ, ਜਿਸ ਨਾਲ ਉਨ੍ਹਾਂ ਨੂੰ ਇਸ ਸਮੱਸਿਆ ਦਾ ਸਾਹਮਣਾ ਕਰਨਾ ਪਵੇਗਾ। ਲੋਕਾਂ ਨੇ ਬਿਜਲੀ ਵਿਭਾਗ ਦੇ ਅਧਿਕਾਰੀਆਂ ਨੂੰ ਅਪੀਲ ਕੀਤੀ ਹੈ ਕਿ ਗਰਮੀ ਪੈਣ ਤੋਂ ਪਹਿਲਾਂ ਸ਼ਹਿਰ ਦੇ ਟਾਊਨ ਨੰਬਰ ਚਾਰ ਅਤੇ ਹੋਰ ਜਿੱਥੇ ਵੀ ਸਮੱਸਿਆ ਆ ਰਹੀ ਹੈ, ਉਨ੍ਹਾਂ ਦਾ ਪਹਿਲ ਦੇ ਆਧਾਰ ’ਤੇ ਹੱਲ ਕੀਤਾ ਜਾਵੇ, ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਕਈ ਸ਼ਹਿਰ ਵਾਸੀਆਂ ਨੇ ਆਪਣੇ ਸੋਸ਼ਲ ਮੀਡੀਆ ਪੇਜ ’ਤੇ ਸਰਕਾਰ ਅਤੇ ਬਿਜਲੀ ਵਿਭਾਗ ਦੇ ਕਰਮਚਾਰੀਆਂ ਖ਼?ਲਾਫ਼ ਰੋਸ ਜਤਾਇਆ ਅਤੇ ਕਿਹਾ ਕਿ ਆਉਣ ਵਾਲੇ ਸਮੇਂ ’ਚ ਜੇਕਰ ਬਿਜਲੀ ਪੂਰੀ ਤਰ੍ਹਾਂ ਸ਼ਹਿਰ ਵਾਸੀਆਂ ਨੂੰ ਨਹੀਂ ਮਿਲੀ ਤਾਂ ਉਹ ਇਕਜੁੱਟ ਹੋ ਕੇ ਬਿਜਲੀ ਘਰ ਦਾ ਘਿਰਾਓ ਕਰਨਗੇ ਅਤੇ ਧਰਨਾ ਦੇਣਗੇ।

## ਤਰੁਣ ਚੁੱਘ ਨੇ ਸੰਸਦ ਮੈਂਬਰਾਂ ਦੇ ਨਿਵਾਸਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਕੀਤੀ ਮੰਗ

ਚੰਡੀਗੜ੍ਹ 27 ਅਪ੍ਰੈਲ। ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਸ਼ਨੀਵਾਰ ਨੂੰ ਸੰਸਦ ਮੈਂਬਰਾਂ ਦੇ ਨਿਵਾਸਾਂ ਦੀ ਸੁਰੱਖਿਆ ਯਕੀਨੀ ਬਣਾਉਣ ਵਿੱਚ ਨਾਕਾਮ ਰਹਿਣ ’ਤੇ ਪੰਜਾਬ ਪੁਲਸ ਦੀ ਕੜੀ ਆਲੋਚਨਾ ਕੀਤੀ। ਉਨ੍ਹਾਂ ਨੇ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ ਨਾਲ ਜੁੜੇ ਕਥਿਤ ਰਾਜਨੀਤਿਕ ਗੁੰਡਿਆਂ ਵੱਲੋਂ ਕੀਤੇ ਜਾ ਰਹੇ ਹਮਲਿਆਂ ਤੋਂ ਜਨ ਪ੍ਰਤਿਨਿਧੀਆਂ ਦੇ ਘਰਾਂ ਦੀ ਸੁਰੱਖਿਆ ਨਹੀਂ ਹੋ ਰਹੀ। ਚੁੱਘ ਨੇ ਕਿਹਾ ਕਿ ਜੇਕਰ ਪੰਜਾਬ ਪੁਲਸ ਸੰਵਿਧਾਨਕ ਅਹੁਦਿਆਂ ’ਤੇ ਬੈਠੇ ਜਨ ਪ੍ਰਤਿਨਿਧੀਆਂ ਦੀ ਸੁਰੱਖਿਆ ਯਕੀਨੀ ਬਣਾਉਣ ਵਿੱਚ ਅਸਮਰਥ ਹੈ, ਤਾਂ ਹੁਣ ਸਮਾਂ ਆ ਗਿਆ ਹੈ ਕਿ ਕੇਂਦਰੀ ਸੁਰੱਖਿਆ ਬਲ ਇਹ ਜ਼ਿੰਮੇਵਾਰੀ ਆਪਣੇ ਹੱਥ ਵਿੱਚ ਲੈਣ। ਉਨ੍ਹਾਂ ਨੇ ਅੱਗੇ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ ਸੂਬੇ ਵਿੱਚ ਪੂਰੀ ਤਰ੍ਹਾਂ ਨਾਕਾਮ ਹੋ ਚੁੱਕੀ ਹੈ। ਚੁੱਘ ਨੇ ਕਿਹਾ ਕਿ ਪੰਜਾਬ ਦੇ ਰਾਜਸਭਾ ਮੈਂਬਰਾਂ ਨਾਲ ਸੰਬੰਧਿਤ ਹਾਲੀਆ ਘਟਨਾਕ੍ਰਮ ਨੇ ਪਾਰਟੀ ਦੇ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਨਾਕਾਮੀ ਨੂੰ ਬੇਨਕਾਬ ਕਰ ਦਿੱਤਾ ਹੈ। ਉਨ੍ਹਾਂ ਨੇ ਦਾਅਵਾ ਕੀਤਾ ਕਿ ਆਪ ਸਰਕਾਰ ਦੇ ਸ਼ਾਸਨ ਹੇਠ ਪੰਜਾਬ ਮਾਫੀਆ ਅਤੇ ਗੈਂਗਸਟਰਾਂ ਦੇ ਪ੍ਰਭਾਵ ਹੇਠ ਆ ਗਿਆ ਹੈ, ਜਿੱਥੇ ਪਾਰਟੀ ਦੀ ਕਥਿਤ ਛੋਟੀ ਰਾਜਨੀਤੀ ਦੇ ਵਿਚਕਾਰ ਰਾਸ਼ਟਰ-ਵਿਰੋਧੀ ਤੱਤ ਖੁੱਲ੍ਹੇਆਮ ਸਰਗਰਮ ਹਨ।

## ਪੰਜਾਬ ਦੇ ਸਰਕਾਰੀ ਸਕੂਲ ’ਚ ਸ਼ਰਮਨਾਕ ਕਾਰਾ, ਮਹਿਲਾ ਅਧਿਆਪਕ ਨੂੰ ਬਹਾਨੇ ਨਾਲ ਲੈਬ ’ਚ ਬੁਲਾਇਆ ਤੇ ਫਿਰ...

ਬਠਿੰਡਾ 27 ਅਪ੍ਰੈਲ। ਇਲਾਕੇ ਦੇ ਇਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ’ਚ ਕੰਮ ਕਰ ਰਹੀ ਮਹਿਲਾ ਅਧਿਆਪਕ ਨਾਲ ਛੇੜਛਾੜ ਅਤੇ ਬਦਸਲੂਕੀ ਦਾ ਗੰਭੀਰ ਮਾਮਲਾ ਸਾਹਮਣੇ ਆਇਆ ਹੈ। ਪੀੜਤਾ ਦੀ ਸ਼ਿਕਾਇਤ ’ਤੇ ਥਾਣਾ ਮੌੜ ਪੁਲਸ ਨੇ ਮੁਲਜ਼ਮ ਗਣਿਤ ਅਧਿਆਪਕ ਖ਼?ਲਾਫ਼ ਕੇਸ ਦਰਜ ਕਰ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੀੜਤਾ ਨੇ ਪੁਲਸ ਨੂੰ ਦਿੱਤੇ ਬਿਆਨ ’ਚ ਦੱਸਿਆ ਕਿ ਉਹ ਜੁਲਾਈ 2018 ਤੋਂ ਅਧਿਆਪਕਾ ਵਜੋਂ ਸੇਵਾ ਨਿਭਾਅ ਰਹੀ ਹੈ ਅਤੇ ਜੂਨ 2023 ਤੋਂ ਪਿੰਡ ਮੌੜ ਖੁਰਦ ਸਥਿਤ ਸਕੂਲ ’ਚ ਤਾਇਨਾਤ ਹੈ। ਸਕੂਲ ਦੀ ਸਾਇੰਸ ਲੈਬ ’ਚ ਚੱਲ ਰਹੇ ਕੰਮ ਦੌਰਾਨ ਅਲਮਾਰੀਆਂ ’ਚ ਆਈ ਖ਼ਰਾਬੀ ਨੂੰ ਲੈ ਕੇ ਇਕ ਕਮੇਟੀ ਬਣਾਈ ਗਈ ਸੀ, ਜਿਸ ’ਚ ਦੋਸ਼ੀ ਅਧਿਆਪਕ ਵੀ ਸ਼ਾਮਲ ਸੀ। ਪੀੜਤਾ ਦੇ ਅਨੁਸਾਰ ਜਦੋਂ ਉਸ ਨੇ ਅਲਮਾਰੀਆਂ ਦੀ ਸਮੱਸਿਆ ਬਾਰੇ ਮੁਲਜ਼ਮ ਨੂੰ ਦੱਸਿਆ ਤਾਂ ਉਸ ਨੇ ਲੈਬ ’ਚ ਆ ਕੇ ਦਿਖਾਉਣ ਲਈ ਕਿਹਾ। ਲੈਬ ’ਚ ਪਹੁੰਚਣ ’ਤੇ ਮੁਲਜ਼ਮ ਨੇ ਪਹਿਲਾਂ ਉਸ ’ਤੇ ਅਪਮਾਨਜਨਕ ਟਿੱਪਣੀਆਂ ਕੀਤੀਆਂ ਅਤੇ ਫਿਰ ਉਸ ਦੇ ਨੇੜੇ ਆਉਣ ਲੱਗ ਪਿਆ। ਵਿਰੋਧ ਕਰਨ ’ਤੇ ਮੁਲਜ਼ਮ ਨੇ ਜ਼ਬਰਦਸਤੀ ਉਸ ਦਾ ਹੱਥ ਫੜ ਕੇ ਛੇੜਛਾੜ ਕੀਤੀ। ਮਹਿਲਾ ਅਧਿਆਪਕ ਨੇ ਦੱਸਿਆ ਕਿ ਮੁਲਜ਼ਮ ਨੇ ਉਸ ਨੂੰ ਧਮਕੀ ਦਿੱਤੀ ਕਿ ਜੇਕਰ ਉਸ ਨੇ ਕਿਸੇ ਨੂੰ ਇਸ ਘਟਨਾ ਬਾਰੇ ਦੱਸਿਆ ਤਾਂ ਉਸ ਨੂੰ ਗੰਭੀਰ ਨਤੀਜੇ ਭੁਗਤਣੇ ਪੈਣਗੇ। ਕਿਸੇ ਤਰ੍ਹਾਂ ਉਹ ਉੱਥੋਂ ਬਚ ਕੇ ਬਾਹਰ ਆ ਗਈ ਅਤੇ ਬਾਅਦ ’ਚ ਮਹਿਲਾ ਸਟਾਫ਼ ਅਤੇ ਆਪਣੇ ਪਰਿਵਾਰ ਨੂੰ ਇਸ ਬਾਰੇ ਜਾਣਕਾਰੀ ਦਿੱਤੀ। ਘਟਨਾ ਦੀ ਸੂਚਨਾ ਮਿਲਣ ’ਤੇ ਪੀੜਤਾ ਦਾ ਪਤੀ ਅਤੇ ਸਹੁਰਾ ਸਕੂਲ ਪਹੁੰਚੇ। ਇਸ ਤੋਂ ਬਾਅਦ ਪੀੜਤਾ ਪਰਿਵਾਰ ਸਮੇਤ ਥਾਣਾ ਮੌੜ ਗਈ ਅਤੇ ਸ਼ਿਕਾਇਤ ਦਰਜ ਕਰਵਾਈ। ਪੁਲਸ ਨੇ ਮੁਲਜ਼ਮ ਅਧਿਆਪਕ ਦੇ ਖ਼?ਲਾਫ਼ ਸੰਬੰਧਿਤ ਧਾਰਾਵਾਂ ਹੇਠ ਮਾਮਲਾ ਦਰਜ ਕਰ ਲਿਆ ਹੈ। ਇਸ ਵੇਲੇ ਮੁਲਜ਼ਮ ਫ਼ਰਾਰ ਦੱਸਿਆ ਜਾ ਰਿਹਾ ਹੈ ਅਤੇ ਉਸ ਦੀ ਗ੍ਰਿਫ਼ਤਾਰੀ ਲਈ ਪੁਲਸ ਵੱਲੋਂ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ।

## ਤੰਬਾਕੂ ਦਾ ਤਿਆਗ ਕਰਕੇ ਭਾਰਤ ਦੇ ਕਰੋੜਾਂ ਪਰਿਵਾਰ ਗਰੀਬੀ ਤੋਂ ਪਾ ਸਕਦੇ ਹਨ ਨਿਜਾਤ: ਖੋਜ

**ਏਜੰਸੀਆਂ**

ਨਵੀਂ ਦਿੱਲੀ 27 ਅਪ੍ਰੈਲ। ਬ੍ਰਿਟਿਸ਼ ਮੈਡੀਕਲ ਜਰਨਲ ਗਲੋਬਲ ਹੈਲਥ ਵਿੱਚ ਪ੍ਰਕਾਸ਼ਿਤ ਇੱਕ ਤਾਜ਼ਾ ਅਧਿਐਨ ਨੇ ਇੱਕ ਹੈਰਾਨੀਜਨਕ ਤੱਥ ਪੇਸ਼ ਕੀਤਾ ਹੈ। ਇਸ ਖੋਜ ਅਨੁਸਾਰ, ਜੇਕਰ ਭਾਰਤ ਵਿੱਚ ਲੋਕ ਤੰਬਾਕੂ ਦਾ ਸੇਵਨ



ਛੱਡ ਦੇਣ, ਤਾਂ ਨਾ ਸਿਰਫ਼ ਉਨ੍ਹਾਂ ਦੀ ਸਿਹਤ ਵਿੱਚ ਸੁਧਾਰ ਹੋਵੇਗਾ, ਸਗੋਂ ਕਰੋੜਾਂ ਪਰਿਵਾਰਾਂ ਦੀ ਆਰਥਿਕ ਸਥਿਤੀ ਵੀ ਪੂਰੀ ਤਰ੍ਹਾਂ ਬਦਲ ਸਕਦੀ ਹੈ। ਅਧਿਐਨ ਦੇ ਮੁਤਾਬਕ, ਤੰਬਾਕੂ ਛੱਡਣ ਨਾਲ ਭਾਰਤ ਦੇ ਲਗਭਗ 2 ਕਰੋੜ 5 ਲੱਖ ਪਰਿਵਾਰ ਆਪਣੀ ਮੌਜੂਦਾ ਆਰਥਿਕ ਸ਼੍ਰੇਣੀ ਤੋਂ ਉੱਪਰ ਉੱਠ ਕੇ ਇੱਕ ਬਿਹਤਰ ਜੀਵਨ ਪੱਧਰ ਪ੍ਰਾਪਤ ਕਰ ਸਕਦੇ ਹਨ। ਗ੍ਰਾਮੀਣ ਅਤੇ ਸ਼ਹਿਰੀ ਲਾਭ: ਇਸ ਨਾਲ ਪੇਂਡੂ ਭਾਰਤ ਦੇ 1.70 ਕਰੋੜ ਅਤੇ ਸ਼ਹਿਰਾਂ ਦੇ 35 ਲੱਖ ਪਰਿਵਾਰਾਂ ਦੀ ਆਰਥਿਕ ਉੱਨਤੀ ਸੰਭਵ ਹੈ। ਗਰੀਬੀ ਦਾ ਖਾਤਮਾ: ਸਭ ਤੋਂ ਗਰੀਬ ਪਰਿਵਾਰਾਂ ਵਿੱਚੋਂ ਲਗਭਗ 12.4% ਪਰਿਵਾਰ ਆਪਣੀ ਬਚਤ ਨੂੰ ਜ਼ਰੂਰੀ ਵਸਤਾਂ ’ਤੇ ਖਰਚ ਕਰ ਸਕਣਗੇ, ਜਿਸ ਨਾਲ ਉਨ੍ਹਾਂ ਦੀ ਗਰੀਬੀ ਦੂਰ ਕਰਨ ਵਿੱਚ ਮਦਦ ਮਿਲੇਗੀ। ਮੱਧ ਵਰਗ ਨੂੰ ਰਾਹਤ: ਮੱਧਮ ਆਮਦਨ ਵਾਲੇ ਲਗਭਗ 71 ਲੱਖ ਪਰਿਵਾਰਾਂ ਨੂੰ ਵੀ ਇਸ ਨਾਲ ਸਿੱਧਾ ਲਾਭ ਮਿਲੇਗਾ। ਟਾਟਾ ਇੰਸਟੀਚਿਊਟ ਆਫ ਸੋਸ਼ਲ ਸਾਇੰਸਿਜ਼ ਅਤੇ ਇੰਡੀਅਨ ਕੌਂਸਲ ਆਫ ਮੈਡੀਕਲ ਰਿਸਰਚ ਦੇ ਮਾਹਿਰਾਂ ਦੀ ਟੀਮ ਨੇ ਸਾਲ 2022-23 ਦੇ ਘਰੇਲੂ ਖਪਤ ਖਰਚ ਸਰਵੇਖਣ ਦੇ ਅੰਕੜਿਆਂ ਦਾ ਵਿਸ਼ਲੇਸ਼ਣ ਕੀਤਾ ਹੈ। ਗਰੀਬ ਅਤੇ ਪੇਂਡੂ ਪਰਿਵਾਰ ਆਪਣੀ ਮਾਸਿਕ ਆਮਦਨ ਦਾ ਇੱਕ ਵੱਡਾ ਹਿੱਸਾ (6.4% ਤੋਂ 6.6%) ਬੀੜੀ, ਸਿਗਰਟ ਅਤੇ ਗੁਟਖੇ ਵਰਗੇ ਉਤਪਾਦਾਂ ’ਤੇ ਖਰਚ ਕਰ ਦਿੰਦੇ ਹਨ। ਜਿਵੇਂ-ਜਿਵੇਂ ਆਮਦਨ ਵਧਦੀ ਹੈ, ਇਸ ਖਰਚੇ ਦਾ ਪ੍ਰਤੀਸ਼ਤ ਘੱਟਦਾ ਜਾਂਦਾ ਹੈ। ਮਾਹਿਰਾਂ ਦਾ ਸੁਝਾਅ ਹੈ ਕਿ ਤੰਬਾਕੂ ਕੰਟਰੋਲ ਨੂੰ ਕੇਵਲ ਸਿਹਤ ਦੇ ਨਜ਼ਰੀਏ ਤੋਂ ਨਹੀਂ, ਸਗੋਂ ਗਰੀਬੀ ਦੇ ਖਾਤਮੇ ਦੀ ਰਣਨੀਤੀ ਵਜੋਂ ਦੇਖਿਆ ਜਾਣਾ ਚਾਹੀਦਾ ਹੈ। ਤੰਬਾਕੂ ਕਾਰਨ ਹੋਣ ਵਾਲੀਆਂ ਬਿਮਾਰੀਆਂ ਅਤੇ ਸਮੇਂ ਤੋਂ ਪਹਿਲਾਂ ਮੌਤ ਹੋਣ ਕਾਰਨ ਵਿਸ਼ਵ ਅਰਥਵਿਵਸਥਾ ਨੂੰ ਵੀ ਭਾਰੀ ਨੁਕਸਾਨ ਹੁੰਦਾ ਹੈ। ਤੰਬਾਕੂ ’ਤੇ ਖਰਚ ਹੋਣ ਵਾਲਾ ਪੈਸਾ ਅਸਲ ਵਿੱਚ ਭੋਜਨ ਅਤੇ ਸਿੱਖਿਆ ਵਰਗੀਆਂ ਬੁਨਿਆਦੀ ਲੋੜਾਂ ਵਿੱਚ ਕਟੌਤੀ ਕਰਕੇ ਆਉਂਦਾ ਹੈ।

## ਸਰਕਾਰੀ ਨੌਕਰੀ ਦਿਵਾਉਣ ਦੇ ਨਾਂ ’ਤੇ ਨੌਜਵਾਨ ਨਾਲ ਕੀਤੀ ਲੱਖਾਂ ਰੁਪਏ ਦੀ ਠੱਗੀ

**ਕੌਮੀ ਪਤ੍ਰਿਕਾ**

ਗੋਨਿਆਣਾ ਮੰਡੀ 27 ਅਪ੍ਰੈਲ। ਇਲਾਕੇ ’ਚ ਨੌਕਰੀ ਦੇ ਨਾਂ ’ਤੇ ਹੋ ਰਹੀਆਂ ਠੱਗੀਆਂ ਨੇ ਇਕ ਵਾਰ ਫਿਰ ਲੋਕਾਂ ਦੀ ਨੀਂਦ ਉਡਾ ਦਿੱਤੀ ਹੈ। ਪਿੰਡ ਗੋਨਿਆਣਾ ਕਲਾ ਨਾਲ ਸਬੰਧਤ ਇਕ ਜਵਾਨ ਨੂੰ ਨੌਕਰੀ ਦਿਵਾਉਣ ਦਾ ਸੁਫ਼ਨਾ ਵਿਖਾ ਕੇ ਲਗਭਗ 10 ਲੱਖ ਰੁਪਏ ਦੀ ਵੱਡੀ ਠੱਗੀ ਮਾਰ ਲਈ ਗਈ। ਪ੍ਰਾਪਤ ਜਾਣਕਾਰੀ ਮੁਤਾਬਕ ਠੱਗ ਨੇ ਬੜੀ ਚਾਲਾਕੀ ਨਾਲ ਪਹਿਲਾਂ ਪੀੜਤ ਦਾ ਭਰੋਸਾ ਜਿੱਤਿਆ ਅਤੇ ਆਪਣੇ ਆਪ ਨੂੰ ਵੱਡੇ ਸੰਬੰਧਾਂ ਵਾਲਾ ਵਿਅਕਤੀ ਦੱਸਦਿਆਂ ਸਰਕਾਰੀ ਨੌਕਰੀ ਲਗਵਾਉਣ ਦੇ ਝੂਠੇ ਵਾਅਦੇ ਕੀਤੇ। ਜਿਵੇਂ-ਜਿਵੇਂ ਸਮਾਂ ਬੀਤਦਾ ਗਿਆ, ਠੱਗ ਨੇ ਕਦੇ ਫਾਈਲ ਚਲਾਉਣ ਦੇ ਨਾਂ ’ਤੇ ਕਦੇ ਅਧਿਕਾਰੀਆਂ ਨੂੰ ਰਕਮ ਦੇਣ ਦਾ ਡਰ ਵਿਖਾ ਕੇ ਪੀੜਤ ਤੋਂ ਕਿਸ਼ਤਾਂ ’ਚ ਵੱਡੀ ਰਕਮ ਹਾਸਲ ਕਰ ਲਈ। ਹੈਰਾਨੀ ਦੀ ਗੱਲ ਇਹ ਹੈ ਕਿ ਇਹ ਸਾਰੀ ਰਕਮ ਇਕੋ ਇਲਾਕੇ ’ਚ ਬੁਲਾ ਕੇ ਵਸੂਲ ਕੀਤੀ ਗਈ, ਜਿਸ ਨਾਲ ਇਹ ਵੀ ਸਵਾਲ ਖੜ੍ਹੇ ਹੋ ਰਹੇ ਹਨ ਕਿ ਕੀ ਠੱਗ ਨੂੰ ਕਿਸੇ ਸਥਾਨਕ ਸਹਾਇਤਾ ਮਿਲ ਰਹੀ ਸੀ ਜਾਂ ਫਿਰ ਪ੍ਰਸ਼ਾਸਨ ਦੀ ਲਾਪ੍ਰਵਾਹੀ ਕਾਰਨ ਇਹ ਸਿਲਸਿਲਾ ਚੱਲਦਾ ਰਿਹਾ। ਜਦੋਂ ਪੀੜਤ ਨੂੰ ਲੰਮੇ ਸਮੇਂ ਤਕ ਨੌਕਰੀ ਨਹੀਂ ਮਿਲੀ ਅਤੇ ਠੱਗ ਨੇ ਫੋਨ ਉਠਾਉਣੇ ਵੀ ਬੰਦ ਕਰ ਦਿੱਤੇ ਤਾਂ ਉਸ ਨੂੰ ਆਪਣੇ ਨਾਲ ਹੋਈ ਵੱਡੀ ਧੋਖਾਦੇਹੀ ਦਾ ਅਹਿਸਾਸ ਹੋਇਆ, ਜਿਸ ਤੋਂ ਬਾਅਦ ਉਸ ਨੇ ਹਿੰਮਤ ਕਰਕੇ ਪੁਲਸ ਕੋਲ ਪਹੁੰਚ ਕੀਤੀ। ਪੁਲਸ ਨੇ ਮਾਮਲੇ ਦੀ ਗੰਭੀਰਤਾ ਨੂੰ ਵੇਖਦੇ ਹੋਏ ਮੁਲਜ਼ਮ ਵਿਅਕਤੀ ਖ਼?ਲਾਫ਼ ਕੇਸ ਦਰਜ ਕਰ ਲਿਆ ਹੈ ਅਤੇ




ਗ੍ਰਿਫ਼ਤਾਰੀ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਹੈ। ਇਸ ਘਟਨਾ ਨੇ ਨਾ ਸਿਰਫ਼ ਨੌਕਰੀ ਦੀ ਭਾਲ ਕਰ ਰਹੇ ਨੌਜਵਾਨਾਂ ਨੂੰ ਸਾਵਧਾਨ ਕੀਤਾ ਹੈ, ਸਗੋਂ ਇਹ ਵੀ ਦਰਸਾਇਆ ਹੈ ਕਿ ਅੱਜਕੱਲ੍ਹ ਬੇਰੋਜ਼ਗਾਰੀ ਦੇ ਮਾਹੌਲ ’ਚ ਕਿਵੇਂ ਠੱਗ ਲੋਕਾਂ ਦੀ ਮਜਬੂਰੀ ਦਾ ਫਾਇਦਾ ਚੁੱਕ ਰਹੇ ਹਨ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਇਸ ਤਰ੍ਹਾਂ ਦੇ ਮਾਮਲੇ ਪਹਿਲਾਂ ਵੀ ਸਾਹਮਣੇ ਆ ਚੁੱਕੇ ਹਨ ਪਰ ਸਖ਼ਤ ਕਾਰਵਾਈ ਨਾ ਹੋਣ ਕਰਕੇ ਠੱਗਾਂ ਦੇ ਹੌਂਸਲੇ ਬੁਲੰਦ ਹਨ। ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਮੁਲਜ਼ਮਾਂ ਨੂੰ ਜਲਦੀ ਕਾਬੂ ਕਰਕੇ ਸਖਤ ਸਜ਼ਾ ਦਿੱਤੀ ਜਾਵੇ, ਤਾਂ ਜੋ ਭਵਿੱਖ ’ਚ ਕੋਈ ਹੋਰ ਨਿਰਦੋਸ਼ ਵਿਅਕਤੀ ਇਸ ਤਰ੍ਹਾਂ ਦੇ ਜਾਲ ’ਚ ਨਾ ਫਸੇ।

### ਗੈਂਗਸਟਰ ਅਰਸ਼ਦੀਪ ਡੱਲਾ ਨੂੰ ਪਟਿਆਲਾ ਦੀ ਅਦਾਲਤ ਨੇ ਐਲਾਨਿਆ ਭਗੌੜਾ

ਪਟਿਆਲਾ 27 ਅਪ੍ਰੈਲ। ਮਾਣਯੋਗ ਜੇ. ਐੱਮ. ਆਈ. ਸੀ. ਪਟਿਆਲਾ ਸ਼?ਰੀਮਤੀ ਸਿਮਰਨ ਵੱਲੋਂ ਕੈਨੇਡਾ ’ਚ ਰਹਿ ਰਹੇ ਗੈਂਗਸਟਰ ਅਰਸ਼ਦੀਪ ਸਿੰਘ ਡੱਲਾ ਨੂੰ ਥਾਣਾ ਸਨੌਰ ਵਿਖੇ ਦਰਜ ਇਕ ਕੇਸ ’ਚ ਭਗੌੜਾ ਕਰਾਰ ਦਿੱਤਾ ਹੈ ਅਤੇ ਮੁੜ ਤੋਂ ਮਾਣਯੋਗ ਅਦਾਲਤ ’ਚ ਹਾਜ਼ਰ ਨਾ ਹੋਣ ਕਰਕੇ ਉਸ ਖਿਲਾਫ ਥਾਣਾ ਸਨੌਰ ਵਿਖੇ 209 ਬੀ. ਐੱਨ. ਐੱਸ. ਤਹਿਤ ਕੇਸ ਵੀ ਦਰਜ ਕੀਤਾ ਗਿਆ ਹੈ। ਅਦਾਲਤ ਦੇ ਹੁਕਮਾਂ ’ਤੇ ਅਰਸ਼ਦੀਪ ਸਿੰਘ ਪੁੱਤਰ ਚਰਨਜੀਤ ਸਿੰਘ ਵਾਸੀ ਪਿੰਡ ਡੱਲਾ ਥਾਣਾ ਮਹਿਣਾ ਜ਼ਿਲਾ ਮੋਗਾ, ਹਾਲ ਨਿਵਾਸੀ ਕੈਨੇਡਾ ਖਿਲਾਫ ਕੇਸ ਦਰਜ ਕਰਨ ਦਾ ਹੁਕਮ ਦਿੱਤਾ ਸੀ। ਅਦਾਲਤ ਨੇ ਅਰਸ਼ਦੀਪ ਸਿੰਘ ਨੂੰ 90/24 ਐੱਫ. ਆਈ. ਆਰ. ਵਿਚ ਭਗੌੜਾ ਕਰਾਰ ਦਿੱਤਾ ਗਿਆ ਸੀ। ਹੁਣ ਅਦਾਲਤ ’ਚ ਹਾਜ਼ਰ ਨਾ ਹੋਣ ਕਰ ਕੇ ਉਸ ਖਿਲਾਫ ਕੇਸ ਦਰਜ ਕਰਨ ਦੇ ਹੁਕਮ ਦਿੱਤਾ ਗਏ ਹਨ। ਡੱਲਾ ਖਿਲਾਫ ਪੰਜਾਬ ਦੇ ਕਈ ਥਾਣਿਆਂ ’ਚ ਕੇਸ ਪਹਿਲਾਂ ਹੀ ਦਰਜ ਹਨ।